ਵੀਰਵਾਰ, 19 ਨਵੰਬਰ, 2026
4 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 169

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • THURSDAY, 19 NOVEMBER, 2026 ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਸਾਡੀ ਸਰਕਾਰ 'ਚ ਹੀ ਭਲਾਈ ਸਕੀਮਾਂ ਚੱਲਣਗੀਆਂ : ਮਾਨ



ਸ਼ਾਹਕੋਟ/ਲੋਹੀਆਂ (ਗਿਆਨ ਸੈਦਪੁਰੀ/ਰੀਨਾ ਸ਼ਰਮਾ, ਯੋਗੇਸ਼ਵਰ ਸ਼ਰਮਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਦੁਹਰਾਇਆ ਕਿ ਜਿੰਨਾ ਚਿਰ ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਰਹੇਗੀ, ਓਨਾ ਸਮਾਂ ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ 1,000 ਰੁਪਏ ਮਹੀਨਾਵਾਰ ਵਿੱਤੀ ਸਹਾਇਤਾ, 10 ਲੱਖ ਰੁਪਏ ਦਾ ਸਿਹਤ ਬੀਮਾ ਅਤੇ ਮੁਫ਼ਤ ਬਿਜਲੀ ਸਮੇਤ ਸਾਰੀਆਂ ਲੋਕ ਭਲਾਈ ਗਾਰੰਟੀਆਂ ਜਾਰੀ ਰਹਿਣਗੀਆਂ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਲੋਕ ਭਲਾਈ ਤੇ ਵਿਕਾਸ ਉਨ੍ਹਾਂ ਦੀ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ।

ਜਲੰਧਰ ਦੇ ਪਿੰਡ ਦੋਨੇਵਾਲ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਹਰ ਕੋਈ ਜਾਣਦਾ ਹੈ ਕਿ ਅਕਾਲੀਆਂ ਦਾ ਇੱਕ ਪਰਵਾਰ ਅੰਗਰੇਜ਼ਾਂ ਦਾ ਪਿੱਠੂ ਸੀ ਅਤੇ ਦੇਸ਼ ਲਈ • ਬਾਕੀ ਸਫਾ 2 'ਤੇ

ਸ਼ਾਹੀ ਜੋੜੇ ਲਈ ਸੜਕਾਂ ਚਮਕਾਉਣ ਵਾਲੀ ਨਗਰ ਨਿਗਮ ਨੂੰ ਹਾਈ ਕੋਰਟ ਨੇ 'ਚਮਕਾਇਆ'



ਮੁੰਬਈ : ਬੰਬੇ ਹਾਈ ਕੋਰਟ ਨੇ ਬੁੱਧਵਾਰ ਮੁੰਬਈ ਨਗਰ ਨਿਗਮ ਨੂੰ ਦੋ ਦਿਨ ਦਿਖਾਵਾ ਕਰਨ ਲਈ ਝਾੜ ਪਾਈ, ਜਦੋਂ ਇੰਗਲੈਂਡ ਦਾ ਸ਼ਾਹੀ ਜੋੜਾ (ਪ੍ਰਿੰਸ ਵਿਲੀਅਮ ਅਤੇ ਰਾਜਕੁਮਾਰੀ ਕੈਥਰੀਨ) ਸ਼ਹਿਰ ਦੇ ਦੌਰੇ 'ਤੇ ਸਨ। ਨਾਗਰਿਕਾਂ ਲਈ ਕੂੜੇ ਦੇ ਪਹਾੜ 'ਪੱਕੀ ਨੁਮਾਇਸ਼' ਵਜੋਂ ਛੱਡ ਦਿੱਤੇ ਗਏ।

ਸ਼ਹਿਰ ਦੀਆਂ ਸੜਕਾਂ 'ਤੇ ਕੂੜਾ ਸੁੱਟਣ ਬਾਰੇ ਚਿੰਤਾਵਾਂ ਬਾਰੇ ਇੱਕ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਜਸਟਿਸ ਗਿਰੀਸ਼ ਕੁਲਕਰਨੀ ਅਤੇ ਨੀਲਾ ਗੋਖਲੇ ਦੀ ਬੈਂਚ ਨੇ ਕਿਹਾ ਕਿ ਜਦੋਂ ਦੱਖਣੀ ਮੁੰਬਈ ਵਿੱਚ ਬੈਲਾਰਡ ਅਸਟੇਟ ਸਮੇਤ ਖੇਤਰਾਂ ਨੂੰ ਸ਼ਾਹੀ ਮਹਿਮਾਨਾਂ ਲਈ 'ਚਮਕਦਾਰ' ਬਣਾਇਆ ਗਿਆ, ਨਿਗਮ ਤੇ ਸੂਬਾ ਸਰਕਾਰ ਦੇ ਅਧਿਕਾਰੀਆਂ ਨੂੰ ਮੁੰਬਈ ਦੇ ਹਰ ਵਾਰਡ ਵਿੱਚ ਨਾਗਰਿਕਾਂ ਲਈ ਇਸੇ ਤਰ੍ਹਾਂ ਦੇ ਯਤਨ ਯਕੀਨੀ ਬਣਾਉਣੇ ਚਾਹੀਦੇ ਹਨ। ਪਲਾਸਟਿਕ ਵਾਲੇ 'ਕੂੜੇ ਦੇ ਪਹਾੜ' ਬਾਰੇ ਚਿੰਤਾਵਾਂ ਜ਼ਾਹਰ ਕਰਦੇ ਹੋਏ, ਹਾਈ ਕੋਰਟ ਨੇ ਪੁੱਛਿਆ ਕਿ ਪਲਾਸਟਿਕ 'ਤੇ ਪੂਰੀ ਤਰ੍ਹਾਂ ਪਾਬੰਦੀ ਕਿਉਂ ਨਹੀਂ ਲਗਾਈ ਜਾ ਸਕਦੀ।

ਬੈਂਚ ਨੇ ਕਿਹਾ ਕਿ ਸੜਕਾਂ ਦੀ ਮੁਰੰਮਤ ਅਤੇ ਸ਼ਹਿਰ ਦੀ ਸਫਾਈ ਸਿਰਫ ਉਦੋਂ ਹੀ ਕੀਤੀ ਜਾਂਦੀ ਹੈ, ਜਦੋਂ ਵੀ ਆਈ ਪੀਜ਼ ਆਉਂਦੇ ਹਨ। ਤਾਂ ਫਿਰ ਆਮ ਲੋਕਾਂ (ਮੁੰਬਈ ਵਾਸੀਆਂ) ਨੂੰ ਇਨ੍ਹਾਂ ਸਹੂਲਤਾਂ ਤੋਂ ਕਿਉਂ ਇਨਕਾਰ ਕੀਤਾ ਜਾਂਦਾ ਹੈ? ਵਿਸ਼ੇਸ਼ ਮਹਿਮਾਨਾਂ ਦੇ ਆਉਣ 'ਤੇ ਦੋ ਦਿਨ ਸਫਾਈ ਦਿਖਾਉਣ ਦੀ ਬਜਾਏ ਸ਼ਹਿਰ ਨੂੰ ਹਮੇਸ਼ਾ ਸਾਫ ਰੱਖਣਾ ਚਾਹੀਦਾ ਹੈ।

ਦਰਅਸਲ, ਬ੍ਰਿਟੇਨ ਦੇ ਪ੍ਰਿੰਸ ਵਿਲੀਅਮ ਅਤੇ ਪ੍ਰਿੰਸੈੱਸ ਕੈਥਰੀਨ ਦੀ ਮੁੰਬਈ ਫੇਰੀ ਤੋਂ ਪਹਿਲਾਂ ਸ਼ਹਿਰ ਦੀਆਂ ਗਲੀਆਂ ਸਾਫ ਕੀਤੀਆਂ ਗਈਆਂ ਸਨ। ਇਹ ਜੋੜਾ 16 ਨਵੰਬਰ ਨੂੰ ਮੁੰਬਈ ਪਹੁੰਚਿਆ ਸੀ। 17 ਨਵੰਬਰ ਨੂੰ ਉਨ੍ਹਾਂ ਅਰਥਸ਼ਾਟ ਇਨਾਮ ਸਮਾਰੋਹ ਵਿੱਚ ਸ਼ਿਰਕਤ ਕੀਤੀ। ਇਸ ਫੇਰੀ ਦੌਰਾਨ ਉਨ੍ਹਾਂ ਸਟ੍ਰੀਟ ਕ੍ਰਿਕਟ ਖੇਡੀ, ਜਦੋਂ ਕਿ ਪ੍ਰਿੰਸ ਵਿਲੀਅਮ ਨੂੰ ਇੱਕ ਇਲੈਕਟ੍ਰਿਕ ਆਟੋ ਚਲਾਉਂਦੇ ਹੋਏ ਵੀ ਦੇਖਿਆ ਗਿਆ।

ਸੋਨੀਆ ਦੀ ਕਿਤਾਬ ਪਾੜਦੀ ਨੇ ਬਾਲ ਠਾਕਰੇ ਦੀ ਤਸਵੀਰ ਪਾੜ'ਤੀ

ਮੁੰਬਈ : ਬੁੱਧਵਾਰ ਪ੍ਰੈੱਸ ਕਾਨਫਰੰਸ ਵਿੱਚ ਸੋਨੀਆ ਗਾਂਧੀ ਦੀ ਕਿਤਾਬ 'ਬਿਲੋਂਗਿੰਗ: ਏ ਜਰਨੀ ਆਫ ਲਵ' ਪਾੜਨ ਦੌਰਾਨ ਸ਼ਿਵ ਸੈਨਾ (ਸ਼ਿੰਦੇ) ਦੀ ਆਗੂ ਸ਼ਾਇਨਾ ਐਨਸੀ ਨੇ ਗਲਤੀ ਨਾਲ ਸ਼ਿਵ ਸੈਨਾ ਦੇ ਬਾਨੀ ਬਾਲ ਠਾਕਰੇ ਦੀ ਫੋਟੋ ਪਾੜ ਦਿੱਤੀ। ਜਦੋਂ ਕਿਸੇ ਨੇ ਉਸ ਨੂੰ ਰੋਕਿਆ ਤਾਂ ਉਹ ਸ਼ਰਮਿੰਦਾ ਹੋ ਗਈ। ਇਸ ਦੌਰਾਨ ਸ਼ਿਵ ਸੈਨਾ ਨੇ ਸੋਨੀਆ ਗਾਂਧੀ ਦੀ ਕਿਤਾਬ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ, ਇਹ ਦੋਸ਼ ਲਗਾਉਂਦੇ ਹੋਏ ਕਿ ਕਿਤਾਬ ਵੀਰ ਸਾਵਰਕਰ ਅਤੇ ਮਰਾਠੀ ਪਛਾਣ ਦਾ ਅਪਮਾਨ ਕਰਦੀ ਹੈ। ਸ਼ਿਵ ਸੈਨਾ (ਯੂ ਬੀ ਟੀ) ਨੇਤਾ ਸੰਜੇ ਰਾਊਤ ਨੇ ਜਵਾਬ ਵਿੱਚ ਕਿਹਾ ਕਿ ਜਿਨ੍ਹਾਂ ਨੇ ਬਾਲਾ ਸਾਹਿਬ ਦੀ ਤਸਵੀਰ ਪਾੜੀ ਹੈ, ਉਨ੍ਹਾਂ ਨੂੰ ਜਿੱਥੇ ਵੀ ਦੇਖੋ, ਖੜਕਾ ਦਿਓ।

ਦਿੱਲੀ ਬੇਅਦਬੀ ਮਾਮਲੇ 'ਚ ਪ੍ਰਬੰਧਕ ਤੇ ਕਮੇਟੀ ਮੈਂਬਰ ਤਲਬ

ਸ੍ਰੀ ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੇ ਤਿਲਕ ਨਗਰ ਵਿੱਚ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬਪੁਰਾ ਵਿਖੇ ਇੱਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜ ਕੇ ਕੀਤੀ ਗਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀ ਨੂੰ ਸਖ਼ਤ ਸਜ਼ਾ ਦੇਣ ਦੀ ਗੱਲ ਆਖੀ ਹੈ।

ਇਸ ਮਾਮਲੇ ਵਿੱਚ ਤੁਰੰਤ ਨੋਟਿਸ ਲੈਂਦਿਆਂ ਜਥੇਦਾਰ ਗੜਗੱਜ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿੱਲੀ ਸਿੱਖ ਮਿਸ਼ਨ ਰਾਹੀਂ ਘਟਨਾ ਸੰਬੰਧੀ ਰਿਪੋਰਟ ਪ੍ਰਾਪਤ ਕੀਤੀ ਹੈ ਅਤੇ ਦਿੱਲੀ ਦੀ ਸਿੱਖ ਸੰਗਤ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਿਕਾਇਤਾਂ ਵੀ ਪ੍ਰਾਪਤ ਹੋਈਆਂ ਹਨ। ਪੁੱਜੀ ਰਿਪੋਰਟ ਅਤੇ ਸ਼ਿਕਾਇਤ ਅਨੁਸਾਰ ਇਸ ਘਟਨਾ ਅੰਦਰ ਬੇਅਦਬੀ ਹੋਣ ਤੋਂ ਬਾਅਦ ਪ੍ਰਬੰਧਕਾਂ ਨੇ ਮਾਮਲੇ ਨੂੰ ਸੰਜੀਦਗੀ ਨਾਲ ਨਹੀਂ ਲਿਆ ਅਤੇ ਗੁਰੂ ਘਰ ਅੰਦਰ ਸੁਰੱਖਿਆ ਦੇ ਪੁਖਤਾ ਪ੍ਰਬੰਧਾਂ ਵਿੱਚ ਅਣਗਹਿਲੀ ਵਰਤੀ ਹੈ, ਜਿਸ ਕਰਕੇ ਸਿੱਖ ਸੰਗਤ ਦੇ ਮਨਾਂ ਵਿੱਚ ਭਾਰੀ ਰੋਸ ਹੈ। ਜਥੇਦਾਰ ਗੜਗੱਜ ਨੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਰਮਿੰਦਰ ਸਿੰਘ ਅਤੇ ਬੀਬੀ ਰਣਜੀਤ ਕੌਰ, ਗੁਰਦੁਆਰਾ ਸਾਹਿਬ ਦੀ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਪ੍ਰੇਮ ਸਿੰਘ, ਮਨਮੋਹਨ ਸਿੰਘ, ਸਰੂਪ ਸਿੰਘ, ਹਰਬੀਰ ਸਿੰਘ ਅਤੇ ਸੁਖਦੇਵ ਸਿੰਘ ਸਮੇਤ ਸਮੁੱਚੀ ਮੈਨੇਜਮੈਂਟ ਕਮੇਟੀ ਨੂੰ 21 ਨਵੰਬਰ ਨੂੰ ਸਵੇਰੇ 11 ਵਜੇ ਆਪਣੇ ਲਿਖਤੀ ਸਪੱਸ਼ਟੀਕਰਨ ਲੈ ਕੇ ਨਿੱਜੀ ਰੂਪ ਵਿੱਚ ਪੇਸ਼ ਹੋਣ ਦਾ ਆਦੇਸ਼ ਕੀਤਾ ਹੈ। ਉਹਨਾ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਮਿੱਥ ਕੇ ਬੇਅਦਬੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਿੱਲੀ ਦੇ ਤਿਲਕ ਨਗਰ ਵਿੱਚ ਵਾਪਰੀ ਘਟਨਾ ਵੀ ਇਸੇ ਲੜੀ ਦਾ ਹਿੱਸਾ ਜਾਪਦੀ ਹੈ। ਉਨ੍ਹਾ ਕਿਹਾ ਕਿ ਬੇਅਦਬੀ ਕਰਨ ਵਾਲੇ ਦੋਸ਼ੀ ਦੀ ਮਨਸ਼ਾ ਅਤੇ ਇਸ ਪਿੱਛੇ ਕਿਹੜੀਆਂ ਤਾਕਤਾਂ ਕੰਮ ਕਰ ਰਹੀਆਂ ਹਨ, ਨਸ਼ਰ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਦੇਸ਼-ਵਿਦੇਸ਼ ਦੇ ਸਮੂਹ ਗੁਰਦੁਆਰਾ ਪ੍ਰਬੰਧਕਾਂ ਨੂੰ ਤਾਕੀਦ ਕੀਤੀ ਕਿ ਉਹ ਆਪੋ-ਆਪਣੇ ਅਸਥਾਨਾਂ ਉੱਤੇ ਸੁਰੱਖਿਆ ਦੇ ਪ੍ਰਬੰਧ ਪੁਖਤਾ ਰੱਖਣ ਅਤੇ ਹਰ ਸਮੇਂ ਪਹਿਰੇਦਾਰੀ ਯਕੀਨੀ ਬਣਾਉਣ। ਉਨ੍ਹਾ ਕਿਹਾ ਕਿ ਸੁਰੱਖਿਆ ਅਤੇ ਪ੍ਰਬੰਧਾਂ ਵਿੱਚ ਅਣਗਹਿਲੀ ਕਰਨ ਵਾਲੇ ਪ੍ਰਬੰਧਕਾਂ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉ ਨ ਾ • ਬਾਕੀ ਸਫਾ 2 'ਤੇ

ਅਕਾਲੀ ਦਲ ਦਾ ਸਮਰਥਨ



ਚੰਡੀਗੜ੍ਹ : ਭਾਰਤੀ ਕਿਸਾਨ ਯੂਨੀਅਨ ਪੰਜਾਬ (ਲੱਖੋਵਾਲ) ਦੇ ਆਗੂਆਂ ਅਜਮੇਰ ਸਿੰਘ ਲੱਖੋਵਾਲ, ਹਰਿੰਦਰ ਸਿੰਘ ਲੱਖੋਵਾਲ ਅਤੇ ਮੈਂਬਰਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ 'ਪੂਰਨ ਅਤੇ ਬਿਨਾਂ ਸ਼ਰਤ ਸਮਰਥਨ' ਦੇਣ ਲਈ ਧੰਨਵਾਦ ਕਰਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੁੱਧਵਾਰ ਭਰੋਸਾ ਦਿਵਾਇਆ ਕਿ 2027 ਵਿੱਚ ਸਰਕਾਰ ਬਣਨ 'ਤੇ ਕਿਸਾਨ ਭਾਈਚਾਰੇ ਦੇ ਸਾਰੇ ਮਸਲੇ ਹੱਲ ਕੀਤੇ ਜਾਣਗੇ। ਉਨ੍ਹਾ ਇਸ ਸਮਰਥਨ ਨੂੰ ਸ਼੍ਰੋਮਣੀ ਅਕਾਲੀ ਦਲ ਲਈ 'ਵੱਡਾ ਹੁਲਾਰਾ' ਕਰਾਰ ਦਿੱਤਾ।

ਕਾਮਰੇਡ ਦਰਸ਼ਨ ਸਿੰਘ ਮਿਸ਼ਰੀਵਾਲਾ ਨਹੀਂ ਰਹੇ



ਮੋਗਾ : ਉਘੇ ਕਮਿਊਨਿਸਟ ਆਗੂ ਕਾਮਰੇਡ ਦਰਸ਼ਨ ਸਿੰਘ ਮਿਸ਼ਰੀਵਾਲਾ, ਜੋ ਲੰਬਾ ਸਮਾਂ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਿਰੋਜ਼ਪੁਰ ਦੇ ਸਕੱਤਰ ਅਤੇ ਸੂਬਾ ਕੌਂਸਲ ਤੇ ਕਾਰਜਕਾਰਨੀ ਦੇ ਮੈਂਬਰ ਰਹੇ, ਬੁੱਧਵਾਰ ਸਦੀਵੀ ਵਿਛੋੜਾ ਦੇ ਗਏ। ਵੱਡੀ ਉਮਰ ਕਾਰਨ ਕਰੀਬ ਅੱਠ ਸਾਲ ਪਹਿਲਾਂ ਉਹਨਾ ਪਾਰਟੀ ਸਰਗਰਮੀਆਂ ਤੋਂ ਛੁੱਟੀ ਲੈ ਲਈ ਸੀ। ਉਹ ਅੱਜਕੱਲ੍ਹ ਆਪਣੇ ਪੁੱਤਰ ਹਰਜੀਤ ਸਿੰਘ ਕੋਲ ਮੋਗਾ ਵਿਖੇ ਰਹਿ ਰਹੇ ਸਨ। ਪਿਛਲੇ ਕੁਝ ਸਾਲਾਂ ਤੋਂ ਉਹ ਪਰਵਾਰ ਦੀ ਸੇਵਾ-ਸੰਭਾਲ ਵਿਚ ਸਨ।ਉਹ ਪੂਰੀ ਉਮਰ ਕਮਿਊਨਿਸਟ ਆਦਰਸ਼ਾਂ ਅਨੁਸਾਰ ਸਰਗਰਮ ਰਹੇ।ਉਹ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਹਰ ਬਰਸੀ 'ਤੇ ਹਾਜ਼ਰ ਹੁੰਦੇ ਸਨ। ਇਸ ਵਾਰ ਉਹਨਾ ਦੇ ਵੱਡੇ ਪੁੱਤਰ ਕਰਮਜੀਤ ਸਿੰਘ ਨੇ ਉਹਨਾ ਦੀ ਹਾਜ਼ਰੀ ਲਗਵਾਉਂਦਿਆਂ ਦੱਸਿਆ ਸੀ ਕਿ ਉਹ ਸਿਹਤਯਾਬ ਨਹੀਂ ਹਨ, ਉਹਨਾ ਮੈਨੂੰ ਹਦਾਇਤ ਕੀਤੀ ਹੈ, ਇਸ ਲਈ ਮੈਂ ਉਹਨਾ ਦੀ ਹਾਜ਼ਰੀ ਰਾਹੀਂ ਸ਼ਰਧਾਂਜਲੀ ਭੇਟ ਕਰਦਾ ਹਾਂ। ਅਜਿਹੇ ਤਜਰਬੇਕਾਰ ਸਾਥੀ ਦਾ ਵਿਛੋੜਾ ਬਹੁਤ ਵੱਡਾ ਘਾਟਾ ਹੈ। ਸੀ ਪੀ ਆਈ ਉਹਨਾ ਨੂੰ ਸ਼ਰਧਾਂਜਲੀ ਭੇਟ ਕਰਦੀ ਹੈ।

ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ


ਅਸ਼ੋਕ ਸ਼ਰਮਾ ਫਿਰੋਜ਼ਪੁਰ 81468-22544


ਦਰਸ਼ਨ ਜਿੰਦਲ ਰਾਮਪੁਰਾ ਫੂਲ 94172-27460


ਜਸਵੀਰ ਕਾਜਲ ਅੱਡਾ ਸਰਾਂ 99151-17589


ਹਰਿੰਦਰਪਾਲ ਸਿੰਘ ਜੰਡਿਆਲਾ ਗੁਰੂ 81463-05444


ਰਾਜ ਖੁਰਮੀ ਭਵਾਨੀਗੜ੍ਹ 94174-61292


ਮਨਜੀਤ ਮਾਨ ਕਪੂਰਥਲਾ 94630-83363

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ

ਵਿਸ਼ੇਸ਼ ਸਪਲੀਮੈਂਟ

ਧੰਨ ਧੰਨ ਬਾਬਾ ਸ਼ਾਮ ਸਿੰਘ ਜੀ ਨਾਰਲਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਤ **ਭਿੰਖੀਵਿੰਡ** ਤੋਂ ਵਿਸ਼ੇਸ਼ ਸਪਲੀਮੈਂਟ 25 ਨਵੰਬਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਲਖਵਿੰਦਰ ਸਿੰਘ ਗੋਲ੍ਹਣ** ਨਾਲ ਮੋਬਾਇਲ 98147-70122 'ਤੇ ਸੰਪਰਕ ਕਰੋ। *-ਜਨਰਲ ਮੈਨੇਜਰ*

ਲੇਬਰ ਕੋਡਜ਼ ਲਾਗੂ ਕਰਕੇ ਸਰਕਾਰ ਨੇ ਕਾਰਪੋਰੇਟਾਂ ਦਾ ਸਾਥ ਦਿੱਤਾ : ਧਾਲੀਵਾਲ



ਪਟਿਆਲਾ : ਮੋਦੀ ਸਰਕਾਰ ਵੱਲੋਂ 29 ਲੇਬਰ ਕਾਨੂੰਨ ਤੋੜ ਕੇ ਬਣਾਏ ਗਏ ਚਾਰ ਲੇਬਰ ਕੋਡਜ਼ ਨੂੰ ਪੰਜਾਬ ਦੀ ਮਾਨ ਸਰਕਾਰ ਵੱਲੋਂ ਰੂਲਜ਼ ਬਣਾ ਕੇ ਲਾਗੂ ਕਰਨ ਦੇ ਵਿਰੋਧ ਵਿੱਚ ਸਹਾਇਕ ਕਿਰਤ ਕਮਿਸ਼ਨਰ ਦੇ ਦਫਤਰ ਦੇ ਸਾਹਮਣੇ ਬੁੱਧਵਾਰ ਪੰਜਾਬ ਏਟਕ ਦੇ ਸੱਦੇ 'ਤੇ ਟਰੇਡ ਯੂਨੀਅਨ ਕੌਂਸਲ ਵੱਲੋਂ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ ਅਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਮੁਜ਼ਾਹਰੇ ਦੀ ਅਗਵਾਈ ਦਰਸ਼ਨ ਸਿੰਘ ਲੁਬਾਣਾ ਜਨਰਲ ਸਕੱਤਰ ਅਤੇ ਉਤਮ ਸਿੰਘ ਬਾਗੜੀ ਪ੍ਰਧਾਨ ਟਰੇਡ ਯੂਨੀਅਨ ਕੌਂਸਲ ਪਟਿਆਲਾ ਕਰ ਰਹੇ ਸਨ। ਰੋਸ ਮੁਜ਼ਾਹਰੇ ਵਿੱਚ ਪੰਜਾਬ ਏਟਕ ਦੇ ਪ੍ਰਧਾਨ ਨਿਰਮਲ ਸਿੰਘ ਧਾਲੀਵਾਲ ਉਚੇਚੇ ਤੌਰ 'ਤੇ ਸ਼ਾਮਿਲ ਹੋਣ ਲਈ ਪੁੱਜੇ। ਮੁਜ਼ਾਰਾਕਾਰੀਆਂ ਨੂੰ ਦਰਸ਼ਨ ਸਿੰਘ ਲੁਬਾਣਾ ਅਤੇ ਉਤਮ ਸਿੰਘ ਬਾਗੜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਅਤੇ ਭਗਵੰਤ ਮਾਨ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਲੇਬਰ ਕੋਡਜ਼ ਅਤੇ ਇਸ ਸਬੰਧੀ ਰੂਲਜ਼ ਬਣਾ ਕੇ ਲਾਗੂ ਕਰਨਾ ਸਾਬਿਤ ਕਰਦਾ ਹੈ ਕਿ ਮੋਦੀ ਅਤੇ ਆਪ ਦੀ ਸਰਕਾਰ ਵਿੱਚ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰਨ ਦੇ ਸਵਾਲ 'ਤੇ ਕੋਈ ਵਖਰੇਵਾਂ ਨਹੀਂ। ਮਾਨ ਸਰਕਾਰ ਨੇ ਪੰਜਾਬ ਵਿੱਚ ਪੂਰੀ ਤਰ੍ਹਾਂ ਵੱਡੇ ਸਨਅਤਕਾਰਾਂ ਦੀ ਕਠਪੁਤਲੀ ਬਣ ਕੇ ਮਜ਼ਦੂਰਾਂ ਦੇ ਅਧਿਕਾਰ ਖੋਹਣ ਅਤੇ ਉਹਨਾਂ ਦੀ ਆਰਥਿਕ ਲੁੱਟ ਕਰਨ ਦੀ ਖੁੱਲ੍ਹੀ ਛੁੱਟੀ ਦੇ ਰੱਖੀ ਹੈ। ਪ੍ਰਭਾਵਸ਼ਾਲੀ ਰੋਸ ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਜਿੱਥੇ ਪਹਿਲਾਂ ਹੀ ਪੰਜਾਬ ਦੇ ਮੁਲਾਜ਼ਮਾਂ, ਮਜ਼ਦੂਰਾਂ ਵਿਰੁੱਧ ਦੁਸ਼ਮਣਾਂ ਵਰਗਾ ਰਵੱਈਆ ਅਖਤਿਆਰ ਕਰਕੇ ਜ਼ੁਲਮ ਕਰ ਰਹੀ ਹੈ, ਉੱਥੇ ਉਸ ਨੇ ਹੁਣ ਪੰਜਾਬ ਵਿੱਚ ਲੇਬਰ ਕੋਡ ਲਾਗੂ ਕਰਨ ਦੇ

ਮਾਸਟਰ ਗੁਰਬਖਸ਼ ਸਿੰਘ ਬਖਸ਼ੀ ਨਮਿਤ ਸ਼ਰਧਾਂਜਲੀ ਸਮਾਗਮ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਪ੍ਰੋਫੈਸਰ ਗੁਰਦਰਸ਼ਨ ਸਿੰਘ ਅਤੇ ਅਧਿਆਪਕ ਦਲ ਪੰਜਾਬ ਦੇ ਇੰਚਾਰਜ ਗੁਰਸਿਮਰਤ ਸਿੰਘ ਜਖੇਪਲ ਦੇ ਪਿਤਾ ਗੁਰਬਖਸ਼ ਸਿੰਘ ਬਖਸ਼ੀ ਨਮਿਤ ਸਥਾਨਕ ਡੇਰਾ ਬਾਬਾ ਭਗਵੰਤ ਨਾਥ ਵਿਖੇ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ ਜਿਸ ਵਿਚ ਕੈਬਨਿਟ ਮੰਤਰੀ ਅਮਨ ਅਰੋੜਾ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਮੰਤਰੀ ਬਲਦੇਵ ਸਿੰਘ ਮਾਨ, ਸਾਬਕਾ ਐਸ.ਜੀ.ਪੀ.ਸੀ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਐਮ.ਐਲ.ਏ ਸੁਰਜੀਤ ਸਿੰਘ ਧੀਮਾਨ, ਸਾਬਕਾ ਮੰਤਰੀ ਪ੍ਰਕਾਸ਼ ਚੰਦ ਗਰਗ, ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਕਾਂਗਰਸ ਦੇ ਹਲਕਾ ਇੰਚਾਰਜ ਜਸਵਿੰਦਰ ਸਿੰਘ ਧੀਮਾਨ, ਰਜਿੰਦਰ ਦੀਪਾ, ਐਸ.ਜੀ.ਪੀ.ਸੀ ਮੈਂਬਰ ਇੰਦਰ ਮੋਹਨ ਸਿੰਘ ਲਖਮੀਰਵਾਲਾ, ਗੁਰਪ੍ਰੀਤ ਸਿੰਘ ਲਖਮੀਰਵਾਲਾ, ਰਾਜਿੰਦਰ ਸਿੰਘ ਰਾਜਾ ਬੀਰ ਕਲਾਂ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਫਤਿਹਗੜ੍ਹ ਸਾਹਿਬ ਮੈਡਮ ਕਮਲਜੀਤ ਕੌਰ, ਅਧਿਆਪਕ ਦਲ ਆਗੂ ਹਰਦੇਵ ਸਿੰਘ ਜਵੰਦਾ, ਸਤਨਾਮ ਸਿੰਘ ਰੰਧਾਵਾ, ਬਾਜ਼ ਸਿੰਘ ਖਹਿਰਾ, ਜਸਵਿੰਦਰ ਸਿੰਘ ਔਲਖ, ਸ਼ਾਮ ਸਿੰਘ ਲਾਡੇਵਾਲ, ਜਗਦੀਸ਼ ਸਿੰਗਲਾ, ਗੁਰਿੰਦਰ ਜੀਤ ਸਿੰਘ ਧਾਲੀਵਾਲ, ਮਨਪ੍ਰੀਤ ਬਾਂਸਲ, ਯਾਦਵਿੰਦਰ ਨਿਰਮਾਣ, ਮਾਸਟਰ ਦਲਜੀਤ ਸਿੰਘ, ਮਾਸਟਰ ਕਸ਼ਮੀਰ ਸਿੰਘ, ਅੰਤਰ ਸਿੰਘ ਅਨੰਦ, ਪ੍ਰਿੰਸੀਪਲ ਅਨਿਲ ਜੈਨ,ਡਾ ਪ੍ਰਸ਼ੋਤਮ ਵਸ਼ਿਸ਼ਟ, ਐਮ.ਸੀ ਪ੍ਰਿਪਾਲ ਸਿੰਘ ਕਾਲਾ, ਐਮ.ਸੀ ਮੌਂਟੀ ਮਦਾਨ, ਪ੍ਰਭਸ਼ਰਨ ਸਿੰਘ ਬੱਬੂ, ਐਮ.ਸੀ ਮਨਪ੍ਰੀਤ ਸਿੰਘ ਵੜੈਚ, ਸੁਰਿੰਦਰ ਸਿੰਘ ਭਰੂਰ, ਐਡਵੋਕੇਟ ਵਰਿੰਦਰ ਸਿੰਘ ਰੰਮੀ, ਬਾਰ ਕੌਂਸਲ ਦੇ ਪ੍ਰਧਾਨ ਹਰਦੀਪ ਸਿੰਘ ਭਰੂਰ, ਸਾਬਕਾ ਸਰਪੰਚ ਕ੍ਰਿਸ਼ਨ ਸਿੰਘ ਜਖੇਪਲ, ਸਾਬਕਾ ਸਰਪੰਚ ਕਰਨੈਲ ਸਿੰਘ ਜਖੇਪਲ, ਕਾਮਰੇਡ ਵਰਿੰਦਰ ਕੌਸ਼ਿਕ, ਕਾਮਰੇਡ ਹੋਰੀ ਖਾਨ, ਪ੍ਰਿੰਸੀਪਲ ਅਨਿਲ ਜੈਨ, ਪ੍ਰਿੰਸੀਪਲ ਪਰਮਲ ਸਿੰਘ ਤੇਜਾ, ਗੁਰਚਰਨ ਸਿੰਘ ਧਾਲੀਵਾਲ ਆਦਿ ਨੇ ਭਾਗ ਲਿਆ। ਸਟੇਜ ਦੀ ਕਾਰਵਾਈ ਮਾਸਟਰ ਕੁਲਵਿੰਦਰ ਸਿੰਘ ਮੋਹਲ ਨੇ ਚਲਾਈ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਬਜ਼ਾਰਾਂ 'ਚ ਕੀਤਾ ਕੈਂਡਲ ਮਾਰਚ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਫਰੰਟ ਪੰਜਾਬ 'ਤੇ ਅਧਾਰਿਤ ਤਾਲਮੇਲ ਕਮੇਟੀ ਵੱਲੋਂ ਕੱਲ੍ਹ ਸ਼ਹਿਰ ਧੂਰੀ ਦੇ ਬਜ਼ਾਰਾਂ 'ਚ ਕੈਂਡਲ ਮਾਰਚ ਕਰਦਿਆਂ ਸਥਾਨਕ ਮੁੱਖ ਮੰਤਰੀ ਦਫ਼ਤਰ ਅੱਗੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਮੁਲਾਜ਼ਮਾਂ ਤੇ ਪੈਨਸ਼ਨਰਜ਼ ਮੰਗਾਂ ਦੀ ਪੂਰਤੀ ਦੀ ਮੰਗ ਕੀਤੀ।ਆਗੂਆਂ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ, ਡੀਏ ਦਾ ਬਕਾਇਆ ਦੇਣ ਅਤੇ ਬਕਾਇਆ ਡੀਏ ਦੀਆਂ ਕਿਸ਼ਤਾਂ ਦੇਣ ਸਮੇਤ ਹੋਰ ਮੁਲਾਜ਼ਮ ਮੰਗਾਂ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਇਹਨਾਂ ਮੰਗਾਂ ਵੱਲ ਧਿਆਨ ਨ ਦਿੱਤਾ ਤਾਂ ਸਰਕਾਰ ਨੂੰ ਅਗਾਮੀ ਚੋਣਾਂ 'ਚ ਇਸਦਾ ਖਮਿਆਜ਼ਾ ਭੁਗਤਣਾ ਪਵੇਗਾ। ਇਸ ਮੌਕੇ ਸਰਬਜੀਤ ਸਿੰਘ ਰਾਜੋਮਾਜਰਾ, ਸੁਖਦੇਵ ਸ਼ਰਮਾ, ਮੁਲਾਜ਼ਮ ਤੇ ਪੈਨਸ਼ਨਰ ਸਾਂਝੀ ਤਾਲਮੇਲ ਕਮੇਟੀ ਦੇ ਜ਼ਿਲ੍ਹਾ ਆਗੂ ਅਸ਼ੋਕ ਕੁਮਾਰ, ਜਗਦੀਸ਼ ਸ਼ਰਮਾ, ਗਗਨਦੀਪ ਸਿੰਘ, ਰਾਜਦੀਪ ਸਿੰਘ ਅਤੇ ਮੇਲਾ ਸਿੰਘ ਪੁੰਨਾਵਾਲ ਨੇ ਸੰਬੋਧਨ ਕੀਤਾ।

31 ਮਾਰਚ ਤੱਕ ਦੇ ਬਿਜਲੀ ਬਿੱਲਾਂ ਦਾ ਸਿਰਫ਼ ਵਿਆਜ ਮੁਆਫ਼ ਕਰਨਾ ਲੋਕਾਂ ਨਾਲ ਅਧੂਰਾ ਇਨਸਾਫ਼



ਸੰਗਰੂਰ (ਪ੍ਰਵੀਨ ਸਿੰਘ)-ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋਂ ਘਰੇਲੂ ਬਿਜਲੀ ਖਪਤਕਾਰਾਂ ਦੇ 31 ਮਾਰਚ 2026 ਤੱਕ ਦੇ ਬਕਾਇਆ ਬਿਜਲੀ ਬਿੱਲਾਂ ਦਾ ਵਿਆਜ ਮੁਆਫ਼ ਕਰਨ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਗਏ ਐਲਾਨ 'ਤੇ ਤਿੱਖਾ ਪ੍ਰਤੀਕਰਮ ਦਿੰਦਿਆਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਦਰਸ਼ਨ ਸਿੰਘ ਕਾਂਗੜਾ ਨੇ ਸਰਕਾਰ ਦੀ ਇਸ ਰਾਹਤ ਨੂੰ ਅਧੂਰਾ ਕਰਾਰ ਦਿੱਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਰਸ਼ਨ ਕਾਂਗੜਾ ਨੇ ਕਿਹਾ ਕਿ ਪੰਜਾਬ ਦੀ ਪਿਛਲੀ ਕਾਂਗਰਸ ਸਰਕਾਰ ਦੌਰਾਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਮ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਬਿਨਾਂ ਕਿਸੇ ਭੇਦਭਾਵ ਦੇ ਕਰੋੜਾਂ ਰੁਪਏ ਦੇ ਬਕਾਇਆ ਬਿਜਲੀ ਬਿੱਲ ਮੁਆਫ਼ ਕੀਤੇ ਗਏ ਸਨ। ਇਹ ਇੱਕ ਇਤਿਹਾਸਕ ਫ਼ੈਸਲਾ ਸੀ, ਜਿਸ ਦਾ ਪੰਜਾਬ ਦੇ ਲੱਖਾਂ ਘਰੇਲੂ ਬਿਜਲੀ ਖਪਤਕਾਰਾਂ ਨੂੰ ਸਿੱਧਾ ਲਾਭ ਮਿਲਿਆ ਸੀ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਮਹਿੰਗਾਈ ਦੀ ਮਾਰ ਝੱਲ ਰਹੇ ਆਮ ਲੋਕਾਂ ਲਈ ਸਿਰਫ਼ ਬਿਜਲੀ ਬਿੱਲਾਂ ਦਾ ਵਿਆਜ ਮੁਆਫ਼ ਕਰਨਾ ਕਾਫ਼ੀ ਨਹੀਂ ਹੈ। ਸਰਕਾਰ ਨੂੰ ਲੋਕਾਂ ਦੀਆਂ ਆਰਥਿਕ ਮੁਸ਼ਕਲਾਂ ਨੂੰ ਸਮਝਦਿਆਂ ਬਕਾਇਆ ਬਿਜਲੀ ਬਿੱਲਾਂ ਦੀ ਮੂਲ ਰਾਸ਼ੀ ਸਮੇਤ ਪੂਰੀ ਰਕਮ ਮੁਆਫ਼ ਕਰਨੀ ਚਾਹੀਦੀ ਹੈ। ਕਾਂਗੜਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਾਬਕਾ ਮੁੱਖ ਮੰਤਰੀ ਚੰਨੀ ਦੀ ਤਰ੍ਹਾਂ ਵੱਡਾ ਦਿਲ ਦਿਖਾਉਣ ਅਤੇ ਸਿਰਫ਼ ਵਿਆਜ ਮੁਆਫ਼ ਕਰਨ ਤੱਕ ਸੀਮਤ ਨਾ ਰਹਿਣ, ਸਗੋਂ ਪੰਜਾਬ ਦੇ ਆਮ ਅਤੇ ਗਰੀਬ ਪਰਵਾਰਾਂ ਦੇ ਹੁਣ ਤੱਕ ਦੇ ਸਾਰੇ ਬਕਾਇਆ ਘਰੇਲੂ ਬਿਜਲੀ ਬਿੱਲ ਪੂਰੀ ਤਰ੍ਹਾਂ ਮੁਆਫ਼ ਕਰਨ ਦਾ ਐਲਾਨ ਕਰਨ। ਇਸ ਮੌਕੇ ਦਰਸ਼ਨ ਕਾਂਗੜਾ ਨਾਲ ਹੋਰ ਵੀ ਆਗੂ ਹਾਜ਼ਰ ਸਨ।

ਆਪ ਦੀ ਮੋਗਾ ਰੈਲੀ 'ਚ ਪੰਜਾਬ ਦੇ ਲੱਖਾਂ ਲੋਕ ਹੋਣਗੇ ਸ਼ਾਮਲ : ਬਲਜਿੰਦਰ ਢਿੱਲੋਂ



ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਆਮ ਆਦਮੀ ਪਾਰਟੀ ਵਲੋਂ 26 ਨਵੰਬਰ ਨੂੰ ਮੋਗਾ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਨੂੰ ਲੈ ਕੇ ਹਲਕਾ ਸਨੌਰ 'ਚ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਆਪ ਆਗੂ ਅਤੇ ਲੋਕ ਸਭਾ ਪਟਿਆਲਾ ਦੇ ਹਲਕਾ ਇੰਚਾਰਜ ਬਲਜਿੰਦਰ ਢਿੱਲੋਂ ਦੀ ਅਗਵਾਈ ਹੇਠ ਸਨੌਰ ਹਲਕੇ 'ਚ ਰੋਜ਼ਾਨਾ ਪਿੰਡ-ਪਿੰਡ, ਵਾਰਡ-ਵਾਰਡ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ 'ਚ ਲੋਕਾਂ ਨੂੰ ਮੋਗਾ ਰੈਲੀ 'ਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾ ਰਿਹਾ ਹੈ।ਬਲਜਿੰਦਰ ਢਿੱਲੋਂ ਵੱਲੋਂ ਸਨੌਰ ਹਲਕੇ ਦੇ ਹਰ ਪਿੰਡ 'ਚ ਜਾ ਕੇ ਵਰਕਰਾਂ ਨਾਲ ਮੀਟਿੰਗ ਕੀਤੀ ਜਾ ਰਹੀ ਹੈ। ਮੀਟਿੰਗਾਂ 'ਚ ਬਲਾਕ ਪ੍ਰਧਾਨ, ਸਰਕਲ ਇੰਚਾਰਜ, ਸਰਪੰਚ, ਪੰਚ, ਮਹਿਲਾ ਵਿੰਗ, ਯੂਥ ਵਿੰਗ ਤੇ ਬੂਥ ਪੱਧਰ ਦੇ ਵਰਕਰ ਵੱਡੀ ਗਿਣਤੀ 'ਚ ਸ਼ਾਮਲ ਹੋ ਰਹੇ ਹਨ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਬਲਜਿੰਦਰ ਢਿੱਲੋਂ ਨੇ ਕਿਹਾ ਕਿ ਮੋਗਾ ਰੈਲੀ ਪੰਜਾਬ ਦੀ ਸਭ ਤੋਂ ਵੱਡੀ ਰੈਲੀ ਹੋਵੇਗੀ। ਇਸ ਰੈਲੀ 'ਚ ਮੁੱਖ ਮੰਤਰੀ ਭਗਵੰਤ ਮਾਨ ਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਪੰਜਾਬ ਲਈ ਵੱਡੇ ਐਲਾਨ ਕਰਨਗੇ।ਉਨ੍ਹਾਂ ਕਿਹਾ ਕਿ ਪਹਿਲੀਆਂ ਸਰਕਾਰਾਂ ਵੇਲੇ ਲੋਕ ਦਫ਼ਤਰਾਂ ਦੇ ਚੱਕਰ ਕੱਟਦੇ ਸਨ, ਪਰ ਹੁਣ ਸਰਕਾਰ ਖੁਦ ਲੋਕਾਂ ਦੇ ਘਰਾਂ ਤੱਕ ਪਹੁੰਚ ਰਹੀ ਹੈ। ਸਨੌਰ ਹਲਕੇ 'ਚ ਸੜਕਾਂ, ਗਲੀਆਂ, ਪਾਣੀ ਤੇ ਸੀਵਰੇਜ ਦੇ ਕੰਮ ਤੇਜ਼ੀ ਨਾਲ ਹੋ ਰਹੇ ਹਨ ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ 'ਚ ਆਉਣ ਲਈ ਸੱਦਾ ਦੇਣ। ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ, ਸਰਕਲ ਇੰਚਾਰਜ, ਸਰਪੰਚ, ਪੰਚ, ਮਹਿਲਾ ਵਿੰਗ ਤੇ ਯੂਥ ਵਿੰਗ ਦੇ ਵਰਕਰ ਵੱਡੀ ਗਿਣਤੀ 'ਚ ਹਾਜ਼ਰ ਸਨ।

ਨਾਭਾ ਟਰੈਫਿਕ ਪੁਲਸ ਨੇ ਕੱਟੇ ਚਲਾਨ

ਨਾਭਾ (ਅਮਨ ਗਰਗ)-ਸ਼ਹਿਰ ਵਿੱਚ ਟਰੈਫਿਕ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਸੜਕ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਨਾਭਾ ਟਰੈਫਿਕ ਪੁਲਿਸ ਵੱਲੋਂ ਸਖ਼ਤੀ ਵਰਤਣੀ ਸ਼ੁਰੂ ਕਰ ਦਿੱਤੀ ਗਈ ਹੈ। ਇਸੇ ਤਹਿਤ ਬੁੱਧਵਾਰ ਨੂੰ ਨਾਭਾ ਦੇ ਰੈਸਟ ਹਾਊਸ ਨੇੜੇ ਟਰੈਫਿਕ ਇੰਚਾਰਜ ਸਤਨਾਮ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਵਿਸ਼ੇਸ਼ ਨਾਕਾ ਲਗਾ ਕੇ ਦੋ-ਪਹੀਆ ਅਤੇ ਚਾਰ-ਪਹੀਆ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ। ਇਸ ਦੌਰਾਨ ਅਧੂਰੇ ਕਾਗਜ਼ਾਤ ਅਤੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ। ਟਰੈਫਿਕ ਇੰਚਾਰਜ ਸਤਨਾਮ ਸਿੰਘ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਇਹ ਚੈਕਿੰਗ ਮੁਹਿੰਮ ਰੋਜ਼ਾਨਾ ਇਸੇ ਤਰ੍ਹਾਂ ਜਾਰੀ ਰਹੇਗੀ ਅਤੇ ਨਿਯਮ ਤੋੜਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਵਿਧਾਇਕ ਕੋਹਲ਼ੀ ਨੂੰ ਚੋਣ ਕਮਿਸ਼ਨ ਵੱਲੋਂ ਨੋਟਿਸ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਚੋਣ ਕਮਿਸ਼ਨ ਦੇ ਨਿਸ਼ਾਨੇ 'ਤੇ ਆ ਗਏ ਹਨ। ਨਗਰ ਨਿਗਮ ਚੋਣਾਂ ਦੌਰਾਨ ਆਦਰਸ਼ ਚੋਣ ਜ਼ਾਬਤੇ ਦੀ ਕਥਿਤ ਉਲੰਘਣਾ ਦੇ ਮਾਮਲੇ ਵਿੱਚ ਰਾਜ ਚੋਣ ਕਮਿਸ਼ਨ ਨੇ ਉਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਵਾਰਡ ਨੰਬਰ 33 ਵਿੱਚ ਵਿਧਾਇਕ ਕੋਹਲੀ ਵੱਲੋਂ ਕੁਝ ਵਿਕਾਸ ਕਾਰਜਾਂ ਦਾ ਐਲਾਨ ਕਰਨ ਅਤੇ ਇਸ ਮੌਕੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਹਾਰ ਪਾ ਕੇ ਸਨਮਾਨਿਤ ਕਰਨ ਦਾ ਮਾਮਲਾ ਕਮਿਸ਼ਨ ਦੇ ਧਿਆਨ ਵਿੱਚ ਆਇਆ। ਕਮਿਸ਼ਨ ਅਨੁਸਾਰ, ਇਹ ਤਸਵੀਰਾਂ 15 ਨਵੰਬਰ ਨੂੰ ਵਿਧਾਇਕ ਦੇ ਫੇਸਬੁੱਕ ਪੇਜ 'ਤੇ ਵੀ ਸਾਂਝੀਆਂ ਕੀਤੀਆਂ ਗਈਆਂ ਸਨ। ਵਿਧਾਇਕ ਨੂੰ 24 ਘੰਟਿਆਂ ਦੇ ਅੰਦਰ ਆਪਣਾ ਸਪੱਸ਼ਟੀਕਰਨ ਦੇਣ ਦੇ ਹੁਕਮ ਦਿੱਤੇ ਗਏ ਹਨ।

ਜਗਦੇਵ ਜਿੰਦਲ ਵੱਲੋਂ ਧੂਰੀ ਤੋਂ ਭਾਜਪਾ ਦੀ ਟਿਕਟ ਵਾਸਤੇ ਦਾਅਵੇਦਾਰੀ ਪੇਸ਼



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਹਲਕਾ ਧੂਰੀ ਦੇ ਸੀਨੀਅਰ ਭਾਜਪਾ ਆਗੂ ਅਤੇ ਨਗਰ ਕੌਂਸਲ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਜਗਦੇਵ ਜਿੰਦਲ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਲਕਾ ਧੂਰੀ ਤੋਂ ਭਾਰਤੀ ਜਨਤਾ ਪਾਰਟੀ ਦੀ ਟਿਕਟ ਲਈ ਆਪਣੀ ਦਾਅਵੇਦਾਰੀ ਪੇਸ਼ ਕੀਤੀ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਜਗਦੇਵ ਜਿੰਦਲ ਨੇ ਆਪਣੇ ਲੰਮੇ ਸਿਆਸੀ ਸਫ਼ਰ ਅਤੇ ਪਾਰਟੀ ਪ੍ਰਤੀ ਨਿਭਾਈਆਂ ਸੇਵਾਵਾਂ ਦਾ ਵੇਰਵਾ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਉਹ ਦੋ ਵਾਰ ਨਗਰ ਕੌਂਸਲ ਧੂਰੀ ਦੇ ਮੈਂਬਰ ਅਤੇ ਸੀਨੀਅਰ ਮੀਤ ਪ੍ਰਧਾਨ ਵਜੋਂ ਇਲਾਕੇ ਦੇ ਲੋਕਾਂ ਦੀ ਸੇਵਾ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਸਮੁੱਚਾ ਪਰਵਾਰ ਮੁੱਢ ਤੋਂ ਹੀ ਪਾਰਟੀ ਦੀਆਂ ਨੀਤੀਆਂ ਨਾਲ ਜੁੜਿਆ ਹੋਇਆ ਹੈ। ਜਥੇਬੰਦਕ ਢਾਂਚੇ ਵਿੱਚ ਆਪਣੀ ਭੂਮਿਕਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਉਹ ਭਾਜਪਾ ਯੁਵਾ ਮੋਰਚਾ ਦੇ ਮੰਡਲ ਪ੍ਰਧਾਨ, ਜ਼ਿਲ੍ਹਾ ਪ੍ਰਧਾਨ ਅਤੇ ਯੁਵਾ ਮੋਰਚਾ ਪੰਜਾਬ ਦੀ ਕਾਰਜਕਾਰਨੀ ਦੇ ਮੈਂਬਰ ਵਜੋਂ ਵੀ ਜ਼ਿੰਮੇਵਾਰੀ ਨਿਭਾ ਚੁੱਕੇ ਹਨ।ਮੌਜੂਦਾ ਸਮੇਂ ਵਿੱਚ ਉਹ ਭਾਜਪਾ ਪੰਜਾਬ ਦੀ ਸੂਬਾ ਕਾਰਜਕਾਰਨੀ ਦੇ ਮੈਂਬਰ ਵਜੋਂ ਸਰਗਰਮ ਹਨ।ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤ ਬਾਰੇ ਆਪਣਾ ਪੱਖ ਰੱਖਦਿਆਂ ਜਿੰਦਲ ਨੇ ਕਿਹਾ ਕਿ ਸੂਬੇ ਦੇ ਵੋਟਰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਸੇਵਾ ਦਾ ਮੌਕਾ ਦੇਣ ਦਾ ਮਨ ਬਣਾ ਚੁੱਕੇ ਹਨ।

ਐੱਨ ਪੀ ਐੱਸ ਮੁਲਾਜ਼ਮਾਂ ਵੱਲੋਂ ਅਰਥੀ ਫੂਕ ਮੁਜ਼ਾਹਰਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਸਰਕਾਰ ਦੇ ਐੱਨ ਪੀ ਐੱਸ ਮੁਲਾਜ਼ਮਾਂ ਨੇ ਬੁੱਧਵਾਰ ਨੂੰ ਪੁਰਾਣੀ ਪੈਨਸ਼ਨ ਲਾਗੂ ਕਰਨ ਲਈ ਸਰਕਾਰ ਵੱਲੋਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਦੇ ਲਾਗੂ ਨਾ ਹੋਣ 'ਤੇ ਡੀ ਸੀ ਦਫਤਰ ਫਿਰੋਜ਼ਪੁਰ ਸਾਹਮਣੇ ਜ਼ਬਰਦਸਤ ਅਰਥੀ ਫੂਕ ਮੁਜ਼ਾਹਰਾ ਕੀਤਾ। ਸੀ ਪੀ ਐੱਫ ਕਰਮਚਾਰੀ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਜਗਸੀਰ ਸਿੰਘ ਭਾਂਗਰ, ਸੋਨੂੰ ਕਸ਼ਅਪ ਜ਼ਿਲ੍ਹਾ ਜਨਰਲ ਸਕੱਤਰ, ਓਮ ਪ੍ਰਕਾਸ਼ ਰਾਣਾ ਸੂਬਾਈ ਸੀਨੀਅਰ ਮੀਤ ਪ੍ਰਧਾਨ, ਪਿੱਪਲ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਪੀ.ਐੱਸ.ਐੱਮ.ਐੱਸ.ਯੂ. ਪ੍ਰਦੀਪ ਵਿਨਾਇਕ ਜ਼ਿਲ੍ਹਾ ਖਜ਼ਾਨਚੀ ਯਾਦਵਿੰਦਰ ਸਿੰਘ ਕਮਿਸ਼ਨਰ ਦਫਤਰ ਕਰਮਚਾਰੀ ਯੂਨੀਅਨ, ਗੁਰਪ੍ਰੀਤ ਸਿੰਘ ਸੋਢੀ ਜ਼ਿਲ੍ਹਾ ਵਾਈਸ ਚੇਅਰਮੈਨ ਪੀ.ਐੱਸ.ਐੱਮ.ਐੱਸ.ਯੂ ਫਿਰੋਜ਼ਪੁਰ ਹਰਮੀਤ ਸਿੰਘ ਮੱਲੀ ਪ੍ਰਧਾਨ ਫੂਡ ਸਪਲਾਈ, ਜੁਗਲ ਕਿਸ਼ੋਰ ਆਨੰਦ ਪ੍ਰਧਾਨ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਲੋਕ ਨਿਰਮਾਣ ਵਿਭਾਗ, ਸ਼ੀਤਲ ਪੀ.ਡਬਲਯੂ.ਡੀ., ਮਹਿਤਾਬ ਸਿੰਘ ਪ੍ਰਧਾਨ ਅਤੇ ਗੁਰਤੇਜ ਸਿੰਘ ਜਨਰਲ ਸਕੱਤਰ ਡੀ.ਸੀ. ਦਫਤਰ, ਇੰਦਰਜੀਤ ਸਿੰਘ ਢਿੱਲੋਂ ਪਬਲਿਕ ਹੈੱਲਥ,

ਪੰਜਾਬ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਦੀਨਾਨਗਰ ਦੀ ਇੱਕਤਰਤਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ, ਜਨਕ ਮਹਾਜਨ) ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਦੀਨਾਨਗਰ ਯੂਨਿਟ ਦੀ ਵਿਸ਼ਾਲ ਇੱਕਤਰਤਾ ਪ੍ਰਧਾਨ ਮੰਗਤ ਚੰਚਲ ਦੀ



ਅਗਵਾਈ ਅਤੇ ਨੰਦ ਲਾਲ ਰਿਟਾਇਰਡ ਬੀ ਪੀ ਈ ਓ, ਰਘੂਨਾਥ ਸਿੰਘ, ਜਨਕ ਰਾਜ ਗੁਪਤਾ, ਜੋਗਿੰਦਰ ਪਾਲ ਕਲੀਜਪੁਰ, ਕੇਵਲ ਕ੍ਰਿਸ਼ਨ ਮਹਾਜਨ ਅਤੇ ਪ੍ਰੇਮਨਾਥ ਦੀ ਪ੍ਰਧਾਨਗੀ ਹੇਠ ਮਹਾਰਾਜਾ ਪੈਲੇਸ ਦੀਨਾਨਗਰ ਵਿਖੇ ਹੋਈ। ਜਨਰਲ ਸਕੱਤਰ ਵਿਨੋਦ ਕੁਮਾਰ ਸ਼ਰਮਾ ਵੱਲੋਂ ਮੰਚ ਸੰਭਾਲਦਿਆਂ ਪਿਛਲੇ ਸਮੇਂ ਦੌਰਾਨ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ ਸਾਥੀਆਂ ਜੈ ਪ੍ਰੀਤ ਔਲਖ, ਰਘਵੀਰ ਸਿੰਘ, ਗੀਟਾ ਸਲਾਰੀਆ, ਨਿਰਮਲ ਕੁਮਾਰੀ ਜੀ ਨੂੰ ਦੋ ਮਿੰਟ ਦਾ ਮੌਨ ਰਖਵਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਐਸੋਸੀਏਸ਼ਨ ਦੇ ਪ੍ਰਧਾਨ ਮੰਗਤ ਚੰਚਲ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰ ਸਾਥੀਆਂ ਨੂੰ ਸਨੇਹ - ਲਬਰੇਜ ਹਾਰਦਿਕ ਜੀ ਆਇਆਂ ਨੂੰ ਆਖਿਆ ਅਤੇ ਇਕੱਤਰਤਾ ਦਾ ਅਜੰਡਾ ਜਿਸ ਵਿਚ ਪੰਜਾਬ ਸਰਕਾਰ ਵੱਲੋਂ ਰੋਕੇ ਗਏ ਡੀ.ਏ, ਪੇ ਕਮਿਸ਼ਨ ਨੂੰ ਇਨ ਬਿਨ ਲਾਗੂ ਕਰਵਾਉਣਾ, ਮੈਡੀਕਲ ਕਲੇਮ ਬਿੱਲਾਂ ਨੂੰ ਕੁਝ ਡੀ ਡੀ ਓਜ ਵੱਲੋਂ ਨਾ ਕਢਵਾਏ ਜਾਣ ਮੈਡੀਕਲ ਕਲੇਮ ਬਿੱਲ, ਪੇ ਕਮਿਸ਼ਨ ਦੇ ਬਕਾਏ ਨਾ ਕਢਵਾਏ ਜਾਣ 'ਤੇ ਉਚੇਚੇ ਤੌਰ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ। ਅਜੰਡੇ ਤੇ ਬੋਲਦਿਆਂ ਅਸ਼ੋਕ ਕੁਮਾਰ ਨੇ ਐਲ ਟੀ ਸੀ ਦਾ ਕਲੇਮ, ਲਾਇਫ ਸਰਟੀਫਿਕੇਟ ਪੋਰਟਲ ਤੇ ਭਰਨ ਅਤੇ ਸਰਕਾਰ ਵੱਲੋਂ ਜਾਰੀ ਚਿੱਠੀਆਂ ਤੇ ਵਿਸਥਾਰ ਨਾਲ ਚਰਚਾ ਕੀਤੀ।ਪੈਨਸ਼ਨਰਜ ਦੇ ਸਵਾਲਾਂ ਦੇ ਜਵਾਬ ਵੀ ਮੌਕੇ ਦਿੱਤੇ ਗਏ। ਇਸ ਮੌਕੇ ਨੰਦ ਲਾਲ ਬੀ ਪੀ ਈ ਓ, ਜੋਗਿੰਦਰ ਪਾਲ, ਪਰਮਜੀਤ ਸਿੰਘ ਬੈਂਸ, ਰੂਪ ਚੰਦ ਸ਼ਰਮਾ, ਬੂਟਾ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ।ਜਨਰਲ ਸਕੱਤਰ ਵਿਨੋਦ ਕੁਮਾਰ ਸ਼ਰਮਾ ਨੇ 19 ਦਸੰਬਰ ਨੂੰ ਜਿਲ੍ਹਾ ਪੱਧਰ ਦਾ ਪੈਨਸ਼ਨਰ-ਡੇ ਚੰਦਨ ਪੈਲੇਸ ਗੁਰਦਾਸਪੁਰ ਵਿਖੇ ਮਨਾਏ ਜਾਣ ਬਾਰੇ ਜਾਣਕਾਰੀ ਦਿੱਤੀ ਅਤੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਹੁੰਮ-ਹੁਮਾ ਕੇ ਪੁਜੱਣ ਹਿੱਤ ਸੱਦਾ ਵੀ ਦਿੱਤਾ। ਅਖੀਰ ਵਿਚ ਬੂਟਾ ਸਿੰਘ ਨੇ ਹਾਜਰ ਮੈਂਬਰਾਨ ਦਾ ਧੰਨਵਾਦ ਕੀਤਾ।ਇਸ ਇਕੱਤਰਤਾ ਵਿਚ ਸਰਵ ਬਸੰਤ ਕੁਮਾਰ ਭੱਲਾ, ਪ੍ਰਕਾਸ ਸਿੰਘ, ਰਤਨ ਚੰਦ, ਜੋਗਿੰਦਰ ਪਾਲ ਗੁਪਤਾ ਮਹਿੰਦਰਪਾਲ, ਨਰਿੰਦਰ ਕੁਮਾਰ, ਕਮਲ ਸਿੰਘ, ਰਾਜਪਾਲ ਸਿੰਘ ਚੀਮਾ, ਸੁਰਿੰਦਰ ਕੁਮਾਰ, ਵਿੰਦਿਆ ਸਾਗਰ, ਦਲਵੀਰ ਸਿੰਘ, ਯਸ਼ਪਾਲ, ਲੇਖ ਰਾਜ, ਸ਼ਿਵ ਕੁਮਾਰ, ਕਰਮ ਸਿੰਘ, ਵਿਜੇ ਕੁਮਾਰ ਮਹਿਤਾ, ਸੁਨੀਲ ਕੁਮਾਰ, ਨਰਿੰਦਰ ਸੈਣੀ, ਨਰੇਸ਼ ਕੁਮਾਰ, ਸੰਜੀਵ ਕੁਮਾਰ, ਸੁਭਾਸ਼ ਚੰਦਰ, ਮਨੋਹਰ ਲਾਲ, ਕੇਵਲ ਕ੍ਰਿਸ਼ਨ, ਪੂਰਨ ਚੰਦ, ਪ੍ਰੀਤਮ ਚੰਦ, ਰਮੇਸ਼ ਚੰਦ, ਰਮੇਸ਼ ਲਾਲ, ਸ਼ਾਮ ਸੁੰਦਰ, ਚੂਨੀ ਲਾਲ, ਰਾਜ ਕੁਮਾਰ ਹਾਜ਼ਰ ਸਨ।

ਪੈਨਸ਼ਨ ਪ੍ਰਾਪਤੀ ਫ਼ਰੰਟ ਦਾ ਜਥਾ ਸੰਗਰੂਰ ਮੋਰਚੇ ਲਈ ਰਵਾਨਾ ਹੋਇਆ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ਼.) ਦਾ ਇੱਕ ਜਥਾ ਫ਼ਰੰਟ ਦੇ ਦੋਆਬਾ ਜੋਨ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਜ਼ਿਲ੍ਹਾ ਕਨਵੀਨਰ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ



ਮਹਿਮੋਵਾਲ, ਡੀ.ਟੀ.ਐੱਫ਼ ਦੇ ਸੂਬਾ ਸਕੱਤਰ ਮੁਕੇਸ਼ ਕੁਮਾਰ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਅਤੇ ਰਜਿੰਦਰ ਹੇਜਮਾ ਆਦਿ ਆਗੂਆਂ ਦੀ ਅਗਵਾਈ ਹੇਠ ਸੰਗਰੂਰ ਵਿਖੇ ਚੱਲ ਰਹੇ ਮੁਲਾਜ਼ਮਾਂ ਦੇ ਪੱਕੇ ਮੋਰਚੇ ਵਿੱਚ ਸ਼ਮੂਲੀਅਤ ਕਰਨ ਲਈ ਰਵਾਨਾ ਹੋਇਆ।ਰਵਾਨਾ ਹੋਣ ਸਮੇਂ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ 18 ਨਵੰਬਰ 2022 ਨੂੰ ਪੰਜਾਬ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਸੀ ਪਰ ਅੱਜ ਇਸ ਨੋਟੀਫਿਕੇਸ਼ਨ ਨੂੰ ਜਾਰੀ ਹੋਇਆ ਪੂਰੇ 4 ਸਾਲ ਹੋ ਗਏ ਹਨ ਪਰ ਸਰਕਾਰ ਨੇ ਅਜੇ ਤੱਕ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਿਸਦੇ ਰੋਸ ਵਜੋਂ ਅੱਜ ਪੂਰੇ ਪੰਜਾਬ ਦੇ ਨਵੀਂ ਪੈਨਸ਼ਨ ਸਕੀਮ ਤੋਂ ਪੀੜਤ ਐੱਨ. ਪੀ. ਐੱਸ. ਮੁਲਾਜ਼ਮ ਅੱਜ ਸੰਗਰੂਰ ਮੁਲਾਜ਼ਮ ਮੋਰਚੇ ਵਿੱਚ ਇਕੱਤਰ ਹੋ ਕੇ ਮੁੱਖ ਮੰਤਰੀ ਨਿਵਾਸ ਨੇੜੇ ਜ਼ਬਰਦਸਤ ਰੋਸ ਪ੍ਰਦਰਸ਼ਨ ਕਰਨਗੇ। ਇਸ ਜਥੇ ਵਿੱਚ 5994 ਈ.ਟੀ.ਟੀ. ਅਧਿਆਪਕ ਯੂਨੀਅਨ ਦੇ ਆਗੂ ਅਕਾਸ਼ਦੀਪ ਸਿੰਘ, ਜਥੇਬੰਦਕ ਸਕੱਤਰ ਰੋਸ਼ਮ ਸਿੰਘ ਬਾਬਾ, ਵਰਿੰਦਰ ਸੈਣੀ, ਸੰਜੀਵ ਕਲਸੀ, ਜਸਵਿੰਦਰ ਝਿੰਗੜ, ਰਾਜਨ ਕੁਮਾਰ, ਮਨਦੀਪ ਸਿੰਘ ਨੰਗਲ ਈਸ਼ਰ, ਪਵਨ ਕੁਮਾਰ, ਅਸ਼ਵਨੀ ਕੁਮਾਰ, ਗੁਰਪ੍ਰੀਤ ਸਿੰਘ, ਹੰਸ ਰਾਜ, ਸਤਪਾਲ ਕਲੇਰ, ਬਲਬੀਰ ਖਾਨਪੁਰੀ, ਮਨਜੀਤ ਬੈਂਗਾ, ਜਗਦੀਪ ਕੁਮਾਰ ਅਤੇ ਸੰਜੀਵ ਕੁਮਾਰ ਆਦਿ ਵੀ ਸ਼ਾਮਲ ਸਨ।

ਸੱਚਰ ਵੱਲੋਂ ਹਲਕਾ ਮਜੀਠਾ 'ਚ ਮੀਟਿੰਗਾਂ ਦਾ ਸਿਲਸਿਲਾ ਤੇਜ਼

ਤਰਸਿੱਕਾ, ਜੈਂਤੀਪੁਰ (ਤਰਸੇਮ ਸਿੰਘ ਸਾਧਪੁਰ, ਸੁਖਬੀਰ ਸਿੱਧੂ) ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਲਕਾ ਮਜੀਠਾ ਵਿੱਚ ਕਾਂਗਰਸ ਪਾਰਟੀ ਦੀਆਂ ਸਰਗਰਮੀਆਂ ਤੇਜ਼ ਕਰਦਿਆਂ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਵੱਲੋਂ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਹਲਕਾ ਮਜੀਠਾ ਦੇ ਹਰ ਪਿੰਡ ਵਿੱਚ ਜਾ ਕੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਪਾਰਟੀ ਦੇ ਮੰਚ ਰਾਹੀਂ ਉਠਾਇਆ ਜਾਵੇਗਾ। ਸ੍ਰੀ ਸੱਚਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਇਹ ਸਿਲਸਿਲਾ



ਹੈ।ਇਸੇ ਲੜੀ ਤਹਿਤ ਪਿੰਡ ਕੋਟਲਾ ਗੁੱਜਰਾਂ ਵਿਖੇ ਸਾਬਕਾ ਸਰਪੰਚ ਜਗਦੀਪ ਸਿੰਘ ਜੱਗਾ ਦੇ ਗ੍ਰਹਿ ਵਿਖੇ ਪਿੰਡ ਵਾਸੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਸੱਚਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਅਤੇ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਜ਼ਮੀਨੀ ਹਕੀਕਤ ਵਿਚਕਾਰ ਵੱਡਾ ਫ਼ਰਕ ਨਜ਼ਰ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਸਰਕਾਰ ਨੂੰ ਜਵਾਬਦੇਹ ਬਣਾਉਣ ਦੀ ਲੋੜ ਹੈ। ਭਾਜਪਾ ਬਾਰੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਵਿੱਚ ਪਾਰਟੀ ਦੀਆਂ ਨੀਤੀਆਂ ਅਤੇ ਸਿਆਸੀ ਪਹੁੰਚ ਨੂੰ ਲੈ ਕੇ ਗੰਭੀਰ ਸਵਾਲ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਧਿਆਨ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ, ਪਿੰਡਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਵਰਕਰਾਂ ਨੂੰ ਜਥੇਬੰਦਕ ਤੌਰ 'ਤੇ ਸਰਗਰਮ ਕਰਨ 'ਤੇ ਹੈ। ਹਲਕਾ ਮਜੀਠਾ ਦੇ ਹਰ ਪਿੰਡ ਵਿੱਚ ਜਾ ਕੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਪਾਰਟੀ ਦੇ ਮੰਚ ਰਾਹੀਂ ਉਠਾਇਆ ਜਾਵੇਗਾ। ਸ੍ਰੀ ਸੱਚਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਇਹ ਸਿਲਸਿਲਾ ਹੋਰ ਤੇਜ਼ ਕੀਤਾ ਜਾਵੇਗਾ, ਤਾਂ ਜੋ ਲੋਕਾਂ ਨਾਲ ਸਿੱਧਾ ਸੰਵਾਦ ਅਤੇ ਪਾਰਟੀ ਵਰਕਰਾਂ ਨਾਲ ਤਾਲਮੇਲ ਹੋਰ ਮਜ਼ਬੂਤ ਕੀਤਾ ਜਾ ਸਕੇ।ਇਸ ਮੌਕੇ ਜਗਦੀਪ ਸਿੰਘ, ਰਣਦੀਪ ਸਿੰਘ, ਸਕੱਤਰ ਸਿੰਘ, ਮਨਦੀਪ ਸਿੰਘ, ਅਮਰੀਕ ਸਿੰਘ, ਸੁਖਦੇਵ ਸਿੰਘ, ਨੰਬਰਦਾਰ ਕਾਲਾ ਸਿੰਘ, ਜੁਝਾਰ ਸਿੰਘ, ਕੁਲਵਿੰਦਰ ਸਿੰਘ, ਪ੍ਰਦੀਪ ਸਿੰਘ, ਮੌਜਰ ਪੰਚਾਇਤ ਦੀਪਕ ਰਾਜ, ਬਲਾਕ ਪ੍ਰਧਾਨ ਨਵਤੇਜਪਾਲ ਸਿੰਘ, ਨਵਦੀਪ ਸਿੰਘ ਸੋਨਾ, ਨਰਿੰਜਨ ਸਿੰਘ ਦਬੁਰਜੀ, ਕੁਲਵੰਤ ਸਿੰਘ, ਬਲਜੀਤ ਸਿੰਘ, ਸੁਲੱਖਣ ਸਿੰਘ, ਸਰਜੀਤ ਸਿੰਘ, ਪਰਮਜੀਤ ਸਿੰਘ ਅਤੇ ਬਲਜੀਤ ਸਿੰਘ ਵਿਰਕ ਸਮੇਤ ਹੋਰ ਪਿੰਡ ਵਾਸੀ ਅਤੇ ਕਾਂਗਰਸੀ ਵਰਕਰ ਹਾਜ਼ਰ ਸਨ।

ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਮੁਫ਼ਤ ਜਾਂਚ ਕੈਂਪ

ਬਿਆਸ (ਪਰਮਜੀਤ ਸਿੰਘ ਰੱਖੜਾ) ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇੜੇ ਹੈਪੀ ਦੀ ਚੱਕੀ ਗੁਰਬਖ਼ਸ਼ ਨਗਰ ਨਵਾਂ ਕੋਟ ਝਬਾਲ ਰੋਡ ਅੰਮ੍ਰਿਤਸਰ ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਚੈਰੀਟੇਬਲ ਲੈਬੋਰਟਰੀ ਦੇ ਕੁਲੈਕਸ਼ਨ ਸੈਂਟਰ ਦੇ ਉਦਘਾਟਨ ਮੌਕੇ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਚੈਰੀਟੇਬਲ ਲੈਬੋਰਟਰੀ ਦੇ ਕੁਲੈਕਸ਼ਨ ਸੈਂਟਰ ਦਾ ਸ਼ੁੱਭ ਉਦਘਾਟਨ ਗੁਰਦੁਆਰਾ ਸਾਹਿਬ ਦੀ ਕਮੇਟੀ, ਮੋਹਤਬਰਾਂ ਅਤੇ ਸਤੀਸ਼ ਐੱਨ ਜੀ ਓਜ਼ ਵਰਕਰ ਵੱਲੋਂ ਉਚੇਚੇ ਤੌਰ 'ਤੇ ਪੁੱਜ ਕੇ ਕੀਤਾ ਗਿਆ।ਇਸ ਮੌਕੇ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਫ੍ਰੀ ਜਾਂਚ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲਗਾਇਆ ਗਿਆ। ਇਸ ਕੈਂਪ ਵਿੱਚ 73 ਲੋੜਵੰਦ ਮਰੀਜ਼ਾਂ ਦੇ ਕਿਡਨੀ ਦੇ 5 ਟੈਸਟ, ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕ੍ਰਿਏਟੀਨਿਨ, ਬਲੱਡ ਯੂਰੀਆ ਕ੍ਰਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗੁਲੂਕੋਜ਼ / ਸ਼ੂਗਰ ਦਾ ਇੱਕ ਟੈਸਟ ਬਿਲਕੁਲ ਮੁਫ਼ਤ ਕੀਤੇ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰੱਖੜਾ ਨੇ ਦੱਸਿਆ ਕਿ ਚੈਰੀਟੇਬਲ ਲੈਬੋਰਟਰੀਆਂ ਦੇ ਬਲੱਡ ਸੈਂਪਲ ਕੁਲੈਕਸ਼ਨ ਸੈਂਟਰ ਸਾਰਾ ਮਹੀਨਾ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਖੁੱਲ੍ਹਦੇ ਹਨ, ਜਿੱਥੇ ਲੋੜਵੰਦ ਵਿਅਕਤੀ ਬਹੁਤ ਹੀ ਘੱਟ ਰੇਟ 'ਤੇ ਆਪਣੇ ਖੂਨ ਦੇ ਟੈਸਟ ਕਰਵਾ ਸਕਦੇ ਹਨ । ਸਾਰੇ ਅੰਮ੍ਰਿਤਸਰ ਸ਼ਹਿਰ ਵਿੱਚ ਪੰਜ ਹੋਰ ਵੀ ਸੈਂਟਰ ਚੱਲ ਰਹੇ ਹਨ, ਇਹ ਛੇਵਾਂ ਸੈਂਟਰ ਖੋਲ੍ਹਿਆ ਗਿਆ ਹੈ।

ਜਸਵਿੰਦਰ ਸਿੰਘ ਚਾਹਲ ਦੀ ਪੁਸਤਕ ਲੋਕ ਅਰਪਤ



ਬਿਆਸ (ਪਰਮਜੀਤ ਸਿੰਘ ਰੱਖੜਾ) ਬਾਬਾ ਬਕਾਲਾ ਸਾਹਿਬ ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ ਵੱਲੋਂ ਸੁਰਜੀਤ ਸਿੰਘ ਭੁੱਚਰ, ਰਘਬੀਰ ਸਿੰਘ ਭੁੱਚਰ, ਜਤਿੰਦਰ ਸਿੰਘ ਭੈਲ, ਪਰਮਜੀਤ ਸਿੰਘ ਅੰਜਲਾ, ਡਾ. ਦਲਬੀਰ ਸਿੰਘ ਲਹਿਰੀ, ਸਕੱਤਰ ਸਿੰਘ, ਜਸਬੀਰ ਸਿੰਘ ਭੁੱਲਰ, ਹੀਰਾ ਸਿੰਘ ਕੰਡਿਆਂਵਾਲੇ, ਜਸਪਿੰਦਰ ਸਿੰਘ ਕਸੇਲ ਅਤੇ ਸਭਾ ਦੇ ਸਰਪ੍ਰਸਤ ਬਲਬੀਰ ਸਿੰਘ ਭੈਲ ਦੇ ਪ੍ਰਧਾਨਗੀ ਮੰਡਲ ਦੀ ਪ੍ਰਧਾਨਗੀ ਹੇਠ ਜਸਵਿੰਦਰ ਸਿੰਘ ਮਾਣੋਚਾਹਲ ਦੀ ਅੱਠਵੀਂ ਕਿਤਾਬ 'ਆਜ਼ਾਦੀ ਲਹਿਰ, ਆਜ਼ਾਦੀ ਘੁਲਾਟੀਏ ਅਤੇ ਗੁਰਦੁਆਰਾ ਸੁਧਾਰ ਲਹਿਰ ਦੇ ਯੋਧੇ, ਜਿਲ੍ਹਾ ਤਰਨ ਤਾਰਨ' ਭਾਈ ਮੋਹਨ ਸਿੰਘ ਵੈਦ ਯਾਦਗਾਰੀ ਲਾਇਬਰੇਰੀ ਤਰਨ ਤਾਰਨ ਵਿਖੇ ਲੋਕ ਅਰਪਣ ਕੀਤੀ ਗਈ। ਪ੍ਰਧਾਨਗੀ ਮੰਡਲ ਵੱਲੋਂ ਜਸਵਿੰਦਰ ਸਿੰਘ ਮਾਣੋਚਾਹਲ ਦੀ ਦੇਸ਼ ਭਗਤ ਸੂਰਮਿਆਂ ਦੇ ਕਾਰਨਾਮਿਆਂ ਨੂੰ ਦਰਸਾਉਂਦੀ ਹੋਈ ਕਿਤਾਬ ਦੀ ਸਰਾਹਨਾ ਕਰਦੇ ਹੋਏ ਉਹਨਾ ਦੀ ਕਲਮ ਦੇ ਜਜ਼ਬੇ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਪੰਜਾਬ ਦੇ ਸਮੂਹ ਪਾਠਕਾਂ ਨੂੰ ਇਸ ਕਿਤਾਬ ਨੂੰ ਪੜਨ੍ਹ ਦੀ ਅਪੀਲ ਕੀਤੀ ਗਈ। ਇਸ ਤੋਂ ਬਾਅਦ ਕਵੀ ਦਰਬਾਰ ਹੋਇਆ, ਜਿਸ ਵਿੱਚ ਬਹੁਤ ਸਾਰੇ ਸਾਹਿਤਕਾਰਾਂ ਨੇ ਆਪੋ-ਆਪਣੀਆਂ ਰਚਨਾਵਾਂ ਰਾਹੀਂ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਰਘਬੀਰ ਸਿੰਘ ਭੁੱਚਰ ਪੋਤਾ ਜਥੇਦਾਰ ਤੇਜਾ ਸਿੰਘ ਭੁੱਚਰ ਨੇ ਸਾਰੇ ਸ਼ਹੀਦਾਂ ਨੂੰ ਸਮਰਪਤ ਹੁੰਦੇ ਹੋਏ ਜਥੇਦਾਰ ਤੇਜਾ ਸਿੰਘ ਭੁੱਚਰ ਦੀ ਪੰਥ ਪ੍ਰਤੀ ਕੁਰਬਾਨੀ ਦਾ ਜ਼ਿਕਰ ਕੀਤਾ। ਅਮਰ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਨ੍ਹਾ ਦੇ ਸਾਥੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਭਾ ਦੇ ਪ੍ਰਧਾਨ ਜਸਵਿੰਦਰ ਸਿੰਘ ਢਿੱਲੋਂ, ਬਲਬੀਰ ਸਿੰਘ ਬੇਲੀ ਅਤੇ ਕਰਮ ਸਿੰਘ ਮੁੰਡਾ ਪਿੰਡ ਦੇ ਕਵੀਸ਼ਰੀ ਜਥੇ ਨੇ ਕਰਤਾਰ ਸਿੰਘ ਸਰਾਭਾ ਦੀ ਵਾਰ ਸੁਣਾਈ।ਗਿਆਨੀ ਗੁਰਮੀਤ ਸਿੰਘ ਨੂਰਦੀ, ਸੁਖਵਿੰਦਰ ਸਿੰਘ ਖਾਰਾ, ਬਲਬੀਰ ਸਿੰਘ ਲਹਿਰੀ, ਬਲਬੀਰ ਸਿੰਘ ਬੇਲੀ, ਸਭਾ ਦੇ ਸਰਪ੍ਰਸਤ ਗੁਰਿੰਦਰਪਾਲ ਸਿੰਘ, ਲੇਖਕ ਅੰਮ੍ਰਿਤਪਾਲ ਸਿੰਘ ਖਹਿਰਾ ਗੋਇੰਦਵਾਲ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਦੇ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ, ਮੱਖਣ ਸਿੰਘ ਭੈਣੀਵਾਲ, ਚਰਨ ਸਿੰਘ, ਮਾਸਟਰ ਸਤਵਿੰਦਰ ਸਿੰਘ, ਜਸਬੀਰ ਸਿੰਘ ਝਬਾਲ, ਬਲਵਿੰਦਰ ਸਿੰਘ ਝਬਾਲ, ਮਲਕੀਤ ਸਿੰਘ ਸੋਚ ਪੱਟੀ, ਦੀਦਾਰ ਸਿੰਘ ਲਾਇਬ੍ਰੇਰੀਅਨ, ਤਾਰਾ ਸਿੰਘ ਲਾਇਬ੍ਰੇਰੀਅਨ, ਡਾ. ਅਜਮੇਰ ਸਿੰਘ, ਕਰਮ ਸਿੰਘ ਲਾਲਪੁਰਾ, ਇੰਦਰ ਸਿੰਘ ਮਾਨ, ਡਾਕਟਰ ਮਨਵੰਤ ਸਿੰਘ ਸੂਦ, ਚੈਂਚਲ ਸਿੰਘ ਚਾਹਲ, ਬਲਜ

ਨਵਾਂ ਜ਼ਮਾਨਾ
ਵੀਰਵਾਰ, 19 ਨਵੰਬਰ 2026

ਰਾਹੁਲ ਦੀਆਂ ਗੱਲਾਂ, ਭਾਜਪਾ ਦੀ ਖਿਝ

ਰਾਹੁਲ ਗਾਂਧੀ ਨੇ 17 ਨਵੰਬਰ ਨੂੰ ਨਿਊ ਯਾਰਕ ਦੀ ਕੋਲੰਬੀਆ ਯੂਨੀਵਰਸਿਟੀ ਵਿੱਚ ਇੱਕ ਸਮਾਗਮ ਵਿੱਚ ਕਿਹਾ ਕਿ ਭਾਰਤ ਆਰਥਕ ਤਬਾਹੀ ਦੇ ਕੰਢੇ 'ਤੇ ਹੈ। ਇਹੀ ਹਕੀਕਤ ਹੈ। ਕੁਝ ਲੋਕ ਇਸ ਨੂੰ ਅਣਦੇਖਾ ਕਰ ਸਕਦੇ ਹਨ, ਮੀਡੀਆ ਵੀ ਇਸ ਨੂੰ ਅਣਦੇਖਾ ਕਰ ਸਕਦਾ ਹੈ। ਭਾਰਤ ਦੇ ਆਰਥਕ ਮਾਡਲ ਨੇ ਲਗਭਗ ਇੱਕ ਦਹਾਕਾ ਪਹਿਲਾਂ ਨਤੀਜੇ ਦੇਣੇ ਬੰਦ ਕਰ ਦਿੱਤੇ ਸਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ 'ਮੇਕ ਇਨ ਇੰਡੀਆ' ਅਤੇ 'ਸਟਾਰਟਅੱਪ ਇੰਡੀਆ' ਪਹਿਲਕਦਮੀਆਂ ਨਾਲ ਖਾਸ ਰੁਜ਼ਗਾਰ ਨਹੀਂ ਪੈਦਾ ਹੋਇਆ। ਭਾਰਤ ਵਰਗੇ ਵਿਸ਼ਾਲ ਦੇਸ਼ 'ਚ ਰੁਜ਼ਗਾਰ ਦੀ ਸਮੱਸਿਆ ਨੂੰ ਸਿਰਫ ਸੇਵਾ ਖੇਤਰ ਨਾਲ ਹੱਲ ਨਹੀਂ ਕੀਤਾ ਜਾ ਸਕਦਾ। ਭਾਰਤ ਦੀ ਆਰਥਕਤਾ ਦੀ ਅਸਲ ਤਾਕਤ ਛੋਟੇ ਅਤੇ ਦਰਮਿਆਨੇ ਆਕਾਰ ਦੇ ਉਦਯੋਗਾਂ ਅਤੇ ਖੇਤੀਬਾੜੀ ਵਿੱਚ ਹੈ, ਜੋ ਚੋਖਾ ਰੁਜ਼ਗਾਰ ਪੈਦਾ ਕਰਦੇ ਹਨ। ਦੇਸ਼ ਵਿੱਚ ਨਿੱਜੀ ਨਿਵੇਸ਼ ਵਧ ਨਹੀਂ ਰਿਹਾ ਅਤੇ ਗੌਤਮ ਅਡਾਨੀ ਤੇ ਮੁਕੇਸ਼ ਅੰਬਾਨੀ ਦੇ ਕਾਰੋਬਾਰ ਲਗਾਤਾਰ ਫੈਲ ਰਹੇ ਹਨ। ਦੇਸ਼ ਵਿੱਚ ਦੌਲਤ ਕੁਝ ਲੋਕਾਂ ਦੇ ਹੱਥਾਂ ਵਿੱਚ ਇਕੱਠੀ ਹੋ ਰਹੀ ਹੈ। ਰਾਹੁਲ ਨੇ ਭਾਰਤ ਦੀ ਸਥਿਤੀ ਦੀ ਤੁਲਨਾ ਫਰਾਂਸ, ਬ੍ਰਾਜ਼ੀਲ ਅਤੇ ਅਮਰੀਕਾ ਵਰਗੇ ਦੇਸ਼ਾਂ ਵਿੱਚ ਹੋ ਰਹੇ ਸਿਆਸੀ ਅਤੇ ਸਮਾਜੀ ਬਦਲਾਅ ਨਾਲ ਵੀ ਕੀਤੀ। ਭਾਰਤ ਵਿੱਚ ਜੋ ਕੁਝ ਹੋ ਰਿਹਾ ਹੈ, ਉਸ ਨੂੰ ਦੁਨੀਆ ਦੀਆਂ ਹੋਰ ਥਾਵਾਂ 'ਤੇ ਵਾਪਰ ਰਹੀਆਂ ਘਟਨਾਵਾਂ ਤੋਂ ਅਲੱਗ-ਥਲੱਗ ਕਰਕੇ ਨਹੀਂ ਦੇਖਿਆ ਜਾ ਸਕਦਾ। ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ ਪ੍ਰਣਾਲੀ ਅਤੇ ਭ੍ਰਿਸ਼ਟਾਚਾਰ ਪ੍ਰਤੀ ਨੌਜਵਾਨਾਂ ਦੀ ਬੇਚੈਨੀ ਸਿਰਫ ਭਾਰਤ ਤੱਕ ਹੀ ਸੀਮਿਤ ਨਹੀਂ। ਦੁਨੀਆ ਭਰ ਦੇ ਕਈ ਦੇਸ਼ਾਂ ਦੇ ਨੌਜਵਾਨ ਇਨ੍ਹਾਂ ਮੁੱਦਿਆਂ 'ਤੇ ਆਪਣੀ ਆਵਾਜ਼ ਬੁਲੰਦ ਕਰ ਰਹੇ ਹਨ। ਦੇਸ਼ ਵਿੱਚ ਕੁਝ ਚੋਣਾਂ ਵਿੱਚ ਪੰਜ ਲੱਖ ਵੋਟਾਂ ਦੇ ਫਰਕ ਨਾਲ ਜਿੱਤਣਾ ਆਮ ਨਜ਼ਰ ਆਇਆ ਹੈ। ਭਾਜਪਾ ਨੇ ਕਾਂਗਰਸ ਪਾਰਟੀ ਨਾਲੋਂ 20, 30, 40, ਅਤੇ ਇੱਥੋਂ ਤੱਕ ਕਿ 50 ਗੁਣਾ ਜ਼ਿਆਦਾ ਖਰਚ ਕੀਤਾ। ਇਹ ਸਾਰਾ ਪੈਸਾ ਕਿੱਥੋਂ ਆਇਆ?

ਭਾਜਪਾ ਦੇ ਕੌਮੀ ਬੁਲਾਰੇ ਪ੍ਰਦੀਪ ਭੰਡਾਰੀ ਨੇ ਦੋਸ਼ ਲਗਾਇਆ ਹੈ ਕਿ ਰਾਹੁਲ ਗਾਂਧੀ ਭਾਰਤ ਦੀ ਤਰੱਕੀ ਅਤੇ ਲੋਕਤੰਤਰ ਨੂੰ ਨਫਰਤ ਕਰਦੇ ਹਨ ਅਤੇ ਵਿਦੇਸ਼ 'ਚ ਹਰ ਵਾਰ ਦੇਸ਼ ਦੇ ਵਿਰੁੱਧ ਬੋਲਦੇ ਹਨ। ਪ੍ਰਧਾਨ ਮੰਤਰੀ ਹਮੇਸ਼ਾ ਆਪਣੇ ਵਿਦੇਸ਼ੀ ਦੌਰਿਆਂ ਦੌਰਾਨ ਭਾਰਤ ਦੇ ਰਾਸ਼ਟਰੀ ਹਿੱਤਾਂ ਨੂੰ ਤਰਜੀਹ ਦਿੰਦੇ ਹਨ। ਭਾਜਪਾ ਦੇ ਇੱਕ ਹੋਰ ਬੁਲਾਰੇ ਗੌਰਵ ਭਾਟੀਆ ਨੇ ਰਾਹੁਲ ਗਾਂਧੀ ਨੂੰ ਮੀਰ ਜਾਫ਼ਰ ਤੱਕ ਦੱਸ ਦਿੱਤਾ। ਰਾਹੁਲ ਗਾਂਧੀ ਦੀਆਂ ਦਲੀਲਾਂ ਦਾ ਜਵਾਬ ਦੇਣ ਦੀ ਬਜਾਏ ਗੌਰਵ ਭਾਟੀਆ ਅਤੇ ਹੋਰ ਭਾਜਪਾ ਆਗੂ ਨਿੱਜੀ ਹਮਲੇ ਕਰ ਰਹੇ ਹਨ ਜਾਂ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰ ਰਹੇ ਹਨ। ਰਾਹੁਲ ਦਾ ਬਿਆਨ ਆਰਥਕ ਨੀਤੀਆਂ ਦੀ ਆਲੋਚਨਾ ਕਰਨ ਤੱਕ ਸੀਮਤ ਨਹੀਂ, ਉਹ ਮੋਦੀ ਸਰਕਾਰ ਦੀਆਂ ਨੀਤੀਆਂ ਬਾਰੇ ਵਿਆਪਕ ਸਵਾਲ ਉਠਾਉਂਦੇ ਹਨ, ਜੋ ਬੇਰੁਜ਼ਗਾਰੀ, ਨਿਰਮਾਣ, ਨਿੱਜੀ ਨਿਵੇਸ਼, ਆਰਥਕ ਅਸਮਾਨਤਾ, ਚੋਣ ਪ੍ਰਕਿਰਿਆ ਅਤੇ ਸੱਤਾ ਦੇ ਕੇਂਦਰੀਕਰਨ ਨੂੰ ਜੋੜਦੇ ਹਨ। ਇੱਥੇ ਦੋ ਬਿਰਤਾਂਤ ਹਨ। ਰਾਹੁਲ ਗਾਂਧੀ ਜ਼ੋਰ ਦੇ ਕੇ ਕਹਿ ਰਹੇ ਹਨ ਕਿ ਆਰਥਕ ਵਿਕਾਸ ਦੇ ਲਾਭ ਆਮ ਲੋਕਾਂ, ਨੌਜਵਾਨਾਂ ਅਤੇ ਛੋਟੇ ਕਾਰੋਬਾਰਾਂ ਤੱਕ ਨਹੀਂ ਪਹੁੰਚ ਰਹੇ, ਜਦੋਂ ਕਿ ਭਾਜਪਾ ਦਲੀਲ ਦਿੰਦੀ ਹੈ ਕਿ ਦੇਸ਼ ਦਾ ਆਰਥਕ ਵਿਕਾਸ ਮਜ਼ਬੂਤ ਹੈ। ਅਸਲ ਸਵਾਲ ਇਹ ਹੈ ਕਿ ਕੁੱਲ ਘਰੇਲੂ ਉਤਪਾਦਨ (ਜੀ ਡੀ ਪੀ) ਵਿੱਚ ਵਾਧੇ ਦੇ ਲਾਭ ਰੁਜ਼ਗਾਰ ਚਾਹੁਣ ਵਾਲਿਆਂ, ਛੋਟੇ ਉਦਯੋਗਾਂ, ਕਿਸਾਨਾਂ ਅਤੇ ਆਮ ਪਰਵਾਰਾਂ ਤੱਕ ਕਿੰਨੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚ ਰਹੇ ਹਨ? ਜੇ ਸਭ ਕੁਝ ਠੀਕ ਹੈ ਤਾਂ ਦੇਸ਼ ਦੇ ਲੋਕ ਬੇਚੈਨ ਕਿਉਂ ਹਨ?

ਨਵੀਂ ਪੀੜ੍ਹੀ ਦਾ ਕਬਿੱਤ !

ਢਾਹ ਲਾਈ ਹੋਈ ਸਦਾਚਾਰ ਤੇ ਨੈਤਿਕਤਾ ਨੂੰ,
ਨਵੀਂ ਪੀੜ੍ਹੀ ਵਿੱਚੋਂ ਗਾਇਬ ਚੱਜ ਤੇ ਆਚਾਰ ਨੇ।
ਸੁੱਝੇ ਨਾ ਇਲਾਜ ਮਜਬੂਰ ਹੋ ਕੇ ਸੋਚੀ ਜਾਂਦੇ,
ਮੱਥੇ ਹੱਥ ਮਾਰਦੇ ਐ ਮਾਪੇ ਵੀ ਲਾਚਾਰ ਨੇ।
ਗੱਲ ਕਹਿਣੀ ਸਹਿਣੀ ਹਾਸਾ ਠੱਠਾ ਵੀ ਏ ਭੁੱਲਿਆ,
ਪਾਟੋ-ਧਾੜੀ ਤਲਖੀ ਵਧਾਈ 'ਤਕਰਾਰ' ਨੇ।
ਪਾੜੇ ਤੇ ਪੁਆੜੇ ਪ੍ਰਾਈਵੇਸੀ ਨੇ ਹੀ ਪਾਏ ਐਸੇ,
ਰਹਿੰਦੇ ਨਾ ਇਕੱਠ 'ਟੁੱਟ ਰਹੇ' ਪਰਵਾਰ ਨੇ।
ਮਾਇਆ ਵਾਲੀ ਭੁੱਖ ਚਾਰੋਂ ਪਾਸੇ ਪ੍ਰਚੰਡ ਹੋਈ,
ਸ਼ੁਕਰ ਸਬਰ ਸਹਿਜ ਦਿੱਤੇ ਹੀ ਵਿਸਾਰ ਨੇ।
ਰੈਡੀਮੇਡ ਜਦੋਂ ਦਾ ਮਿਲਣ ਲੱਗਾ ਸਾਰਾ ਕੁਝ,
ਸਭ ਨੂੰ ਹੀ ਗਾਹਕ ਬਣਾਇਆ ਏ ਬਜ਼ਾਰ ਨੇ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

'ਵਿਸ਼ਵ ਗੁਰੂ' ਬਣਦੇ ਭਾਰਤ ਦਾ ਕੌੜਾ ਸੱਚ


ਗੁਰਮੀਤ ਸਿੰਘ ਪਲਾਹੀ

ਅੱਜ-ਕੱਲ੍ਹ ਦੇਸ਼ ਵਿੱਚ ਵਧਦਾ ਹੋਇਆ ਹਵਾ ਪ੍ਰਦੂਸ਼ਣ ਸਿਰਫ਼ ਵਾਤਾਵਰਣ ਦਾ ਮਸਲਾ ਨਹੀਂ ਰਿਹਾ, ਸਗੋਂ ਇਹ ਮਨੁੱਖੀ ਸਿਹਤ ਲਈ ਇੱਕ ਵੱਡਾ ਅਤੇ ਗੰਭੀਰ ਸੰਕਟ ਬਣਦਾ ਜਾ ਰਿਹਾ ਹੈ। ਪਰਾਲੀ ਸਾੜਨ ਤੋਂ ਲੈ ਕੇ ਪਟਾਕਿਆਂ ਅਤੇ ਆਵਾਜਾਈ (ਪਰਿਵਹਨ) ਤੱਕ, ਹਰ ਪਾਸੇ ਇੱਕ-ਦੂਜੇ 'ਤੇ ਦੋਸ਼ ਮੜ੍ਹੇ ਜਾ ਰਹੇ ਹਨ। ਸਿਆਸੀ ਅਤੇ ਸਮਾਜਿਕ ਪੱਧਰ 'ਤੇ ਅਸਲ ਗੁਨਾਹਗਾਰ ਲੱਭਣ ਦੀ ਬਜਾਏ ਜ਼ਿੰਮੇਵਾਰੀ ਤੋਂ ਭੱਜਣ ਦੀ ਹੋੜ ਲੱਗੀ ਹੋਈ ਹੈ। ਜਿਸ ਦੇਸ਼ ਨੂੰ 'ਵਿਸ਼ਵ ਗੁਰੂ' ਬਣਨ ਦੇ ਵੱਡੇ-ਵੱਡੇ ਸੁਪਨੇ ਦਿਖਾਏ ਜਾ ਰਹੇ ਹਨ, ਅਸਲ ਹਕੀਕਤ ਇਹ ਹੈ ਕਿ ਅੱਜ ਭਾਰਤ ਗੰਦਗੀ ਅਤੇ ਪ੍ਰਦੂਸ਼ਣ ਦੇ ਮਾਮਲੇ ਵਿੱਚ 'ਵਿਸ਼ਵ ਗੁਰੂ' ਕਹਾਉਣ ਦੇ ਰਾਹ ਤੁਰ ਪਿਆ ਹੈ।

ਦਿੱਲੀ ਤੋਂ ਲੈ ਕੇ ਮੁੰਬਈ ਤੱਕ ਹਵਾ ਦੇ ਜ਼ਹਿਰੀਲੀ ਹੋਣ ਪਿੱਛੇ ਸਰਕਾਰਾਂ ਦੀ ਲਗਾਤਾਰ ਅਣਗਹਿਲੀ, ਨੀਤੀਗਤ ਕਮੀਆਂ ਅਤੇ ਆਮ ਲੋਕਾਂ ਵਿੱਚ ਜਾਗਰੂਕਤਾ ਦੀ ਘਾਟ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ। ਅੰਤਰਰਾਸ਼ਟਰੀ ਪੱਧਰ 'ਤੇ ਵੀ ਜਦੋਂ ਅਸੀਂ ਦੁਨੀਆ ਦੇ ਹੋਰ ਵਿਕਸਤ ਦੇਸ਼ਾਂ ਨਾਲ ਆਪਣੀ ਤੁਲਨਾ ਕਰਦੇ ਹਾਂ ਤਾਂ ਸਾਡੀ ਤਸਵੀਰ ਬੇਹੱਦ ਚਿੰਤਾਜਨਕ ਅਤੇ ਸ਼ਰਮਨਾਕ ਨਜ਼ਰ ਆਉਂਦੀ ਹੈ।

ਇਸ ਗੰਭੀਰ ਸੰਕਟ ਪਿੱਛੇ ਭੂਗੋਲਿਕ, ਆਰਥਿਕ ਅਤੇ ਨੀਤੀਗਤ ਕਾਰਨ ਆਪਸ ਵਿੱਚ ਉਲਝੇ ਹੋਏ ਹਨ। ਗੰਗਾ-ਯਮੁਨਾ ਦੇ ਮੈਦਾਨੀ ਇਲਾਕਿਆਂ ਵਿੱਚ ਸਰਦੀਆਂ ਦੀ ਸ਼ੁਰੂਆਤ ਹੁੰਦਿਆਂ ਹੀ ਹਵਾ ਦੀ ਰਫ਼ਤਾਰ ਹੌਲੀ ਹੋ ਜਾਂਦੀ ਹੈ ਅਤੇ ਠੰਢੀ ਹਵਾ ਹੇਠਾਂ ਦੱਬ ਕੇ ਪ੍ਰਦੂਸ਼ਕਾਂ ਨੂੰ ਜ਼ਮੀਨ ਦੇ ਨੇੜੇ ਜਕੜ ਲੈਂਦੀ ਹੈ। ਨਵੰਬਰ ਦੇ ਪਹਿਲੇ ਪੰਦਰਵਾੜੇ ਵਿੱਚ ਪਰਾਲੀ, ਪਟਾਕਿਆਂ ਅਤੇ ਵਾਹਨਾਂ ਦਾ ਧੂੰਆਂ ਇਕੱਠਾ ਹੋ ਕੇ ਸਥਿਤੀ ਨੂੰ ਬਦਤਰ ਬਣਾ ਦਿੰਦਾ ਹੈ।

ਦੂਜੇ ਪਾਸੇ, ਸਾਡੀਆਂ ਨੀਤੀਆਂ ਅਕਸਰ ਰਾਜਾਂ ਦੀਆਂ ਸੀਮਾਵਾਂ ਵਿੱਚ ਕੈਦ ਰਹਿੰਦੀਆਂ ਹਨ, ਜਦਕਿ ਹਵਾ ਪ੍ਰਦੂਸ਼ਣ ਕਿਸੇ ਸੂਬੇ ਜਾਂ ਸ਼ਹਿਰ ਦੀ ਹੱਦ ਨਹੀਂ ਮੰਨਦਾ। ਦਿੱਲੀ ਦੀ ਹਵਾ ਨੂੰ ਹਰਿਆਣਾ, ਪੰਜਾਬ ਅਤੇ ਉੱਤਰ ਪ੍ਰਦੇਸ਼ ਦਾ ਪ੍ਰਦੂਸ਼ਣ ਵੀ ਪ੍ਰਭਾਵਤ ਕਰਦਾ ਹੈ। ਇਸ ਤੋਂ ਇਲਾਵਾ ਅੰਕੜਿਆਂ ਅਤੇ ਜਵਾਬਦੇਹੀ ਦੀ ਘਾਟ ਕਾਰਨ ਇਹ ਗੰਭੀਰ ਮੁੱਦਾ ਮਹਿਜ਼ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਰਹਿ ਜਾਂਦਾ ਹੈ।

ਪ੍ਰਦੂਸ਼ਣ ਦੇ ਇਸ ਵਰਤਾਰੇ ਦਾ ਇੱਕ ਅਤਿ-ਮੁੱਖ ਅਤੇ ਅਣਗੌਲਿਆ ਪੱਖ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਬੇਵਸੀ ਨਾਲ ਜੁੜਿਆ ਹੋਇਆ ਹੈ। ਦੇਸ਼ ਦੇ ਕਰੋੜਾਂ ਲੋਕ ਅਜਿਹੇ ਹਨ, ਜੋ ਆਰਥਿਕ ਤੌਰ 'ਤੇ ਏਨੇ ਕਮਜ਼ੋਰ ਹਨ ਕਿ ਉਨ੍ਹਾਂ ਕੋਲ ਸਵੱਛ ਊਰਜਾ, ਆਧੁਨਿਕ ਰਸੋਈ ਉਪਕਰਨਾਂ ਜਾਂ ਐੱਲ.ਪੀ.ਜੀ. ਸਿਲੰਡਰਾਂ ਨੂੰ ਨਿਰੰਤਰ ਵਰਤਣ ਦੇ ਸਾਧਨ ਨਹੀਂ ਹਨ।

ਗਰੀਬੀ ਅਤੇ ਮਹਿੰਗਾਈ ਦੇ ਚੱਲਦਿਆਂ ਇਹ ਪਰਵਾਰ ਮਜਬੂਰੀਵੱਸ ਰਸੋਈ ਵਿੱਚ ਲੱਕੜੀ, ਪਾਥੀਆਂ ਅਤੇ ਹੋਰ ਪ੍ਰਦੂਸ਼ਣ ਫੈਲਾਉਣ ਵਾਲਾ ਰਵਾਇਤੀ ਬਾਲਣ ਵਰਤਣ ਲਈ ਕਈ ਹਾਲਤਾਂ ਵਿੱਚ ਮਜਬੂਰ ਹੁੰਦੇ ਹਨ। ਰਸੋਈ ਵਿੱਚ ਵਰਤੇ ਜਾਣ ਵਾਲੇ ਇਹ ਸਾਧਨ ਅਤੇ ਉਪਕਰਨ ਘਰਾਂ ਦੇ ਅੰਦਰ ਹੀ ਭਾਰੀ ਮਾਤਰਾ ਵਿੱਚ ਜ਼ਹਿਰੀਲਾ ਧੂੰਆਂ ਅਤੇ ਪ੍ਰਦੂਸ਼ਣ ਪੈਦਾ ਕਰਦੇ ਹਨ, ਜਿਸ ਨੂੰ ਅਸੀਂ ਸਿਰਫ਼ ਬਾਹਰੀ ਵਾਤਾਵਰਣ ਦੇ ਪ੍ਰਦੂਸ਼ਣ ਦੇ ਤੌਰ 'ਤੇ ਹੀ ਵੇਖਣ, ਵਾਚਣ ਲੱਗ ਪਏ ਹਾਂ।

ਇਸ ਮਸਲੇ ਨੂੰ ਠੱਲ੍ਹ ਪਾਉਣ ਲਈ ਜਿੱਥੇ ਸਰਕਾਰਾਂ ਵੱਲੋਂ ਸਮੇਂ-ਸਮੇਂ 'ਤੇ ਯਤਨ ਕੀਤੇ ਜਾ ਰਹੇ ਹਨ, ਉੱਥੇ ਹੀ ਹੁਣ ਕੇਂਦਰ ਸਰਕਾਰ ਨੇ ਵੀ ਇਸ ਗੰਭੀਰਤਾ ਨੂੰ ਸਮਝਦਿਆਂ ਇੱਕ ਵੱਡਾ ਫੈਸਲਾ ਲਿਆ ਹੈ। ਸਰਕਾਰ ਵੱਲੋਂ ਦੇਸ਼ ਭਰ ਵਿੱਚ ਅਜਿਹੀਆਂ ਫੈਕਟਰੀਆਂ ਅਤੇ ਉਦਯੋਗਿਕ ਇਕਾਈਆਂ ਨੂੰ ਚਿੰਨਿਤ ਕਰਕੇ ਬੰਦ ਕਰਨ ਦੀ ਤਿਆਰੀ ਕੀਤੀ ਗਈ ਹੈ, ਜਿਨ੍ਹਾਂ ਦੀ ਅਸਲ ਮਾਇਨਿਆਂ ਵਿੱਚ ਆਧੁਨਿਕ ਵਿਕਾਸ ਲਈ ਕੋਈ ਬਹੁਤੀ ਲੋੜ ਨਹੀਂ ਹੈ ਜਾਂ ਜੋ ਬੇਲੋੜਾ ਤੇ ਅੰਨ੍ਹਾ ਪ੍ਰਦੂਸ਼ਣ ਫੈਲਾ ਰਹੀਆਂ ਹਨ। ਸਰਕਾਰ ਵੱਲੋਂ ਲੱਗਭੱਗ 1200 ਦੇ ਕਰੀਬ ਪ੍ਰਦੂਸ਼ਤ ਅਤੇ ਗੈਰ-ਜ਼ਰੂਰੀ ਫੈਕਟਰੀਆਂ ਨੂੰ ਬੰਦ ਕਰਨ ਦਾ ਸਖ਼ਤ ਫ਼ੈਸਲਾ ਲਿਆ ਗਿਆ ਹੈ ਤਾਂ ਜੋ ਹਵਾ ਦੀ ਗੁਣਵੱਤਾ ਨੂੰ ਸੁਧਾਰਿਆ ਜਾ ਸਕੇ। ਭਾਵੇਂ ਸਰਕਾਰੀ ਪੱਧਰ 'ਤੇ ਅਜਿਹੇ ਯਤਨ ਜਾਰੀ ਹਨ, ਪਰ ਸਮੱਸਿਆ ਦੀ ਵਿਸ਼ਾਲਤਾ ਅੱਗੇ ਇਹ ਕਦਮ ਉਦੋਂ ਤੱਕ ਨਾਕਾਫ਼ੀ ਜਾਪਦੇ ਹਨ ਜਦੋਂ ਤੱਕ ਜ਼ਮੀਨੀ ਪੱਧਰ 'ਤੇ ਸਰਵਜਨਕ ਜਾਗਰੂਕਤਾ ਅਤੇ ਸਖ਼ਤੀ ਨੂੰ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਜਾਂਦਾ।

ਉਦਯੋਗਾਂ ਅਤੇ ਵਿਕਾਸ ਦੇ ਨਾਂਅ 'ਤੇ ਕੁਦਰਤ ਨਾਲ ਹੋ ਰਿਹਾ ਖਿਲਵਾੜ ਵੀ ਇਸ ਪ੍ਰਦੂਸ਼ਣ ਸੰਕਟ ਨੂੰ ਹੋਰ ਡੂੰਘਾ ਕਰ ਰਿਹਾ ਹੈ। ਇੱਕ ਪਾਸੇ ਜਿੱਥੇ ਉਦਯੋਗਾਂ ਦਾ ਪਸਾਰ ਹੋ ਰਿਹਾ ਹੈ, ਉੱਥੇ ਹੀ ਅੰਕੜੇ ਦੱਸਦੇ ਹਨ ਕਿ ਭਾਰਤ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ 828 ਵਰਗ ਕਿਲੋਮੀਟਰ ਜੰਗਲ ਉਦਯੋਗਾਂ ਦੇ ਹਵਾਲੇ ਕਰ ਦਿੱਤੇ ਗਏ ਹਨ। ਯਾਦ ਰਹੇ ਕਿ ਭਾਰਤ ਵਿੱਚ ਕੁੱਲ ਜੰਗਲਾਤ ਖੇਤਰ 7,15,342 ਵਰਗ ਕਿਲੋਮੀਟਰ ਹੈ, ਜੋ ਦੇਸ਼ ਦੇ ਕੁੱਲ ਭੂਗੋਲਿਕ ਖੇਤਰ ਦਾ 21.76 ਫੀਸਦੀ ਬਣਦਾ ਹੈ। ਪੰਜਾਬ ਵਰਗੇ ਸੂਬੇ ਵਿੱਚ ਤਾਂ ਸਥਿਤੀ ਜ਼ਿਆਦਾ ਚਿੰਤਾਜਨਕ ਹੈ, ਕਿਉਂਕਿ ਇੱਥੇ ਜੰਗਲਾਤ ਦੀ ਪਹਿਲਾਂ ਹੀ ਭਾਰੀ ਘਾਟ ਹੈ, ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਡਿੱਗ ਰਿਹਾ ਹੈ ਅਤੇ ਹਵਾ ਪ੍ਰਦੂਸ਼ਣ ਨਾਲ ਜੂਝ ਰਹੇ ਪੰਜਾਬ ਵਿੱਚ ਵੀ 753 ਹੈਕਟੇਅਰ ਜੰਗਲਾਤ ਜ਼ਮੀਨ ਗ਼ੈਰ-ਜੰਗਲੀ ਕੰਮਾਂ ਲਈ ਪਿਛਲੇ ਤਿੰਨਾਂ ਸਾਲਾਂ ਵਿੱਚ ਵਰਤਣ ਦੀ ਮਨਜ਼ੂਰੀ ਦਿੱਤੀ ਗਈ ਹੈ। ਜੰਗਲਾਤ ਦੀ ਇਸ ਲਗਾਤਾਰ ਕਮੀ ਅਤੇ ਕਟਾਈ ਨਾਲ ਤਾਪਮਾਨ ਵਧ ਰਿਹਾ ਹੈ, ਮੀਂਹ ਦਾ ਪੈਟਰਨ ਬਦਲ ਰਿਹਾ ਹੈ, ਮਿੱਟੀ ਦਾ ਖੋਰਨ ਹੋ ਰਿਹਾ ਹੈ ਅਤੇ ਪਾਣੀ ਦੀ ਉਪਲੱਬਧਤਾ ਪ੍ਰਭਾਵਤ ਹੋ ਰਹੀ ਹੈ। ਵਾਤਾਵਰਣ ਦਾ ਇਹ ਵਿਗਾੜਿਆ ਸੰਤੁਲਨ ਸਿੱਧੇ ਸ਼ਬਦਾਂ ਵਿੱਚ ਮਨੁੱਖੀ ਸਿਹਤ 'ਤੇ ਬਹੁਤ ਵੱਡਾ ਅਤੇ ਘਾਤਕ ਅਸਰ ਪਾ ਰਿਹਾ ਹੈ।

ਅੰਤਰਰਾਸ਼ਟਰੀ ਸੰਦਰਭ ਵਿੱਚ ਗੰਦਗੀ ਅਤੇ ਪ੍ਰਦੂਸ਼ਣ ਦੇ ਮਾਮਲੇ ਵਿੱਚ ਭਾਰਤ ਦੀ ਸਥਿਤੀ ਬਹੁਤ ਭਿਆਨਕ ਹੈ। ਸਵਿਟਜ਼ਰਲੈਂਡ ਦੀ ਸੰਸਥਾ (ਆਈ.ਕਿਊ.ਏ.ਆਈ.ਆਰ.) ਦੀ ਵਿਸ਼ਵ ਹਵਾ ਗੁਣਵੱਤਾ ਰਿਪੋਰਟ ਵਿੱਚ 143 ਦੇਸ਼ਾਂ ਅਤੇ ਖੇਤਰਾਂ ਦੇ 9,446 ਸ਼ਹਿਰਾਂ ਦੇ ਅੰਕੜੇ ਦੇਖੇ ਗਏ। ਇਸ ਅੰਤਰਰਾਸ਼ਟਰੀ ਵਿਸ਼ਲੇਸ਼ਣ ਵਿੱਚ ਇਹ ਹੈਰਾਨ ਕਰਨ ਵਾਲਾ ਤੱਥ ਸਾਹਮਣੇ ਆਇਆ ਕਿ ਦੁਨੀਆ ਦੇ 25 ਸਭ ਤੋਂ ਸੁਰੱਖਿਅਤ ਸ਼ਹਿਰ ਭਾਰਤ, ਪਾਕਿਸਤਾਨ ਅਤੇ ਚੀਨ ਤੋਂ ਬਾਹਰ ਯੂਰਪ ਅਤੇ ਅਮਰੀਕੀ ਖੇਤਰਾਂ ਵਿੱਚ ਪਾਏ ਗਏ, ਜਦਕਿ ਸਭ ਤੋਂ ਵੱਧ ਪ੍ਰਦੂਸ਼ਤ ਚਾਰ ਸ਼ਹਿਰਾਂ ਵਿੱਚੋਂ ਤਿੰਨ ਭਾਰਤ ਵਿੱਚ ਦੇਖੇ ਗਏ। ਉੱਤਰ ਪ੍ਰਦੇਸ਼ ਦਾ ਲੋਨੀ ਸਭ ਤੋਂ ਪ੍ਰਦੂਸ਼ਤ ਸ਼ਹਿਰ ਰਿਹਾ। ਜਿਸ ਦਾ ਸਾਲਾਨਾ ਔਸਤ ਬਰੀਕ ਧੂੜ ਦੇ ਕਣ ਭਾਵ (ਪੀ.ਐੱਮ 2.5) 112.5 ਮਾਈਕ੍ਰੋਗ੍ਰਾਮ ਪ੍ਰਤੀ ਟਨ ਰਿਹਾ। ਇਸ ਰਿਪੋਰਟ ਅਨੁਸਾਰ ਦਿੱਲੀ ਚੌਥੇ ਸਥਾਨ 'ਤੇ ਸੀ ਅਤੇ ਸਮੁੱਚੇ ਤੌਰ 'ਤੇ ਭਾਰਤ ਦੁਨੀਆ ਦੇ ਸਭ ਤੋਂ ਪ੍ਰਦੂਸ਼ਤ ਦੇਸ਼ਾਂ ਵਿੱਚ ਛੇਵੇਂ ਸਥਾਨ 'ਤੇ ਰਿਹਾ।

ਰਾਸ਼ਟਰੀ ਅਤੇ ਵਿਸ਼ਵਵਿਆਪੀ ਅੰਕੜੇ ਇਸ ਭਿਆਨਕ ਤਸਵੀਰ ਦੀ ਪੁਸ਼ਟੀ ਕਰਦੇ ਹਨ ਕਿ ਪ੍ਰਦੂਸ਼ਣ ਸਾਡੀ ਹੋਂਦ ਲਈ ਕਿੰਨਾ ਵੱਡਾ ਖ਼ਤਰਾ ਬਣ ਚੁੱਕਾ ਹੈ। ਹੈਲਥ ਇਫਿਕਟਸ ਇੰਸਟੀਚਿਊਟ ਦੀ ਰਿਪੋਰਟ ਅਨੁਸਾਰ ਸਾਲ 2023 ਵਿੱਚ ਦੁਨੀਆ ਭਰ ਵਿੱਚ ਹਵਾ ਪ੍ਰਦੂਸ਼ਣ ਕਾਰਨ 79 ਲੱਖ ਮੌਤਾਂ ਹੋਈਆਂ, ਜਿਨ੍ਹਾਂ ਵਿੱਚੋਂ 20 ਲੱਖ ਤੋਂ ਵੱਧ ਮੌਤਾਂ ਇਕੱਲੇ ਭਾਰਤ ਅਤੇ ਚੀਨ ਵਿੱਚ ਦਰਜ ਕੀਤੀਆਂ ਗਈਆਂ। ਭਾਰਤ ਵਿੱਚ ਪ੍ਰਦੂਸ਼ਣ ਨਾਲ ਹੋਣ ਵਾਲੀਆਂ ਮੌਤਾਂ ਦੀ ਦਰ ਪ੍ਰਤੀ ਇੱਕ ਲੱਖ ਦੀ ਆਬਾਦੀ ਪਿੱਛੇ 186 ਹੈ, ਜਦਕਿ ਉੱਚ-ਆਮਦਨ ਵਾਲੇ ਦੇਸ਼ਾਂ ਵਿੱਚ ਇਹ ਦਰ ਸਿਰਫ਼ 17 ਹੈ। ਭਾਰਤ ਵਿੱਚ ਪ੍ਰਦੂਸ਼ਣ ਨਾਲ ਹੋਈਆਂ ਮੌਤਾਂ ਵਿੱਚੋਂ 89 ਫੀਸਦੀ ਮੌਤਾਂ ਫੇਫੜਿਆਂ

ਏਟਕ ਵੱਲੋਂ ਕੇਂਦਰ ਤੇ ਸੂਬਾ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ



ਨਾਭਾ (ਅਮਨ ਗਰਗ)

"ਕੇਂਦਰ ਦੀ ਮੋਦੀ ਹਕੂਮਤ ਜਦੋਂ ਤੋਂ ਸੱਤਾ ਵਿੱਚ ਆਈ ਹੈ ਉਦੋਂ ਤੋਂ ਹੀ ਨਰੇਗਾ ਐਕਟ 2005 ਉਸ ਦੀਆਂ ਅੱਖਾਂ ਵਿੱਚ ਰੜਕ ਰਿਹਾ ਸੀ। ਇਸ ਲਈ ਉਸ ਨੇ ਇਸ ਨੂੰ ਬਦਲ ਕੇ ਨਵਾਂ ਕਾਨੂੰਨ ਵੀ ਬੀ ਗਰਾਮ ਜੀ ਬਣਾ ਦਿੱਤਾ ਹੈ, ਜਿਸ ਵਿੱਚ ਬਹੁਤ ਸਾਰੇ ਕੰਮ ਕੱਟ ਦਿੱਤੇ ਗਏ ਹਨ। ਜਿਸ ਨਾਲ ਕਾਮਿਆਂ ਨੂੰ ਕੰਮ ਪ੍ਰਾਪਤੀਆਂ ਦੀਆਂ ਸੰਭਾਵਨਾਵਾਂ ਬਹੁਤ ਘਟ ਗਈਆਂ ਹਨ। 1 ਜੁਲਾਈ 2026 ਤੋਂ ਪੰਜਾਬ ਵਿੱਚ ਵੀ ਬੀ ਗਰਾਮ ਜੀ ਲਾਗੂ ਕਰ ਦਿੱਤਾ ਹੈ, ਉਦੋਂ ਤੋਂ ਹੀ ਪੇਂਡੂ ਕਿਰਤੀ ਕੰਮ ਲਈ ਮਾਰੇ-ਮਾਰੇ ਫਿਰ ਰਹੇ ਹਨ, ਉਹਨਾਂ ਨੂੰ ਮੰਗਿਆਂ ਵੀ ਕੰਮ ਨਹੀਂ ਮਿਲ ਰਿਹਾ ਨਾ ਹੀ ਬੇਰੁਜ਼ਗਾਰੀ ਭੱਤਾ ਦਿੱਤਾ ਜਾ ਰਿਹਾ ਹੈ। ਜਿਨ੍ਹਾਂ ਨੇ ਕੰਮ ਕੀਤਾ ਉਨ੍ਹਾਂ ਨੂੰ ਤਿੰਨ ਮਹੀਨਿਆਂ ਤੋਂ ਕੀਤੇ ਕੰਮ ਦੀਆਂ ਉਜਰਤਾਂ ਨਹੀਂ ਦਿੱਤੀਆਂ ਜਾ ਰਹੀਆਂ। ਇਸ ਲਈ ਵਿਧਾਨ ਸਭਾ 2027 ਦੀਆਂ ਚੋਣਾਂ ਵਿੱਚ ਪੰਜਾਬ ਦੇ ਨਰੇਗਾ ਕਾਮੇ ਅਤੇ ਹੋਰਨਾਂ ਖੇਤਰਾਂ ਵਿੱਚ ਕੰਮ ਕਰਨ ਵਾਲੇ ਕਿਰਤੀ ਇਹਨਾਂ ਨੂੰ ਸਬਕ ਸਿਖਾਉਣਗੇ।" ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ/ਵੀ ਬੀ ਗਰਾਮ ਜੀ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ (ਰਜਿ:) ਏਟਕ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਨੇ ਨਾਭਾ ਕਚਹਿਰੀ ਸਾਹਮਣੇ ਦਿੱਤੇ ਰੋਸ ਧਰਨੇ ਉਪਰੰਤ ਪ੍ਰਗਟਾਏ। ਉਹਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਨੂੰ ਬਦਲ ਕੇ ਬਣਾਏ 4 ਕੋਡ ਜੋ ਕਿਰਤੀਆਂ ਦੇ ਵਿਰੋਧੀ ਹਨ ਪੰਜਾਬ ਸਰਕਾਰ ਨੇ ਇਹਨਾਂ ਕੋਡਾਂ ਨੂੰ ਪੰਜਾਬ ਵਿੱਚ ਲਾਗੂ ਕਰ ਦਿੱਤਾ ਹੈ ਅਤੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਇਸ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜਨ ਵੇਲੇ ਹੋਏ ਕਾਮਿਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਬੀ.ਜੇ.ਪੀ. ਸਰਕਾਰ ਇੱਕੋ ਹੀ ਖਸਲਤ ਵਾਲੀਆਂ ਪਾਰਟੀਆਂ ਹਨ, ਦੋਵੇਂ ਹੀ ਪਾਰਟੀਆਂ ਕਹਿੰਦੀਆ ਕੁੱਝ ਹੋਰ ਹਨ, ਤੇ ਕਰਦੀਆਂ ਕੁੱਝ ਹੋਰ ਹਨ। ਇਸ ਸਮੇਂ ਪੰਜਾਬ ਇਸਤਰੀ ਸਭਾ ਦੀ ਜਿਲ੍ਹਾ ਪ੍ਰਧਾਨ ਬਲਜੀਤ ਕੌਰ ਗਦਾਈਆ, ਬੱਗਾ ਸਿੰਘ ਗਲਵੱਟੀ, ਦਲਜੀਤ ਕੌਰ ਕੱਲੋਮਾਜਰਾ, ਅਮਨਦੀਪ ਕੌਰ ਧਾਰੋਕੀ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਵੀ ਬੀ ਗਰਾਮ ਜੀ ਦੇ ਤਹਿਤ ਜੇ ਪੰਜਾਬ ਸਰਕਾਰ ਨੇ ਕੰਮ ਦੇਣ ਵਿੱਚ ਆਨਾ ਕਾਨੀ ਕੀਤੀ ਤਾਂ ਪੰਜਾਬ ਦੇ ਪਿੰਡਾਂ ਵਿੱਚ ਜਾ ਕੇ ਮਜਦੂਰਾਂ ਨੂੰ ਚੇਤੰਨ ਕਰਕੇ ਵੱਡਾ ਤੇ ਲੰਮਾਂ ਸੰਘਰਸ਼ ਵਿੱਢ ਦਿੱਤਾ ਜਾਵੇਗਾ ਅਤੇ 6 ਦਸੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮਹਾਂ ਪੰਚਾਇਤ ਵਿੱਚ ਨਾਭਾ ਤਹਿਸੀਲ ਦੇ ਦਰਜਨਾਂ ਪਿੰਡਾਂ ਵਿੱਚੋਂ ਕਿਰਤੀ ਸ਼ਾਮਲ ਹੋਣਗੇ।

ਠੇਕੇਦਾਰ ਤੇ ਨਗਰ ਕੌਂਸਲ ਦੇ ਕਾਟੋ ਕਲੇਸ਼ ਦਾ ਖਮਿਆਜ਼ਾ ਭੁਗਤ ਰਹੇ ਲੋਕ

ਸੜਕ ਦਾ ਕੰਮ ਅੱਧ-ਵਿਚਾਲੇ ਛੱਡ ਗਿਆ ਠੇਕੇਦਾਰ, ਠੇਡੇ ਖਾ ਰਹੇ ਲੋਕ



ਬਰਨਾਲਾ (ਗੀਤਵਾਲ)-ਸ਼ਹਿਰ ਦੇ ਵਿਕਾਸ ਕਾਰਜਾਂ ਦੀ ਪੋਲ ਉਸ ਵੇਲੇ ਖੁੱਲ੍ਹ ਗਈ, ਜਦੋਂ ਠੇਕੇਦਾਰ ਅਤੇ ਨਗਰ ਕੌਂਸਲ ਦੀ ਆਪਸੀ ਖਿੱਚੋਤਾਣ ਕਾਰਨ ਦਿਆਲਪੁਰਾ ਰੋਡ ਵਾਲੀ ਸੜਕ ਦਾ ਨਿਰਮਾਣ ਕੰਮ ਅੱਧ-ਵਿਚਾਲੇ ਹੀ ਲਟਕ ਗਿਆ। ਇਸ ਸਰਕਾਰੀ ਨਾਲਾਇਕੀ ਅਤੇ ਆਪਸੀ ਝਗੜੇ ਦੀ ਸਜ਼ਾ ਆਮ ਲੋਕ ਭੁਗਤ ਰਹੇ ਹਨ, ਜਿਨ੍ਹਾਂ ਦਾ ਇਸ ਸਾਰੇ ਕਲੇਸ਼ ਨਾਲ ਕੋਈ ਲੈਣਾ-ਦੇਣਾ ਨਹੀਂ। ਜਾਣਕਾਰੀ ਅਨੁਸਾਰ ਕਰੀਬ ਇੱਕ ਕਿਲੋਮੀਟਰ ਤੱਕ ਦੀ ਸੜਕ ਤੇ ਬਜਰੀ ਪਾ ਕੇ ਛੱਡ ਦਿੱਤੀ ਗਈ ਹੈ। ਕਿਤੇ ਬਜਰੀ ਖਿੱਲਰੀ ਪਈ ਹੈ ਤੇ ਕਿਤੇ ਡੂੰਘੇ ਟੋਏ ਹਨ। ਜਿਸ ਨੇ ਲੋਕਾਂ ਦਾ ਜਿਉਣਾ ਦੁੱਭਰ ਕਰ ਦਿੱਤਾ ਹੈ, ਜਦਕਿ ਰਾਤ ਨੂੰ ਹਨੇਰੇ ਵਿੱਚ ਹਾਦਸਿਆਂ ਦਾ ਖ਼ਤਰਾ ਮੰਡਰਾਉਂਦਾ ਰਹਿੰਦਾ ਹੈ। ਸਕੂਲੀ ਬੱਚੇ, ਬਜ਼ੁਰਗ ਅਤੇ ਦੋਪਹੀਆ ਵਾਹਨ ਚਾਲਕ ਸਭ ਤੋਂ ਵੱਧ ਪ੍ਰੇਸ਼ਾਨ ਹਨ। ਸੜਕ ਕਿਨਾਰੇ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਗਾਹਕ ਆਉਣੋਂ ਹਟ ਗਏ ਹਨ ਅਤੇ ਕੰਮਕਾਜ ਲਗਭਗ ਠੱਪ ਹੋ ਚੁੱਕਾ ਹੈ। ਦੁਕਾਨਦਾਰ ਰਾਜ ਬਾਂਸਲ ਨੇ ਰੋਸ ਜ਼ਾਹਰ ਕਰਦਿਆਂ ਕਿਹਾ, ਅਸੀਂ ਟੈਕਸ ਵੀ ਭਰਦੇ ਹਾਂ ਤੇ ਨੁਕਸਾਨ ਵੀ ਸਹਿੰਦੇ ਹਾਂ। ਕੌਂਸਲ ਤੇ ਠੇਕੇਦਾਰ ਇੱਕ-ਦੂਜੇ ਨੂੰ ਦੋਸ਼ ਦੇ ਰਹੇ ਹਨ, ਪਰ ਸਾਡੀ ਸੁਣਵਾਈ ਕੋਈ ਨਹੀਂ ਕਰ ਰਿਹਾ। ਇਸ ਮਾਮਲੇ ਚ ਠੇਕੇਦਾਰ ਵਿੱਕੀ ਸਿੰਗਲਾ ਦਾ ਦੋਸ਼ ਹੈ ਕਿ ਨਗਰ ਕੌਂਸਲ ਵੱਲੋਂ ਕੀਤੇ ਕੰਮ ਦੀ ਅਦਾਇਗੀ ਸਮੇਂ ਸਿਰ ਨਹੀਂ ਕੀਤੀ ਗਈ, ਜਦਕਿ ਕੌਂਸਲ ਅਧਿਕਾਰੀਆਂ ਦਾ ਕਹਿਣਾ ਹੈ ਕਿ ਠੇਕੇਦਾਰ ਨੇ ਸ਼ਰਤਾਂ ਮੁਤਾਬਕ ਕੰਮ ਨਪੇਰੇ ਨਹੀਂ ਚੜ੍ਹਾਇਆ। ਇਲਾਕਾ ਵਾਸੀਆਂ ਨੇ ਮੰਗ ਕੀਤੀ ਹੈ ਕਿ ਸੜਕ ਦਾ ਕੰਮ ਤੁਰੰਤ ਮੁੜ ਸ਼ੁਰੂ ਕਰਵਾਇਆ ਜਾਵੇ, ਦੋਸ਼ੀ ਧਿਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ, ਜਦੋਂ ਤੱਕ ਕੰਮ ਪੂਰਾ ਨਹੀਂ ਹੁੰਦਾ, ਆਰਜ਼ੀ ਤੌਰ 'ਤੇ ਸੜਕ ਨੂੰ ਚੱਲਣ ਯੋਗ ਬਣਾਇਆ ਜਾਵੇ। ਲੋਕਾਂ ਨੇ ਚੇਤਾਵਨੀ ਦਿੱਤੀ ਕਿ ਜੇ ਜਲਦੀ ਹੱਲ ਨਾ ਕੱਢਿਆ ਗਿਆ ਤਾਂ ਉਹ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਹੋਣਗੇ।

ਮੁਲਾਜ਼ਮ ਤੇ ਪੈਨਸ਼ਨਰ ਸਰਕਾਰ ਖਿਲਾਫ ਸੱਤ ਰੋਜ਼ਾ ਪੱਕੇ ਮੋਰਚੇ 'ਚ ਅੱਜ ਕਰਨਗੇ ਭਰਵੀਂ ਸ਼ਮੂਲੀਅਤ



ਕੋਟਕਪੂਰਾ (ਰਛਪਾਲ ਭੁੱਲਰ)

ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਇੱਕ ਮੀਟਿੰਗ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਪੈਨਸ਼ਨਰ ਭਵਨ ਵਿਖੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਵੱਖ ਵੱਖ ਵਿਅਕਤੀਆਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਮੁੱਖ ਸਲਾਹਕਾਰ ਬਲਦੇਵ ਸਿੰਘ ਸਹਿਦੇਵ, ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਅਸ਼ੋਕ ਕੌਸ਼ਲ, ਜ਼ਿਲ੍ਹਾ ਜਨਰਲ ਸਕੱਤਰ ਇਕਬਾਲ ਸਿੰਘ ਮੰਘੇੜਾ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਤਰਸੇਮ ਨਰੂਲਾ, ਮੰਦਰ ਸਿੰਘ ਲੈਕਚਰਾਰ, ਕੁਲਜੀਤ ਸਿੰਘ ਬੰਬੀਹਾ, ਜਸਵਿੰਦਰ ਸਿੰਘ ਬਰਾੜ ਸੇਵਾ ਮੁਕਤ ਪੇਂਡੂ ਵਿਕਾਸ ਅਧਿਕਾਰੀ ਅਤੇ ਅਮਰਜੀਤ ਕੌਰ ਛਾਬੜਾ ਨੇ ਪਿਛਲੇ ਸਮੇਂ ਦੌਰਾਨ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਤੇ ਭਗਵੰਤ ਮਾਨ ਸਰਕਾਰ ਦੇ ਖਿਲਾਫ ਹੋਏ ਵੱਖ ਵੱਖ ਐਕਸ਼ਨਾਂ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਕੀਤੀ ਜਾ ਰਹੀ ਭਰਵੀਂ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸਿਰਫ 8 ਫੀਸਦੀ ਅਤੇ 3 ਫੀਸਦੀ ਡੀ ਏ ਦੇਣ ਸਮੇਂ ਜਾਰੀ ਕੀਤੇ ਗਏ ਪੱਤਰਾਂ ਨੂੰ ਭਗਵੰਤ ਮਾਨ ਸਰਕਾਰ ਵੱਲੋਂ ਡੀ ਏ ਨੂੰ ਕੇਂਦਰੀ ਪੈਟਰਨ ਨਾਲੋਂ ਡੀਲਿੰਕ ਕਰਨ ਦੀ ਕੋਝੀ ਕਾਰਵਾਈ ਕਰਾਰ ਦਿੱਤਾ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 19 ਨਵੰਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਸਾਂਝੀ ਤਾਲਮੇਲ ਕਮੇਟੀ ਵੱਲੋਂ ਲਗਾਏ ਗਏ 7 ਰੋਜ਼ਾ ਪੱਕੇ ਮੋਰਚੇ ਦੇ ਆਖਰੀ ਦਿਨ ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਸਬੰਧਤ ਏਟਕ ਨਾਲ ਸਬੰਧਤ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਬਕਾਇਆ ਪਈਆਂ ਡੀ ਏ ਦੀਆਂ ਸਾਰੀਆਂ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਪੈਨਸ਼ਨਰਾਂ ਲਈ 2.59 ਦਾ ਗੁਨਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, 15 ਜਨਵਰੀ 2015 ਅਤੇ 17 ਜੁਲਾਈ 2020 ਦੇ ਪੱਤਰ ਤੁਰੰਤ ਵਾਪਸ ਲਏ ਜਾਣ , ਸਮੂਹ ਸਕੀਮ ਵਰਕਰਾਂ ਵਾਸਤੇ ਘੱਟੋ ਘੱਟ ਉਜਰਤ ਕਾਨੂੰਨ ਲਾਗੂ ਕੀਤਾ ਜਾਵੇ, ਆਮ ਆਦਮੀ ਪਾਰਟੀ ਵੱਲੋਂ ਸਾਲ 2022 ਦੌਰਾਨ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੱਖਾਂ ਮੁਲਾਜ਼ਮਾਂ ਦੇ ਪੈਨਸ਼ਨਰਾਂ ਨਾਲ ਕੀਤੇ ਗਏ ਸਾਰੇ ਵਾਅਦੇ ਤੁਰੰਤ ਪੂਰੇ ਕੀਤੇ ਜਾਣ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਕੀਤੇ ਗਏ ਸਾਰੇ ਫੈਸਲੇ ਤੁਰੰਤ ਸਹੀ ਦਿਸ਼ਾ ਵਿੱਚ ਲਾਗੂ ਕਰਦੇ ਹੋਏ ਜਨਰਲਾਇਜ਼ ਕੀਤੇ ਜਾਣ। ਇਸ ਉਪਰੰਤ ਪੈਨਸ਼ਨਰਾਂ ਨੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਬੰਧੀ ਭਗਵੰਤ ਮਾਨ ਸਰਕਾਰ ਵੱਲੋਂ 18 ਨਵੰਬਰ 2022 ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਨੂੰ ਚਾਰ ਸਾਲਾਂ ਬਾਅਦ ਵੀ ਲਾਗੂ ਨਾ ਕਰਨ ਨੂੰ ਝੂਠਾ ਨੋਟੀਫਿਕੇਸ਼ਨ ਕਰਾਰ ਦਿੰਦੇ ਹੋਏ ਇਸ ਦੀਆਂ ਕਾਪੀਆਂ ਫੂਕੀਆਂ ਗਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਮੁਖਤਿਆਰ ਸਿੰਘ ਮੱਤਾ, ਗੁਰਚਰਨ ਸਿੰਘ ਮਾਨ,, ਗੋਜ਼ ਰਾਮ ਭੰਗੇਰਾ, ਸੁਖਮੰਦਰ ਰਾਮਸਰ, ਪ੍ਰਿੰਸੀਪਲ ਹਰੀ ਚੰਦ ਧਿੰਗੜਾ, ਤਾਰਾ ਸਿੰਘ ਲੈਕਚਰਾਰ, ਹਰਦੀਪ ਸਿੰਘ ਲੈਕਚਰਾਰ, ਰੰਜੀਵ ਕੌਸ਼ਲ ਸਿਹਤ ਵਿਭਾਗ, ਜਸਪਾਲ ਸਿੰਘ, ਵਿਨੋਦ ਕੁਮਾਰ ਧਵਨ ਲੈਕਚਰਾਰ , ਹਰਦੇਵ ਸਿੰਘ ਗਿੱਲ, ਬਲਵਿੰਦਰ ਸਿੰਘ ਬਰਾੜ, ਗੁਲਵੰਤ ਸਿੰਘ ਔਲਖ, ਸੁਖਦਰਸ਼ਨ ਸਿੰਘ ਗਿੱਲ, ਕੁਲਦੀਪ ਸਿੰਘ ਸਹਿਦੇਵ, ਮਲਕੀਤ ਸਿੰਘ ਢਿੱਲਵਾਂ ਅਤੇ ਬਲਵਿੰਦਰ ਸਿੰਘ ਸਿੱਧੂ ਬਰਾੜ ਆਦਿ ਹਾਜ਼ਰ ਸਨ।

ਕਾਤਰਾਂ

ਲੁਟੇਰਿਆਂ ਨੇ ਛੱਤ ਰਾਹੀਂ ਘਰ 'ਚ ਦਾਖ਼ਲ ਹੋ ਕੇ ਚੇਨ ਲੁੱਟੀ

ਭਵਾਨੀਗੜ੍ਹ (ਰਾਜ ਖੁਰਮੀ)-ਸ਼ਹਿਰ ਦੀ ਸੰਘਣੀ ਆਬਾਦੀ ਵਾਲੇ ਦਸਮੇਸ਼ ਨਗਰ (ਮੰਡੀ ਗਲੀ) ਵਿਖੇ ਘਰ ਦੀ ਛੱਤ ਰਾਹੀਂ ਦਾਖ਼ਲ ਹੋਏ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਮਾਂ-ਪੁੱਤ 'ਤੇ ਹਮਲਾ ਕਰਕੇ ਸੋਨੇ ਦੀ ਚੇਨ ਲੁੱਟ ਕੇ ਫ਼ਰਾਰ ਹੋਣ ਦੀ ਸਨਸਨੀਖੇਜ਼ ਵਾਰਦਾਤ ਸਾਹਮਣੇ ਆਈ ਹੈ। ਹਮਲਾਵਰਾਂ ਵੱਲੋਂ ਕੀਤੇ ਹਮਲੇ ਦੌਰਾਨ ਘਰ ਦੇ ਮਾਲਕ ਅਭਿਸ਼ੇਕ ਸ਼ਰਮਾ ਦੇ ਸਿਰ 'ਤੇ ਤਿੱਖੀ ਚੀਜ਼ ਨਾਲ ਵਾਰ ਕੀਤਾ ਗਿਆ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।

ਹਾਰਪ ਕੈਮੀਕਲਜ਼ ਫੈਕਟਰੀ ਦੀ ਜਾਂਚ ਲਈ ਮਾਹਰ ਟੀਮਾਂ ਨੇ ਨਮੂਨੇ ਲਏ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਪਿੰਡ ਜਹਾਂਗੀਰ ਸਥਿਤ ਹਾਰਪ ਕੈਮੀਕਲਜ਼ ਫੈਕਟਰੀ ਸਬੰਧੀ ਪਿੰਡ ਵਾਸੀਆਂ ਵੱਲੋਂ ਪ੍ਰਗਟਾਈਆਂ ਜਾ ਰਹੀਆਂ ਚਿੰਤਾਵਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਾਂਝੀ ਜਾਂਚ ਮੁਹਿੰਮ ਚਲਾਈ ਗਈ।ਇਸ ਤਹਿਤ ਨੈਸ਼ਨਲ ਇੰਸਟੀਚਿਊਟ ਆਫ਼ ਹਾਈਡ੍ਰੋਲੋਜੀ (ਐਨ.ਆਈ.ਐਚ.), ਰੁੜਕੀ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਮਾਹਿਰ ਟੀਮਾਂ ਨੇ ਪਾਣੀ, ਮਿੱਟੀ ਅਤੇ ਸੁਆਹ ਦੇ ਨਮੂਨੇ ਇਕੱਤਰ ਕੀਤੇ।ਐੱਸ.ਡੀ.ਐੱਮ. ਧੂਰੀ ਜਸਲੀਨ ਕੌਰ ਭੁੱਲਰ ਨੇ ਦੱਸਿਆ ਕਿ ਜਾਂਚ ਦਾ ਮਕਸਦ ਵਿਗਿਆਨਕ ਤੱਥਾਂ ਦੇ ਆਧਾਰ 'ਤੇ ਵਾਤਾਵਰਣ ਦੀ ਸਥਿਤੀ ਸਪੱਸ਼ਟ ਕਰਨਾ ਹੈ। ਫੈਕਟਰੀ ਅਤੇ ਪਿੰਡ ਜਹਾਂਗੀਰ, ਘਨੌਰੀ ਕਲਾਂ, ਕਾਲਾਬੂਲਾ ਤੇ ਬਮਾਲ ਦੇ ਬੋਰਵੈੱਲਾਂ ਤੋਂ ਪਾਣੀ ਦੇ ਨਮੂਨੇ ਲਏ ਜਾ ਰਹੇ ਹਨ। ਫੈਕਟਰੀ ਦੀ ਚਿਮਨੀ ਅਤੇ ਆਲੇ-ਦੁਆਲੇ ਦੀ ਹਵਾ ਦੀ ਗੁਣਵੱਤਾ ਵੀ ਜਾਂਚੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮਿੱਟੀ ਅਤੇ ਸੁਆਹ ਦੇ ਨਮੂਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਭੇਜੇ ਜਾਣਗੇ।

ਦਲਿਤ ਮਜ਼ਦੂਰ ਭਲਕੇ ਕਾਲੀਆਂ ਝੰਡੀਆਂ ਨਾਲ ਕਰਨਗੇ ਰੋਸ ਪ੍ਰਦਰਸ਼ਨ : ਆਗੂ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਪਿੰਡ ਬੌਨੜਾ ਦੇ ਦਲਿਤ ਮਜ਼ਦੂਰਾਂ ਦੇ ਲਟਕ ਰਹੇ ਵਿਕਾਸ ਕਾਰਜਾਂ ਅਤੇ ਪ੍ਰਸ਼ਾਸਨ ਵੱਲੋਂ ਕੀਤੇ ਵਾਅਦੇ ਪੂਰੇ ਨਾ ਕਰਨ ਵਿਰੁੱਧ ਸਤਿਗੁਰ ਰਵਿਦਾਸ ਸ਼ਹੀਦ ਬਾਬਾ ਜੀਵਨ ਸਿੰਘ ਗੁਰਸੰਗਤ ਦੀ ਮੀਟਿੰਗ ਪ੍ਰਧਾਨ ਮਾਸਟਰ ਰਾਮ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ 20 ਨਵੰਬਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਧੂਰੀ ਵਿਖੇ ਕਾਲੀਆਂ ਝੰਡੀਆਂ ਨਾਲ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਦਲਿਤ ਭਾਈਚਾਰੇ ਨੂੰ ਆਪਣੇ ਹੱਕਾਂ ਲਈ 122 ਦਿਨ ਸੰਘਰਸ਼ ਕਰਨਾ ਪਿਆ ਸੀ। ਧਰਨਾ ਸਮਾਪਤ ਕਰਵਾਉਣ ਸਮੇਂ ਪ੍ਰਸ਼ਾਸਨ ਨੇ 30 ਅਗਸਤ ਤੱਕ ਅੰਬੇਡਕਰ ਭਵਨ, ਪਾਰਕ ਅਤੇ ਸਕੂਲੀ ਬੱਚਿਆਂ ਲਈ ਖੇਡ ਗਰਾਊਂਡ ਬਣਾਉਣ ਦਾ ਭਰੋਸਾ ਦਿੱਤਾ ਸੀ, ਪਰ ਅਜੇ ਤੱਕ ਇਹ ਕੰਮ ਮੁਕੰਮਲ ਨਹੀਂ ਹੋਏ।ਸਕੱਤਰ ਦਰਬਾਰਾ ਸਿੰਘ ਅਤੇ ਸਹਾਇਕ ਸਕੱਤਰ ਰਾਮ ਸਿੰਘ ਨੇ ਦਲਿਤ ਬਸਤੀ ਦੇ ਵਿਕਾਸ ਕਾਰਜ ਜਾਣਬੁੱਝ ਕੇ ਲਟਕਾਉਣ ਦੇ ਦੋਸ਼ ਲਾਉਂਦਿਆਂ ਸਰਕਾਰ ਅਤੇ ਪ੍ਰਸ਼ਾਸਨ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਦਲਿਤ ਮਜ਼ਦੂਰਾਂ ਨੂੰ ਇਨਸਾਫ਼ ਦਿਵਾਉਣ ਦੀ ਬਜਾਏ ਕਥਿਤ ਦਲਿਤ ਵਿਰੋਧੀ ਮਾਨਸਿਕਤ

ਦੋ ਰੋਜ਼ਾ ਬਾਲ ਸ਼ਿਵਰ ਦਾ ਆਯੋਜਨ



ਜਗਰਾਉਂ (ਅਮਿਤ ਖੰਨਾ)-ਸ਼੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ, ਜਗਰਾਉਂ ਵਿਖੇ ਦੋ ਰੋਜ਼ਾ ਬਾਲ ਸ਼ਿਵਰ ਦਾ ਆਯੋਜਨ ਬੜੇ ਉਤਸ਼ਾਹ ਅਤੇ ਆਨੰਦਮਈ ਮਾਹੌਲ ਵਿੱਚ ਕੀਤਾ ਗਿਆ। ਇਸ ਸ਼ਿਵਰ ਵਿੱਚ ਪੰਜ ਸਰਵਹਿੱਤਕਾਰੀ ਵਿੱਦਿਆ ਮੰਦਰਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ ਜਗਰਾਉਂ, ਜੀਰਾ ਬੱਸ ਸਟੈਂਡ, ਜੀਰਾ ਗੁੱਗਾ ਮੰਦਰ, ਮੱਖੂ ਅਤੇ ਮੋਗਾ ਦੇ ਸਕੂਲ ਸ਼ਾਮਲ ਸਨ। ਇਸ ਬਾਲ ਸ਼ਿਵਰ ਦਾ ਆਯੋਜਨ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨੀਲੂ ਨਰੂਲਾ ਦੀ ਅਗਵਾਈ ਹੇਠ ਕੀਤਾ ਗਿਆ। ਸ਼ਿਵਰ ਵਿੱਚ ਮੁੱਖ ਮਹਿਮਾਨ ਸ਼੍ਰੀ ਪ੍ਰੇਮ ਚੰਦ ਗਰਗ ਸਟੇਟ ਬੈਂਕ ਆਫ ਪਟਿਆਲਾ ਰਿਟਾਇਰ ਮੈਨੇਜਰ ਸਨ ਤੇ ਸ੍ਰੀ ਰਜੇਸ਼ ਅਰੋੜਾ (ਰਿਟਾਇਰਡ ਮੈਨੇਜਰ, ਪੰਜਾਬ ਨੈਸ਼ਨਲ ਬੈਂਕ) ਅਤੇ ਉਨਾਂ ਦੀ ਪਤਨੀ ਅਲਕਾ ਅਰੋੜਾ ਨੇ ਸ਼ਿਰਕਤ ਕੀਤੀ।ਇਸ ਦੋ ਰੋਜ਼ਾ ਸ਼ਿਵਰ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਕਵਿਤਾ, ਦੋਹੇ, ਮੋਨੋ ਐਕਟਿੰਗ, ਕਬਾੜ ਤੋਂ ਜੁਗਾੜ, ਚਿੱਤਰਕਲਾ, ਲੋਕ ਨਾਚ, ਭਜਨ ਸਮੂਹ ਗਾਇਨ, ਛੰਦ, ਵੇਸ਼ਭੂਸ਼ਾ, ਸ਼ਬਦ ਗਾਇਨ, ਮੌਲਿਕ ਲੇਖ, ਗੀਤ, ਨਾਅਰਾ ਲੇਖਣ ਅਤੇ ਸੂਰਜ ਨਮਸਕਾਰ ਆਦਿ ਵੱਖ-ਵੱਖ ਗਤੀਵਿਧੀਆਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਸ਼ਿਵਿਰ ਵਿੱਚ ਕਵਲਜੀਤ ਕੌਰ, ਸ਼ਿਫਾਲੀ ਗੁਪਤਾ, ਕੀਰਤੀ,ਹਰਦੀਪ ਜੱਸੀ, ਨਵਦੀਪ ਸਿੰਘ, ਨੀਤੂ ਜੈਨ, ਗੁਰਪ੍ਰੀਤ ਕੌਰ, ਮੋਹਿਤ ਅਤੇ ਜਨੇਸ਼ ਨੇ ਜੱਜਾਂ ਦੀ ਭੂਮਿਕਾ ਨਿਭਾਈ।

22 ਨੂੰ ਡੀ ਐੱਸ ਪੀ ਦਫ਼ਤਰ ਨਕੋਦਰ ਅੱਗੇ ਦਿੱਤਾ ਜਾਵੇਗਾ ਸੂਬਾ ਪੱਧਰੀ ਧਰਨਾ : ਜਨਕ ਭੁਟਾਲ

ਦਿੜ੍ਹਬਾ (ਜਸਵੀਰ ਲਾਡੀ)



ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆ ਤੇ ਜਨਰਲ ਸਕੱਤਰ ਹਰਜੀਤ ਸਿੰਘ ਮਹਿਲਾ ਦੀ ਅਗਵਾਈ ਹੇਠ ਅੱਜ ਗੁਰਦੁਆਰਾ ਸ੍ਰੀ ਸੱਚਖੰਡ ਸਾਹਿਬ ਸੁਨਾਮ ਵਿਖੇ ਹੋਈ ਜਿਸ ਵਿੱਚ ਜ਼ਿਲ੍ਹਾ ਤੇ ਬਲਾਕਾਂ ਦੀਆਂ ਕਮੇਟੀਆਂ ਦੇ ਕਿਸਾਨ ਆਗੂ ਸ਼ਾਮਲ ਹੋਏ ਅੱਜ ਦੀ ਇਸ ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਅਤੇ ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਹਾਜ਼ਰ ਜ਼ਿਲ੍ਹਾ ਤੇ ਬਲਾਕ ਦੇ ਕਿਸਾਨ ਆਗੂਆਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂਆਂ ਨੇ ਦੱਸਿਆ ਕਿ 22 ਨਵੰਬਰ ਨੂੰ ਨਕੋਦਰ ਸ਼ਹਿਰ ਵਿੱਚ ਡੀ ਐਸ ਪੀ ਦਫ਼ਤਰ ਅੱਗੇ ਵੱਖ-ਵੱਖ ਕਿਸਾਨ ਮਜ਼ਦੂਰ ਮੁਲਾਜ਼ਮ ਤੇ ਵਿਦਿਆਰਥੀ ਜਥੇਬੰਦੀਆਂ ਵੱਲੋਂ ਰੋਸ ਧਰਨਾ ਦਿੱਤਾ ਜਾਵੇਗਾ ਜਿਸ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਵੀ ਸੂਬਾ ਪੱਧਰੀ ਵੱਡਾ ਇਕੱਠ ਇਸ ਰੋਸ ਧਰਨੇ ਵਿੱਚ ਸ਼ਾਮਲ ਹੋਵੇਗਾ ਜਿਸ ਵਿੱਚ ਮਾਵਾਂ ਭੈਣਾਂ ਦੀ ਵੀ ਵੱਡੀ ਗਿਣਤੀ ਸ਼ਮੂਲੀਅਤ ਕਰੇਗੀ ਇਸ ਧਰਨੇ ਦਾ ਮੁੱਖ ਮੰਤਵ ਇਸੇ ਸਾਲ 9 ਸਤੰਬਰ ਨੂੰ ਤਲਵੰਡੀ ਸਲੇਮ ਵਿਖੇ ਇਨਕਲਾਬੀ ਕਵੀ ਅਵਤਾਰ ਸਿੰਘ ਪਾਸ਼ ਦਾ ਜਨਮ ਦਿਹਾੜਾ ਮਨਾਇਆ ਗਿਆ ਸੀ ਜਿਸ ਦੀਆਂ ਪਹਿਲਾਂ ਤੋਂ ਤਿਆਰੀਆਂ ਚੱਲ ਰਹੀਆਂ ਸਨ ਜਿਸ ਦੀ ਅਗਵਾਈ ਪੰਜਾਬ ਖੇਤ ਮਜ਼ਦੂਰ ਜਥੇਬੰਦੀ ਦਾ ਆਗੂ ਹਰਮੇਸ਼ ਮਾਲੜੀ ਕਰ ਰਿਹਾ ਸੀ। ਉਸ ਦੌਰਾਨ ਤਲਵੰਡੀ ਸਲੇਮ ਦੇ ਸਰਪੰਚ ਨੇ ਉੱਥੋਂ ਦੀ ਮਹਿਲਾ ਵਿਧਾਇਕ ਦੇ ਇਸ਼ਾਰੇ 'ਤੇ ਪ੍ਰੋਗਰਾਮ ਰੋਕਣ ਦੀ ਕੋਸ਼ਿਸ਼ ਕੀਤੀ ਤੇ ਮਜ਼ਦੂਰ ਆਗੂ ਨੂੰ ਜਾਤੀਸੂਚਕ ਸ਼ਬਦ ਵੀ ਬੋਲੇ ਤੇ ਮੋਬਾਇਲ ਫੋਨ ਵੀ ਖੋਹਿਆ ਗਿਆ, ਜਿਸ ਦੀ ਪੁਲਸ ਕੋਲ ਸ਼ਿਕਾਇਤ ਵੀ ਦਰਜ ਕਰਵਾਈ ਗਈ ਪਰ ਪੁਲਸ ਪ੍ਰਸ਼ਾਸਨ ਵੱਲੋਂ ਦੋਸ਼ੀਆਂ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਜਿਸ ਦੇ ਰੋਸ ਵਜੋਂ ਕਾਫ਼ੀ ਗਿਣਤੀ ਜਨਤਕ ਜਥੇਬੰਦੀਆਂ ਵੱਲੋਂ ਡੀ ਐਸ ਪੀ ਨਕੋਦਰ ਦੇ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ। ਇਸ ਤੋਂ ਕਈ ਦਿਨਾਂ ਬਾਅਦ ਵੱਖ-ਵੱਖ ਮਸਲਿਆਂ ਨੂੰ ਲੈ ਕੇ ਪੰਜਾਬ ਸਰਕਾਰ ਦੇ ਮੰਤਰੀਆਂ ਨਾਲ ਬੀਕੇਯੂ ਉਗਰਾਹਾਂ ਦੇ ਸੂਬਾ ਆਗੂਆਂ ਦੀ ਮੀਟਿੰਗ ਚੰਡੀਗੜ੍ਹ ਵਿਖੇ ਹੋਈ ਸੀ। ਮੀਟਿੰਗ ਵਿੱਚ ਇਸ ਮਸਲੇ ਸਬੰਧੀ ਮੰਗ ਵੀ ਮੁੱਖ ਮੰਗਾਂ ਵਿੱਚ ਰੱਖੀ ਗਈ ਸੀ ਕਿ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਜਿਸ ਵਿੱਚ ਪੰਜਾਬ ਸਰਕਾਰ ਦੇ ਮੰਤਰੀਆਂ ਵੱਲੋਂ ਫੌਰੀ ਤੌਰ ਤੇ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ਸੀ ਪਰ ਹਾਲੇ ਤੱਕ ਵੀ ਸਰਪੰਚ ਸਮੇਤ ਕਿਸੇ ਵੀ ਦੋਸ਼ੀ 'ਤੇ ਕੋਈ ਕਾਰਵਾਈ ਨਹੀਂ ਹੋਈ ਜਿਸ ਦੇ ਰੋਸ ਵਜੋਂ 22 ਨਵੰਬਰ ਨੂੰ ਮੁੜ ਡੀ ਐਸ ਪੀ ਦਫ਼ਤਰ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਹਰ ਹੀਲੇ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਕਰਵਾਈ ਜਾਵੇਗੀ। ਇਸ ਤੋਂ ਬਾਅਦ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆ ਨੇ ਸਾਰੇ ਬਲਾਕਾਂ ਦੇ ਪ੍ਰਧਾਨ ਤੇ ਸਕੱਤਰਾਂ ਨੂੰ ਆਖਿਆ ਕਿ 22 ਨਵੰਬਰ ਨੂੰ ਹਰੇਕ ਬਲਾਕ ਵਿੱਚ ਵੱਧ ਤੋਂ ਵੱਧ ਗਿਣਤੀ ਜਾਣੀ ਚਾਹੀਦੀ ਹੈ। ਇਸ ਮੌਕੇ ਆਗੂ ਮਨਜੀਤ ਸਿੰਘ ਘਰਾਚੋਂ ਦਰਵਾਰਾ ਸਿੰਘ ਛਾਜਲਾ ਮਨਦੀਪ ਸਿੰਘ ਮਹਿਲਾ ਰਿੰਕੂ ਮੂਣਕ ਸ਼ਿਵਰਾਜ ਗੁਰਨੇ ਜਗਤਾਰ ਸਿੰਘ ਲੱਡੀ ਸੁਖਦੇਵ ਕੜੈਲ ਸਰਬਜੀਤ ਲਹਿਰਾ ਜਰਨੈਲ ਸਿੰਘ ਸੁਲਤਾਨਪੁਰ ਕਸਮੀਰ ਸਿੰਘ ਆਲੋ ਅਰਖ ਜਗਦੀਪ ਮਹਿਲਾ ਯਾਦਵਿੰਦਰ ਸਿੰਘ ਚੱਠੇ ਹਾਜ਼ਰ ਸਨ।

ਔਰਤਾਂ ਨੂੰ ਉੱਦਮੀ ਬਣਾਉਣ ਲਈ ਸਰਕਾਰ ਵਚਨਬੱਧ : ਸੌਂਦ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ, ਨੌਜਵਾਨਾਂ ਅਤੇ ਬਜ਼ੁਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਪੰਜਾਬ ਦੇ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਾਚਾਰੀ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਊਰਜਾ ਮੰਤਰੀ ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ, ਫਤਹਿਗੜ੍ਹ ਸਾਹਿਬ ਵਿਖੇ ਸਥਿਤ ਕਮਿਊਨਿਟੀ ਮੈਨੇਜਡ ਟ੍ਰੇਨਿੰਗ ਸੈਂਟਰ ਵਿੱਚ ਸੈਲਫ ਹੈਲਪ ਗਰੁੱਪਾਂ ਨਾਲ ਸਬੰਧਤ ਔਰਤਾਂ ਨੂੰ ਪਸ਼ੂ ਪਾਲਣ ਦੇ ਕਿੱਤੇ ਨਾਲ ਜੋੜਨ ਅਤੇ ਸਵੈ-ਰੁਜ਼ਗਾਰ ਦੇ ਯੋਗ ਬਣਾਉਣ ਲਈ 30 ਦਿਨਾਂ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ। ਸ੍ਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਔਰਤਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਰੁਜ਼ਗਾਰ ਦੇ ਅਜਿਹੇ ਮੌਕੇ ਮੁਹੱਈਆ ਕਰਵਾਏ ਜਾਣ, ਜਿਸ ਨਾਲ ਉਨ੍ਹਾਂ ਨੂੰ ਰੋਜ਼ੀ-ਰੋਟੀ ਕਮਾਉਣ ਲਈ ਦੂਰ-ਦੁਰਾਡੇ ਨਾ ਜਾਣਾ ਪਵੇ ਅਤੇ ਉਹ ਸਵੈ-ਮਾਣ ਨਾਲ ਆਪਣਾ ਜੀਵਨ ਬਤੀਤ ਕਰ ਸਕਣ। ਜਿਸ ਲਈ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਤੇ ਪਸ਼ੂ ਪਾਲਣ ਵਿਭਾਗ ਦੇ ਸਾਂਝੇ ਉਪਰਾਲੇ ਨਾਲ ਇਹ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਕੈਬਨਿਟ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ 30 ਪਿੰਡਾਂ ਵਿੱਚੋਂ ਔਰਤਾਂ ਦੀ ਚੋਣ ਕਰਕੇ ਇਸ ਪ੍ਰੋਗਰਾਮ ਨੂੰ ਪਾਇਲਟ ਪ੍ਰੋਜੈਕਟ ਵਜੋਂ ਸ਼ੁਰੂ ਕੀਤਾ ਗਿਆ ਹੈ। ਇਸ ਤਹਿਤ ਔਰਤਾਂ ਨੂੰ ਲਗਾਤਾਰ 30 ਦਿਨ ਪਸ਼ੂ ਪਾਲਣ, ਡੇਅਰੀ ਫਾਰਮਿੰਗ ਅਤੇ ਪਸ਼ੂਆਂ ਦੀ ਸਾਂਭ-ਸੰਭਾਲ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਉਪਰਾਲਾ ਸਿਰਫ਼ ਚੁਣੀਆਂ ਗਈਆਂ ਔਰਤਾਂ ਤੱਕ ਹੀ ਸੀਮਤ ਨਹੀਂ ਹੈ, ਸਗੋਂ ਪਸ਼ੂ ਪਾਲਣ ਦਾ ਕਿੱਤਾ ਸਿੱਖਣ ਦਾ ਚਾਹਵਾਨ ਕੋਈ ਵੀ ਵਿਅਕਤੀ ਇਸ ਤੋਂ ਲਾਭ ਲੈ ਸਕਦਾ ਹੈ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਫਤਹਿਗੜ੍ਹ ਸਾਹਿਬ ਸ੍ਰੀ ਸਿੰਗਾਰਾ ਸਿੰਘ ਸਲਾਨਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀਮਤੀ ਨਵਗੀਤ ਕੌਰ ਸੋਖੇ, ਸਰਬਜੀਤ ਸਿੰਘ ਸਹਾਇਕ ਡਾਇਰੈਕਟਰ ਪਸ਼ੂ ਪਾਲਣ ਸਰਬਜੀਤ ਸਿੰਘ, ਡੀ ਡੀ ਪੀ ਓ ਦਿਲਾਵਰ ਕੌਰ, ਪੀ.ਡੀ.ਸੀ ਮੈਂਬਰ ਸ੍ਰੀ ਵੈਭਵ ਮਹੇਸ਼ਵਰੀ, ਡਾ. ਰਣਜੀਤ ਕੌਰ (ਡਿਪਟੀ ਅਡਵਾਇਜਰ), ਆੜ੍ਹਤੀ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ, ਟਰੇਡ ਵਿੰਗ ਖੰਨਾ ਦੇ ਚੇਅਰਮੈਨ ਵਿਕਾਸ ਭਾਟੀਆ, ਅਮਰਜੀਤ ਵਾਲੀਆ ਅਤੇ ਹੋਰ ਅਧਿਕਾਰੀ ਤੇ ਆਗੂ ਹਾਜ਼ਰ ਸਨ।

ਪ੍ਰਧਾਨ ਮੰਤਰੀ ਸੜਕ ਯੋਜਨਾ ਅਧੀਨ ਬਣ ਰਹੀ ਸੜਕ ਦਾ ਕੰਮ ਅੱਧ-ਵਿਚਕਾਰ ਲਟਕਿਆ



ਬਰੇਟਾ (ਗੀਤਵਾਲ)-ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਅਧੀਨ ਬਰੇਟਾ ਤੋਂ ਲਹਿਰਾਗਾਗਾ ਨੂੰ ਜਾਣ ਵਾਲੀ ਸੜਕ ਦਾ ਕੰਮ ਅੱਧ ਵਿਚਕਾਰ ਹੀ ਲਟਕ ਜਾਣ ਕਾਰਨ ਇਲਾਕੇ ਦੇ ਲੋਕਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ ਦੇ ਕਾਰਜ ਅੱਧ ਵਿਚਕਾਰ ਛੱਡ ਦੇਣ ਕਾਰਨ ਰਾਹਗੀਰਾਂ ਨੂੰ ਹਰ ਰੋਜ਼ ਠੇਡੇ ਖਾਣੇ ਪੈ ਰਹੇ ਹਨ। ਸਥਾਨਕ ਵਾਸੀਆਂ ਨੇ ਦੱਸਿਆ ਕਿ ਕੁਝ ਕੁਝ ਮਹੀਨੇ ਪਹਿਲਾਂ ਸੜਕ ਦਾ ਕੰਮ ਸ਼ੁਰੂ ਕੀਤਾ ਗਿਆ ਸੀ, ਪਰ ਕੁਝ ਸਮੇਂ ਬਾਅਦ ਹੀ ਕੰਮ ਬੰਦ ਕਰ ਦਿੱਤਾ ਗਿਆ। ਸੜਕ 'ਤੇ ਪਈ ਬੱਜਰੀ, ਮਿੱਟੀ ਅਤੇ ਟੋਇਆਂ ਕਾਰਨ ਦੋਪਹੀਆ ਵਾਹਨ ਚਾਲਕਾਂ, ਬਜ਼ੁਰਗਾਂ ਅਤੇ ਸਕੂਲੀ ਬੱਚਿਆਂ ਨੂੰ ਲੰਘਣਾ ਮੁਸ਼ਕਲ ਹੋ ਗਿਆ ਹੈ। ਬਰਸਾਤ ਦੇ ਦਿਨਾਂ ਵਿੱਚ ਇਹ ਸੜਕ ਚਿੱਕੜ ਦਾ ਤਲਾਅ ਬਣ ਜਾਂਦੀ ਹੈ, ਜਦ ਕਿ ਸੁੱਕੇ ਮੌਸਮ ਵਿੱਚ ਉੱਡਦੀ ਧੂੜ ਕਾਰਨ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ। ਆਏ ਦਿਨ ਹਾਦਸੇ ਵਾਪਰ ਰਹੇ ਹਨ ਅਤੇ ਕਈ ਲੋਕ ਜ਼ਖ਼ਮੀ ਵੀ ਹੋ ਚੁੱਕੇ ਹਨ। ਇਸ ਤੋਂ ਇਲਾਵਾ ਲੋਕਾਂ ਦੇ ਵਹੀਕਲ ਪੈਂਚਰ ਹੋ ਰਹੇ ਹਨ। ਪਿੰਡ ਬਹਾਦਰਪੁਰ ਦੇ ਵਾਸੀ ਰਾਮਲਾਜ ਸਿੰਘ ਅਤੇ ਗੁਰਮੀਤ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਇਸ ਸਬੰਧੀ ਕਈ ਵਾਰ ਸਬੰਧਤ ਵਿਭਾਗ ਦੇ ਅਧਿਕਾਰੀਆਂ ਅਤੇ ਸਥਾਨਕ ਪ੍ਰਸ਼ਾਸਨ ਨੂੰ ਲਿਖਤੀ ਤੇ ਜ਼ੁਬਾਨੀ ਤੌਰ 'ਤੇ ਜਾਣੂ ਕਰਵਾਇਆ, ਪਰ ਅੱਜ ਤੱਕ ਕੋਈ ਸੁਣਵਾਈ ਨਹੀਂ ਹੋਈ। ਜਦ ਇਸ ਮਾਮਲੇ ਨੂੰ ਲੈ ਕੇ ਮੰਡੀ ਕਰਨ ਬੋਰਡ ਦੇ ਉਚ ਅਧਿਕਾਰੀ ਅਮਨਵੀਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਫੰਡ ਦੀ ਘਾਟ ਹੋਣ ਕਾਰਨ ਇਸ ਸੜਕ ਦਾ ਕਾਰਜ ਰੁਕਿਆ ਹੈ।

ਮਾਰਕੀਟ ਕਮੇਟੀ ਤੇ ਨਗਰ ਕੌਂਸਲ ਦੇ ਅਹੁਦੇਦਾਰਾਂ ਦਾ ਵਿਸ਼ੇਸ਼ ਸਨਮਾਨ



ਭਵਾਨੀਗੜ੍ਹ (ਰਾਜ ਖੁਰਮੀ)-ਬਹਾਵਲਪੁਰ ਸਭਾ ਅਤੇ ਯੂਥ ਵਿੰਗ ਭਵਾਨੀਗੜ੍ਹ ਵੱਲੋਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਮਾਰਕੀਟ ਕਮੇਟੀ ਦੇ ਚੇਅਰਮੈਨ, ਨਗਰ ਕੌਂਸਲ ਦੇ ਪ੍ਰਧਾਨ, ਵਾਈਸ ਪ੍ਰਧਾਨ ਅਤੇ ਕੌਂਸਲਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਜਿੰਦਰ ਸਿੰਘ ਸੁਖੀਜਾ ਨੇ ਦੱਸਿਆ ਕਿ ਇਸ ਮੌਕੇ ਪ੍ਰਦੀਪ ਮਿੱਤਲ ਚੇਅਰਮੈਨ ਮਾਰਕੀਟ ਕਮੇਟੀ ਭਵਾਨੀਗੜ੍ਹ, ਅਵਤਾਰ ਸਿੰਘ ਤਾਰੀ ਪ੍ਰਧਾਨ ਨਗਰ ਕੌਂਸਲ, ਕਰਮਜੀਤ ਕੌਰ ਕਲੇਰ (ਪਤਨੀ ਲਖਵੀਰ ਸਿੰਘ ਵਿੱਕੀ) ਵਾਈਸ ਪ੍ਰਧਾਨ ਨਗਰ ਕੌਂਸਲ ਅਤੇ ਜੰਮੂ ਰਾਮ,ਸ਼ਤਿਗੁਰ ਸਿੰਘ ਕੌਂਸਲਰ ਸਮੇਤ ਹੋਰਨਾਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ, ਨਰੇਸ਼ ਪੁਥਰੇਜਾ, ਹਰਵਿੰਦਰ ਆਹੂਜਾ, ਧਰਮਪਾਲ ਆਹੂਜਾ, ਪਾਸ਼ੀ ਲਾਲ, ਲਛਮਣ ਸੱਚਦੇਵਾ, ਰਾਮ ਸੱਚਦੇਵਾ, ਸ਼ਾਮ ਸੱਚਦੇਵਾ, ਸੰਜੇ ਥਰੇਜਾ, ਜੋਨੀ ਕਾਲੜਾ, ਪ੍ਰੇਮ ਚਾਵਲਾ, ਰਮੇਸ਼ ਆਹੂਜਾ, ਰਾਜਿੰਦਰ ਸੱਚਦੇਵਾ, ਰਜਿੰਦਰ ਅਰੋੜਾ, ਮੋਤੀ ਵਰਮਾ, ਮਹੇਸ਼ ਵਰਮਾ, ਸ਼ੰਕਰ ਧਵਨ ਆਦਿ ਹਾਜ਼ਰ ਸਨ।

ਭਾਜਪਾ ਵੱਲੋਂ ਭਵਿੱਖ ਦੀ ਰਣਨੀਤੀ ਬਾਰੇ ਵਿਚਾਰਾਂ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਭਾਰਤੀ ਜਨਤਾ ਪਾਰਟੀ (ਬੀ.ਜੇ.ਪੀ.) ਜ਼ਿਲ੍ਹਾ ਖੰਨਾ ਦੇ ਵਾਈਸ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ ਦੀ ਅਗਵਾਈ ਹੇਠ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਅਹਿਮ ਮਾਸਿਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਇਲਾਕੇ ਦੀਆਂ ਪ੍ਰਮੁੱਖ ਸਮੱਸਿਆਵਾਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਆਉਣ ਵਾਲੀਆਂ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਪਾਰਟੀ ਦੀ ਭਵਿੱਖੀ ਰਣਨੀਤੀ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵੀ ਗੰਭੀਰ ਚਰਚਾ ਕੀਤੀ ਗਈ। ਇਸ ਮੌਕੇ ਹਰਜਿੰਦਰ ਸਿੰਘ ਕਿਸਾਨ ਮੋਰਚਾ ਪ੍ਰਧਾਨ ਮੰਡਲ ਮਾਛੀਵਾੜਾ, ਰਾਮਪਾਲ ਸਹਾਰਨ ਜੋਧਵਾਲ ਮੰਡਲ ਪ੍ਰਧਾਨ, ਕਰਨ ਯੁਵਾ ਮੋਰਚਾ ਪ੍ਰਧਾਨ, ਜਸਪਾਲ ਸਿੰਘ ਐੱਸ.ਸੀ. ਮੋਰਚਾ ਪ੍ਰਧਾਨ, ਜਗਨਨਾਥ ਓ.ਬੀ.ਸੀ. ਮੋਰਚਾ ਪ੍ਰਧਾਨ, ਲਖਵਿੰਦਰ ਯੁਵਾ ਮੋਰਚਾ ਪ੍ਰਧਾਨ ਤੋਂ

ਵਿਨੈ ਬੋਹਤ ਬਣੇ ਭਾਰਤੀ ਜਨਤਾ ਯੁਵਾ ਮੋਰਚਾ ਦੇ ਸਰਕਲ ਪ੍ਰਧਾਨ



ਮੋਗਾ (ਇਕਬਾਲ ਸਿੰਘ ਖਹਿਰਾ) - ਭਾਰਤੀ ਜਨਤਾ ਪਾਰਟੀ ਨੇ ਮੋਗਾ ਵਿੱਚ ਆਪਣੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਕਦਮ ਚੁੱਕਦਿਆਂ ਨੌਜਵਾਨ ਆਗੂ ਵਿਨੈ ਬੋਹਤ ਨੂੰ ਭਾਰਤੀ ਜਨਤਾ ਯੁਵਾ ਮੋਰਚਾ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਹੈ। ਡਾ. ਹਰਜੋਤ ਕਮਲ ਦੀ ਅਗਵਾਈ ਹੇਠ ਹੋਈ ਇਸ ਨਿਯੁਕਤੀ ਨੂੰ ਪਾਰਟੀ ਦੇ ਨੌਜਵਾਨ ਸੰਗਠਨ ਦੇ ਵਿਸਥਾਰ ਵੱਲ ਇੱਕ ਅਹਿਮ ਕਦਮ ਮੰਨਿਆ ਜਾ ਰਿਹਾ ਹੈ। ਵਿਨੈ ਬੋਹਤ ਦਾ ਮੋਗਾ ਦੇ ਰਾਜਨੀਤਿਕ ਅਤੇ ਸਮਾਜਿਕ ਮਾਹੌਲ ਵਿੱਚ ਚੰਗਾ ਪ੍ਰਭਾਵ ਮੰਨਿਆ ਜਾਂਦਾ ਹੈ। ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਕਿਹਾ ਕਿ ਉਹ ਕਾਫ਼ੀ ਸਮੇਂ ਤੋਂ ਪੰਜਾਬ ਦੇ ਰਾਜਨੀਤਿਕ ਹਾਲਾਤ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਕੰਮਕਾਜ 'ਤੇ ਨਜ਼ਰ ਰੱਖ ਰਹੇ ਸਨ। ਉਨ੍ਹਾਂ ਅਨੁਸਾਰ, ਮੌਜੂਦਾ ਹਾਲਾਤ ਵਿੱਚ ਭਾਰਤੀ ਜਨਤਾ ਪਾਰਟੀ ਹੀ ਇੱਕ ਅਜਿਹੀ ਪਾਰਟੀ ਹੈ, ਜੋ ਪੰਜਾਬ ਨੂੰ ਮੁੜ ਖੁਸ਼ਹਾਲੀ ਅਤੇ ਵਿਕਾਸ ਦੇ ਰਾਹ 'ਤੇ ਲਿਜਾ ਸਕਦੀ ਹੈ।ਇਸ ਮੌਕੇ ਅਮਿਤ ਗੁਪਤਾ, ਧੀਰਜ ਕੁਮਾਰ ਸ਼ਰਮਾ, ਕੁਲਭੂਸ਼ਣ ਜੈਦਕਾ, ਜ਼ਿਲ੍ਹਾ ਪ੍ਰਧਾਨ ਗੁਰਬੀਰ ਸਿੰਘ ਰਟੌਲ, ਜ਼ਿਲ੍ਹਾ ਜਨਰਲ ਸਕੱਤਰ ਰੁਦਰ ਸ਼ਰਮਾ, ਪ੍ਰੇਮ ਕੁਮਾਰ, ਹਰਕ੍ਰਿਸ਼ਨ ਬੋਹਤ, ਮਹੇਸ਼ ਬੋਹਤ, ਹਰੀਸ਼ ਚੰਨੀ, ਅਨੰਦ ਬੋਹਤ, ਅਨਿਲ ਬੋਹਤ, ਸੁਸ਼ੀਲ ਕੁਮਾਰ, ਸੋਨੂੰ ਬੋਹਤ, ਪ੍ਰਿੰਸ ਚਾਵਰੀਆ, ਸਾਹਿਲ ਕੁਮਾਰ, ਵੀਰੂ, ਸੁਮਿਤ, ਅਕਸ਼ੈ ਬੋਹਤ, ਭਾਊ ਮੋਗਾ, ਯਸ਼ਪਾਲ, ਅਰਜੁਨ ਚਾਵਰੀਆ, ਮੋਹਿਤ ਸੋਂਦਾ, ਰੋਹਨ ਆਦਿ ਹਾਜ਼ਰ ਸਨ।

ਏਟਕ ਦੀ ਅਗਵਾਈ 'ਚ 4 ਲੇਬਰ ਕੋਡਾਂ ਦੇ ਜਾਰੀ ਕੀਤੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ



ਜਲਾਲਾਬਾਦ (ਬਲਵਿੰਦਰ ਸਿੰਘ)- ਕੇਂਦਰ ਸਰਕਾਰ ਵੱਲੋਂ ਦੇਸ਼ ਪੱਧਰੀ ਬਣੇ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਕਿਰਤੀਆਂ ਮੁਲਾਜ਼ਮਾਂ ਅਤੇ ਲੋਕ ਵਿਰੋਧੀ ਕਾਨੂੰਨਾਂ ਨੂੰ ਸੰਸਦ ਵਿੱਚ ਪਾਸ ਕੀਤਾ ਗਿਆ ਸੀ ਜਿਸ ਨੂੰ ਕਈ ਸੂਬਿਆਂ ਨੇ ਅਜੇ ਤੱਕ ਲਾਗੂ ਨਹੀਂ ਕੀਤਾ, ਪੰਤੂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਹਨਾਂ ਚਾਰ ਕੋਡਾਂ ਨੂੰ ਜਾਰੀ ਕਰਕੇ ਮੁਲਾਜ਼ਮ ਅਤੇ ਕਿਰਤੀ ਵਿਰੋਧੀ ਹੋਣ ਦਾ ਸਿੱਧਾ ਸਬੂਤ ਦੇ ਦਿੱਤਾ ਹੈ। ਇਸ ਦੇ ਵਿਰੋਧ ਵਿੱਚ ਪੰਜਾਬ ਏਟਕ ਦੇ ਸੱਦੇ 'ਤੇ ਸਥਾਨਕ ਲੇਬਰ ਦਫਤਰ ਸਾਹਮਣੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਏਟਕ ਦੇ ਸੂਬਾ ਸਕੱਤਰ ਕਾਮਰੇਡ ਪਰਮਜੀਤ ਢਾਬਾਂ, ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸਰਕਲ ਸਕੱਤਰ ਸਾਥੀ ਰੋਹਿਤ ਬਾਗਲਾ, ਕੰਸਟ੍ਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਜ਼ਿਲ੍ਹਾ ਸਕੱਤਰ ਸੋਨਾ ਧੁੰਨਕੀਆਂ, ਬਲਾਕ ਪ੍ਰਧਾਨ ਹਰਚਰਨ ਪਾਲੀ ਵਾਲਾ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਬਲਵੀਰ ਕਾਠਗੜ੍ਹ ਨੇ ਕੀਤੀ। ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਏਟਕ ਦੇ ਆਗੂ ਕਾਮਰੇਡ ਪਰਮਜੀਤ ਢਾਬਾਂ ਅਤੇ ਰੋਹਿਲ ਬਾਗਲਾ ਨੇ ਕਿਹਾ ਕਿ ਲੋਕ ਵਿਰੋਧੀ ਕਾਨੂੰਨਾਂ ਨੂੰ ਲਾਗੂ ਕਰਨ ਵਿੱਚ ਪੰਜਾਬ ਸਰਕਾਰ ਕੇਂਦਰ ਸਰਕਾਰ ਨਾਲੋਂ ਵੀ ਕਾਹਲੀ ਹੈ। ਉਨਾਂ ਸਮੂਹ ਵਰਗਾਂ ਨੂੰ ਆਪ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਹੋਰਾਂ ਤੋਂ ਇਲਾਵਾ ਨਰਿੰਦਰ ਸਿੰਘ ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੀਨੀਅਰ ਮੀਤ ਪ੍ਰਧਾਨ ਮੰਡਲ ਜਲਾਲਾਬਾਦ, ਚਰਨਜੀਤ ਸਿੰਘ ਸਕੱਤਰ ਜਲਾਲਾਬਾਦ, ਸੁਰਿੰਦਰ ਕੁਮਾਰ, ਨੌਜਵਾਨ ਆਗੂ ਜਸਪਾਲ ਟਰਿਆ, ਰਾਜ ਰਾਣੀ ਢਾਣੀ ਪ੍ਰੇਮ ਸਿੰਘ ਅੱਛਰਾ ਰਾਣੀ ਮਸਤੂਵਾਲਾ, ਈਸ਼ਾ ਰਾਨੀ ਗੁਮਾਨੀ ਵਾਲਾ, ਧਰਮਿੰਦਰ ਮੁਰਕਵਾਲਾ ਅਤੇ ਬਲਵਿੰਦਰ ਪਾਲੀ ਵਾਲਾ ਵੀ ਹਾਜ਼ਰ ਸਨ।

ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਰਜਿਸਟਰ ਕਰਨ ਦੀ ਪ੍ਰਕ੍ਰਿਆ ਸ਼ੁਰੂ- ਵਿਜੇ ਧੀਰ



ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਵਿੱਚ ਅੰਦਾਜਨ ਡੇਢ ਤੋਂ ਪੌਣੇ ਦੋ ਲੱਖ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਹਨ। ਪਰਿਵਾਰਿਕ ਮੈਂਬਰਾਂ ਸਮੇਤ ਇਹਨਾਂ ਦੀ ਗਿਣਤੀ ਸੱਤ ਤੋਂ ਅੱਠ ਲੱਖ ਤੱਕ ਹੋਵੇਗੀ। ਇਨ੍ਹਾਂ ਗੈਰ ਪੰਜੀਕ੍ਰਿਤ ਮੈਡੀਕਲ ਪ੍ਰੈਕਟੀਸ਼ਨਰਜ਼ ਦੀ ਰਜਿਸਟਰੇਸ਼ਨ ਬੀਤੇ ਕਈ ਸਾਲਾਂ ਤੋਂ ਬੰਦ ਕੀਤੀ ਹੋਈ ਹੈ। ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਦੀ ਸੂਬਾ ਪੱਧਰੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿਸਟਰਡ ਨੰਬਰ 295 ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਅਤੇ ਅਗਾਂਹਵਧੂ ਮੋਗਾ ਜਿਲਾ ਪ੍ਰਧਾਨ ਡਾਕਟਰ ਜਸਬੀਰ ਸਿੰਘ ਸਹਿਗਲ ਅਤੇ ਬਲਾਕ ਸ਼ਹਿਰੀ ਪ੍ਰਧਾਨ ਡਾਕਟਰ ਦਰਸ਼ਨ ਲਾਲ ਦੀ ਅਗਵਾਈ ਵਿੱਚ ਰਜਿਸਟਰੇਸ਼ਨ ਮੁੜ ਚਾਲੂ ਕਰਵਾਉਣ ਲਈ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਦੁਕਾਨਦਾਰ ਅਧਿਕਾਰ ਸੁਰਕਸ਼ਾ ਮੰਚ ਦੇ ਪ੍ਰਧਾਨ ਮਾਲਵੇ ਦੇ ਉੱਘ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲਿਖੀ ਚਿੱਠੀ ਵਿੱਚ ਕਰਦਿਆਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਨੇ ਪੰਜਾਬ ਦੇ ਲੱਖਾਂ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਰਜਿਸਟਰਡ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨ ਲਈ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਦੁਕਾਨਦਾਰ ਅਧਿਕਾਰ ਸੁਰਕਸ਼ਾ ਮੰਚ ਨੇ ਪੰਜਾਬ ਸਰਕਾਰ ਦੀ ਇਸ ਪਹਿਲ ਕਦਮੀ ਦੀ ਸ਼ਲਾਘਾ ਕੀਤੀ ਹੈ।

ਆਸ਼ੀਰਵਾਦ ਡੇ ਬੋਰਡਿੰਗ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਝਾੜੋਂ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਚੀਮਾ ਮੰਡੀ (ਰਵਿੰਦਰ ਚੀਮਾ)- ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ 22ਵਾਂ ਦੇਸ਼ ਭਗਤਾਂ ਦਾ ਮੇਲਾ ਲੌਂਗੋਵਾਲ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੇਲੇ ਦੌਰਾਨ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਦੇਸ਼ ਭਗਤੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਗੀਤ ਮੁਕਾਬਲੇ, ਭਾਸ਼ਣ ਮੁਕਾਬਲੇ ਅਤੇ ਕੋਰੀਓਗ੍ਰਾਫੀ ਪੇਸ਼ਕਾਰੀਆਂ ਕਰਵਾਈਆਂ ਗਈਆਂ। ਇਸ ਮੇਲੇ ਵਿੱਚ ਆਸ਼ੀਰਵਾਦ ਡੇ ਬੋਰਡਿੰਗ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਝਾੜੋਂ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਮੁਕਾਬਲਿਆਂ ਦੌਰਾਨ ਭਾਸ਼ਣ ਮੁਕਾਬਲੇ ਵਿੱਚ ਗੁਰਸ਼ਾਨ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਗੀਤ ਗਾਇਨ ਮੁਕਾਬਲੇ ਵਿੱਚ ਸਿਮਰਨਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ ਅਤੇ ਕੋਰੀਓਗ੍ਰਾਫੀ ਟੀਮ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਲਈ ਮਾਣਮੱਤੀ ਪ੍ਰਾਪਤੀ ਦਰਜ ਕੀਤੀ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰਿੰਸੀਪਲ ਸ. ਜਗਸੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਨੇ ਸਮੂਹ ਸਕੂਲ ਸਟਾਫ਼ ਨੂੰ ਵੀ ਇਸ ਸ਼ਫ਼ਲਤਾ ਲਈ ਮੁਬਾਰਕਬਾਦ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਮੈਡਮ ਜਸਪ੍ਰੀਤ ਕੌਰ, ਮੈਡਮ ਪਿਦਜੀਤ ਸਿੰਘ ਅਤੇ ਮੈਡਮ ਸਵਰਨਜੀਤ ਕੌਰ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਕੋਰੀਓਗ੍ਰਾਫੀ, ਗੀਤ, ਭਾਸ਼ਣ ਮੁਕਾਬਲਿਆਂ ਲਈ ਮਿਹਨਤ ਅਤੇ ਲਗਨ ਨਾਲ ਤਿਆਰ ਕੀਤਾ।

ਕਲਾਸੀਫਾਈਡ ਇਸ਼ਤਿਹਾਰ

Change of Name

I, Shivali Sharma C/o Dharamjit Kumar R/o E-5/3063, Subash Road, Near Railway Station, Purani Lal Mill, Chheharta, Amritsar have changed my name from SHIVALI SHARMA to SHIVALI . Please All Concerned Note.

I, Shivali Sharma C/o Dharamjit Kumar R/o E-5/3063, Subash Road, Near Railway Station, Purani Lal Mill, Chheharta, Amritsar have changed my name from SHIVALI SHARMA to SHIVALI . Please All Concerned Note.

I, Sukhwinder Singh S/O Kewal Singh R/O Vill Bhanun Po Sahdra Teh Balachaur Distt SBS Nagar Punjab have changed my name to Singh Sukhwinder. Singh is My Surname. All Please Note.

I, Rakesh Aggarwal S/O Kamal Netar Aggarwal R/O H.No. 286, Majitha Road, Opposite PNB Bank, Moon Avenue, Amritsar, Punjab have changed my name from Rakesh Aggarwal to Rakesh Kumar Aggarwal. Concerned note.

I, Kulwinder Kaur W/o Resham Singh R/o Village Tajpur Khurd P.O. Bassi Ballo Distt. Hoshiarpur have changed my minor son's name from Ranveer to Ranveer Singh. Singh is Surname & Ranveer is Given Name. Concerned Note

I, Kulwinder Kaur W/o Resham Singh R/o Village Tajpur Khurd P.O. Bassi Ballo Distt. Hoshiarpur have changed my minor son's name from Taranveer to Taranveer Singh. Singh is Surname & Taranveer is Given Name. Concerned Note.

I Sunita Gill W/o Shammi Gill R/o H.No.21 Pink Avenue Madaan Hospital Majitha Road Amritsar have changed my name to Sunita.

I Nirmal Jeet Kaur W/O Harjinder Singh R/O Vpo Jagdev Kalan Loharka Road Amritsar Have Changed My Name To Nirmaljit Kaur.

I, Narbhinder Singh S/o Nachhatar Singh R/o Bhamba landa Ferozepur my minor Son's name has been changed from Aman Preet Singh to Singh is Surname and Amanpreet is given name.

I, Mandeep Kaur W/o Bachittar Singh R/o Nangal, Gurdaspur have changed my name from Hardip Kaur to Mandeep Kaur.

I, Ravinder Kaur W/o Jaswant Singh R/o V.Po.Talwandi Madho, Distt.Jalandhar, Punjab have changed my name from Ravinder Kaur to Given name as Ravinder and Kaur as Surname. All please note.

I, Jaswant Singh S/o Pritam Singh R/o V.Po.Talwandi Madho, Distt.Jalandhar, Punjab have changed my name from Jaswant Singh to Given name as Jaswant and Singh as Surname. All please note.

I, Jasmeet Singh S/O Gurnam Singh R/O Gali no 5, Friends Colony, Phagwara, Distt. Kapurthala, Punjab Have Changed the Name of My Minor Son From Gurpreet Singh To Singh Gurpreet. (Singh As surname).

I, Ajaypal Singh, S/o Gurpreet Singh, resident of Burj Deva Singh, Tehsil Patti, District Tarn Taran, have declared that Ajaypal is my given name and Singh is my surname. All concerned please note.

I, Jyoti W/o Rajesh Kumar R/o House No. 257, Gali No. 9, New Sant Nagar, Jalandhar, Punjab-144001 have changed my name from Jyoti to Sonia, Both names belongs to one and the same person. All concerned please note.

Change of Name

I, Sandeep S/O Diwan Singh, R/o House No- 719, Dashmesh Nagar, Naya Gaon, S.A.S Nagar, Mohali, Punjab- 160103, have changed my name and shall hereafter be Known as Sandeep Singh.

I, Gurmit Singh S/O Hushiar Singh, R/o Teh. Mukerian, Handwal, Dist: Hoshiarpur, Punjab- 144222, have changed my name and shall hereafter be Known as Gurmeet Singh.

I, Laila Khatun W/o Amamul Haque Khan R/o H.No. 145, Gali No. 3, New Gobind Nagar, Jalandhar, Punjab-144004 have changed my name from Laila Khatun to Laila Khatun Alias Sahida Khatoon. All concerned please note.

I, Gurmit Lal S/o Nasib Chand R/o Village Khun Khun, PO. Kang Sabhu, Distt. Jalandhar, Punjab have changed my name from Gurmit Lal to Given Name Gurmeet & Surname as Lal. All concerned please note.

I Poonam Devi W/O Sanjeev Kumar R/O Baba Sawan Singh Nagar,Beas tehsil Baba bakala district Amritsar declare that I have changed my name from Poonam Devi to Poonam. Please note.

I, Seema W/o Rupinder kumar Chadha R/o H.no 83, Shaheed Udham Singh Nagar Jalandhar have changed my name from Seema to Seema Chadha. All concerned please note.

I, Dalel Singh s/o Sewa Singh r/o Vill. Chak Bamu, Po. Alampur, Tehsil Dasuya, Distt.Hoshiarpur have changed my name to Dalair Singh. All Please Note.

I, Jagdeep Singh s/o Sadhu Singh r/o 70, Patel Nagar, Jalandhar Road, Kapurthala have changed my minor son name from Sahibjot Singh to Singh Sahibjot (Surname as Singh) All Please Note.

I, Jagdeep Singh s/o Sadhu Singh r/o 70, Patel Nagar, Jalandhar Road, Kapurthala have changed my minor daughter name from Sukhleen Kaur to Kaur Sukhleen (Surname as Kaur) All Please Note.

I, Ramandeep Kaur w/o Roshan Ram r/o Vill. Bhullarai, Teh.Phagwara, Kapurthala have changed my name from Ramandeep Kaur to Kaur Ramandeep (Surname as Kaur) All Please Note.

I, T.D. Appukuttan s/o M.P. Damodaran R/o H.No. 76-L, Green Wood Avenue, Mithapur, Jalandhar, Punjab have changed my name from T.D. Appukuttan to T D Appukuttan. All Please Note.

I, Jasbir S/o Pritam Singh R/o VPO. Ibban, Distt. Kapurthala, Punjab have changed my name from Jasbir to Jasvir Singh. All Please Note.

I, Amarjit W/o Jasvir Singh R/o VPO. Ibban, Distt. Kapurthala, Punjab have changed my name from Amarjit to Amarjit Kaur. All Please Note.

I, Monika alias Eeesha W/o Rajinder Dhiman R/o 673-C Guru Nanak Pura East, PO. Chogitti, Jalandhar have changed my name to Eesha Dhiman. (14034)

ਨਾਂਅ ਦੀ ਬਦਲੀ

ਮੈਂ, ਕੰਚਨ ਬਾਲਾ ਪਤਨੀ ਰਜਿੰਦਰ ਕੁਮਾਰ ਵਾਸੀ 2425-ਸੀ, ਸ਼ਾਸਤਰੀ ਨਗਰ, ਗੋਪਾਲ ਨਗਰ, ਮਜੀਠਾ ਰੋਡ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਂਅ ਕੰਚਨ ਬਾਲਾ ਤੋਂ ਬਦਲ ਕੇ ਸੁਰਭੀ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ, ਜਸਵੀਰ ਸਿੰਘ ਪੁੱਤਰ ਜਸਮੇਲ ਸਿੰਘ ਪਿੰਡ ਸੇਲਵਾਲਾ ਤਹਿਸੀਲ ਪਾਤੜਾਂ ਜ਼ਿਲਾ ਪਟਿਆਲਾ ਆਪਣੇ ਲੜਕੇ ਆਕਾਸ਼ਦੀਪ ਸਿੰਘ ਨੂੰ ਮੇਰੇ ਕਹਿਣੇ ਤੋਂ ਬਾਹਰ ਅਤੇ ਮਾੜੀ ਸੰਗਤ ਦਾ ਸ਼ਿਕਾਰ ਹੋਣ ਕਰਕੇ ਅਤੇ ਸਾਨੂੰ ਜਾਨੋ ਮਾਰਨ ਦੀਆਂ ਧਮਕੀਆਂ ਦੇਣ ਕਰਕੇ ਅਤੇ ਮੈਨੂੰ ਅਤੇ ਮੇਰੇ ਬਾਕੀ ਪ੍ਰੀਵਾਰ ਨੂੰ ਤੰਗ ਪਰੇਸ਼ਾਨ ਕਰਨ ਕਰਕੇ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ ਅੱਜ ਤੋਂ ਬਾਅਦ ਮੇਰਾ ਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਸੰਬੰਧ ਨਹੀਂ ਰਿਹਾ। ਉਹ ਆਪਣੇ ਮਾੜੇ ਚੰਗੇ ਦਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਬੁੱਧ ਰਾਮ ਪੁੱਤਰ ਪ੍ਰੀਤਮ ਦਾਸ ਵਾਸੀ ਪਿੰਡ ਮੋਗਾ, ਡਾਕਖਾਨਾ ਭੋਗਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅਜੈ ਕੁਮਾਰ ਅਤੇ ਮੇਰੀ ਨੂੰਹ ਰਮਨਪ੍ਰੀਤ ਕੌਰ ਪਤਨੀ ਅਜੈ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਵਰਨ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਲਿੱਤਰਾਂ, ਨਕੋਦਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਤਨਾਮ ਸਿੰਘ ਅਤੇ ਮੇਰੀ ਨੂੰਹ ਮਨੂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਮੁਖਤਿਆਰ ਸਿੰਘ ਪੁੱਤਰ ਪਾਖਰ ਸਿੰਘ ਵਾਸੀ ਸੁਧਾਰਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦਾ ਹਾਂ, ਮੇਰਾ ਲੜਕਾ ਜਗਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਮੇਰਾ ਜਾਂ ਮੇਰੇ ਕਿਸੇ ਵੀ ਪਰਵਾਰਕ ਮੈਂਬਰ ਦਾ ਕੋਈ ਰਿਸ਼ਤਾ-ਨਾਤਾ ਨਹੀਂ ਰਿਹਾ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਸੁਰਿੰਦਰ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਮਕਾਨ ਨੰ: ਬੀ 3/15, ਹੰਸਾ ਵਾਲੀ ਗਲੀ, ਸਿੰਬਲ ਚੌਕ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ

ਕੁਲਵੰਤ ਸਿੰਘ ਦੇ ਯਤਨਾਂ ਸਦਕਾ ਸੈਕਟਰ 74 ਤੇ ਸੈਕਟਰ 75 ਨੂੰ ਜੋੜਨ ਵਾਲੀ ਸੜਕ ਦਾ ਹੋਵੇਗਾ ਨਵੀਨੀਕਰਨ

ਮੋਹਾਲੀ (ਗੁਰਜੀਤ ਬਿੱਲਾ) ਮੋਹਾਲੀ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਸ਼ਹਿਰ ਵਾਸੀਆਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਲਕਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਦੇ ਯਤਨਾਂ ਸਦਕਾ ਸੈਕਟਰ 74 (ਫੇਜ਼-8) ਅਤੇ ਸੈਕਟਰ 75 (8ਬੀ) ਨੂੰ ਆਪਸ ਵਿੱਚ ਜੋੜਨ ਵਾਲੀ ਸੜਕ ਦਾ 3.20 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਜਾਵੇਗਾ।



ਇਸ ਸੜਕ ਦੀ ਕੁੱਲ ਲੰਬਾਈ 1.36 ਕਿਲੋਮੀਟਰ ਹੋਵੇਗੀ ਅਤੇ ਇਸ ਦਾ ਨਿਰਮਾਣ ਕਾਰਜ ਨਗਰ ਨਿਗਮ ਵੱਲੋਂ ਕਰਵਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਮੋਹਾਲੀ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਸ਼ਹਿਰ ਦੀਆਂ ਸੜਕਾਂ ਦੇ ਨਵੀਨੀਕਰਨ ਅਤੇ ਆਵਾਜਾਈ ਪ੍ਰਬੰਧਾਂ ਨੂੰ ਸੁਚਾਰੂ ਬਣਾਉਣਾ ਵੀ ਇਸੇ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੈ।ਸੈਕਟਰ 74 ਅਤੇ ਸੈਕਟਰ 75 ਨੂੰ ਜੋੜਨ ਵਾਲੀ ਇਹ ਸੜਕ ਇਲਾਕੇ ਦੇ ਲੋਕਾਂ ਲਈ ਮਹੱਤਵਪੂਰਨ ਆਵਾਜਾਈ ਮਾਰਗ ਹੈ, ਜਿਸ ਨੂੰ ਆਧੁਨਿਕ ਸਹੂਲਤਾਂ ਨਾਲ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਇਹ ਸੜਕ 32 ਫੁੱਟ ਚੌੜੀ ਹੈ ਅਤੇ ਸਿੰਗਲ ਕੈਰਿਜਵੇਅ ਵਜੋਂ ਵਰਤੀ ਜਾ ਰਹੀ ਹੈ।ਇਸ ਨਵੀਨੀਕਰਨ ਤਹਿਤ ਸੜਕ ਦੇ ਵਿਚਕਾਰ ਸੈਂਟਰ ਵਰਜ ਬਣਾਇਆ ਜਾਵੇਗਾ ਅਤੇ ਇਸ ਦੇ ਦੋਵੇਂ ਪਾਸੇ 22-22 ਫੁੱਟ ਚੌੜੀਆਂ ਸੜਕਾਂ ਤਿਆਰ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ 3.20 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਇਸ ਸੜਕ ਨਵੀਨੀਕਰਨ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਸੈਕਟਰ 74 (ਫੇਜ਼-8) ਅਤੇ ਸੈਕਟਰ 75 (8ਬੀ) ਦੇ ਵਸਨੀਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ।ਇਸ ਮੌਕੇ ਸਰਬਜੀਤ ਸਿੰਘ ਸਮਾਣਾ, ਮੇਅਰ ਨਗਰ ਨਿਗਮ, ਆਰ.ਪੀ.ਸ਼ਰਮਾ ਸੀਨੀਅਰ ਡਿਪਟੀ ਮੇਅਰ, ਹਰਪਾਲ ਸਿੰਘ ਚੰਨਾ ਡਿਪਟੀ ਮੇਅਰ ਮੋਹਾਲੀ, ਹਰਪਾਲ ਸਿੰਘ ਬਰਾੜ ਐਮ.ਸੀ.ਵਾਰਡ ਨੰ. 50, ਕੁਲਦੀਪ ਸਿੰਘ ਸਮਾਣਾ, ਸ੍ਰੀ ਅਸ਼ੋਕ ਗੁਪਤਾ,ਪ੍ਰਧਾਨ ਮੋਹਾਲੀ ਉਦਯੋਗ ਐਸੋਸੀਏਸ਼ਨ, ਹਰਿੰਦਰ ਸਿੰਘ ਬਿੱਲਾ, ਐਡਵੋਕੇਟ ਜਸਵੀਰ ਸਿੰਘ, ਕੇ.ਐਸ. ਮਾਹਲ, ਆਰ. ਵਿੱਜ, ਏ.ਐਸ. ਪ੍ਰਮਾਰ, ਗੁਰਪ੍ਰੀਤ ਸਿੰਘ ਚਾਹਲ, ਗੁਰਪ੍ਰੀਤ ਸਿੰਘ ਲਾਂਡਰਾਂ, ਜਸਪ੍ਰੀਤ ਸਿੰਘ ਸਰਪੰਚ ਲਾਂਡਰਾਂ, ਦਰਸ਼ਣ ਸਿੰਘ ਮਟੌਰ ਬਲਾਕ ਪ੍ਰਧਾਨ, ਅਕਬਿੰਦਰ ਸਿੰਘ ਗੋਸਲ ਚੇਅਰਮੈਨ, ਵਪਾਰ ਕਮਿਸ਼ਨ ਹਲਕਾ ਮੋਹਾਲੀ, ਬਚਨ ਸਿੰਘ ਬੋਪਾਰਾਏ ਐਮ.ਸੀ., ਕਮਲਜੀਤ ਕੌਰ ਐਮ.ਸੀ.ਸੋਹਾਣਾ ਹਾਜ਼ਰ ਸਨ।

ਐੱਨ ਪੀ ਐੱਸ ਕਰਮਚਾਰੀਆਂ ਨੇ ਦਸੂਹਾ 'ਚ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਅਰਥੀ ਫੂਕ ਕੀਤਾ ਮੁਜ਼ਾਹਰਾ



ਦਸੂਹਾ (ਕਰਨੈਲ ਮਾਂਗਟ) ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਵੱਲੋਂ ਦਸੂਹਾ ਵਿਖੇ ਮੁੱਖ ਮੰਤਰੀ ਦਾ ਪੁਤਲਾ ਫੂਕ ਕੇ ਅਤੇ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮ ਵੱਲੋਂ ਰੋਸ ਮੁਜਾਹਰਾ ਕੀਤਾ ਗਿਆ। ਇਸ ਮੌਕੇ ਬੋਲਦਿਆਂ ਜਿਲ੍ਹਾ ਆਗੂ ਜਸਵੀਰ ਬੋਦਲ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਪੰਜਾਬ ਸਰਕਾਰ ਆਪਣੇ ਚੋਣ ਵਾਅਦੇ ਨੂੰ ਲਾਗੂ ਕਰਨ ਵਿੱਚ ਨਾਕਾਮ ਰਹੀ ਹੈ, ਜਿਹੜਾ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਬਹਾਲੀ ਦਾ ਇੱਕ ਲੰਗੜਾ ਨੋਟੀਫਿਕੇਸ਼ਨ ਜਾਰੀ ਕੀਤਾ। ਉਸ ਨੂੰ ਚਾਰ ਸਾਲ ਬੀਤ ਜਾਣ ਬਾਅਦ ਵੀ ਪੰਜਾਬ ਸਰਕਾਰ ਲਾਗੂ ਨਹੀਂ ਕਰ ਸਕੀ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਪ੍ਰਿੰਸ ਗੜਦੀਵਾਲਾ ਐਲਾਨ ਕੀਤਾ ਕਿ ਹੁਣ ਸਰਕਾਰ ਦੀ ਲਗਾਤਾਰ ਚਾਰ ਸਾਲਾਂ ਤੋਂ ਪੈਨਸ਼ਨ ਬਹਾਲੀ ਲਈ ਧਾਰੀ ਸਾਜ਼ਿਸ਼ੀ ਚੁੱਪੀ ਵਿਰੁੱਧ ਜਥਰਦਸਤ ਰੋਹ ਭੜਕ ਗਿਆ ਹੈ। ਉਮੇਸ਼ ਕੁਮਾਰ ਅਤੇ ਰਾਜੇਸ਼ ਅਰੋੜਾ ਬਲਾਕ ਪ੍ਰਧਾਨ ਦਸੂਹਾ, ਮਨਮੋਹਨ ਕੁਮਾਰ ਪ੍ਰਧਾਨ ਹਾਜੀਪੁਰ ਵਲੋਂ ਸਰਕਾਰ ਦੇ ਮੁਲਾਜ਼ਮਾਂ ਵਿਰੋਧੀ ਕੰਮਾਂ ਦੀ ਨਿਖੇਧੀ ਕੀਤੀ।

ਇਸ ਮੌਕੇ ਸਚਿਨ ਕੁਮਾਰ, ਗੁਰਮੁਖ ਸਿੰਘ ਬਲਾਲਾ, ਲੈਕ. ਰੋਹਿਤ ਕੁਮਾਰ, ਸੁਖਵਿੰਦਰ ਬੋਦਲ, ਵਿਜੇ ਕੁਮਾਰ, ਸਰਬਜੀਤ ਸਿੰਘ, ਅਮਿਤ ਕੁਮਾਰ, ਮਹਿਤਾਬ ਵਰਮਾ, ਦਿਆਲ ਸਿੰਘ, ਗੀਪਕ ਸ਼ਰਮਾ, ਸਾਹਿਲ ਸ਼ਰਮਾ, ਸੰਦੀਪ ਕੁਮਾਰ, ਰਾਜ ਕੁਮਾਰ, ਮੈਡਮ ਗੀਤਾ, ਜਸਦੀਪ ਕੌਰ, ਕਮਲਜੀਤ ਡੋਗਰਾ, ਸੁਖਦੀਪ ਕੌਰ, ਸੁਖਦੀਪ ਕੌਰ, ਗੀਤਾ ਰਾਣੀ ਤੇ ਹੇਮ ਲਤਾ, ਜਸਦੀਪ ਮੈਡਮ ਮੰਜੂਸ਼ਾ, ਸੁਖਮੀਨ ਕੌਰ ਆਦਿ ਹਾਜ਼ਰ ਸਨ।

ਪੰਜਾਬ ਆਰਥਿਕ, ਸਮਾਜਿਕ ਤੇ ਪ੍ਰਸ਼ਾਸ਼ਨਿਕ ਪੱਧਰ 'ਤੇ ਗੰਭੀਰ ਸੰਕਟ 'ਚੋਂ ਗੁਜ਼ਰ ਰਿਹਾ : ਕਰੀਮਪੁਰੀ

ਗੁਰਿਆਰਪੁਰ (ਓਮ ਪ੍ਰਕਾਸ਼ ਰਾਣਾ) 26 ਨਵੰਬਰ ਨੂੰ ਸੰਵਿਧਾਨ ਦਿਵਸ 'ਤੇ ਬਸਪਾ ਵੱਲੋਂ ਸੂਬਾ ਪੱਧਰੀ ਪੰਜਾਬ ਸੰਭਾਲੋ ਰੈਲੀ ਦੀਆਂ ਤਿਆਰੀਆਂ ਲਈ ਵਿਧਾਨ ਸਭਾ ਹਲਕਾ ਸ਼ਾਮ ਚੌਰਾਸੀ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਵਿਪੁਲ ਕੁਮਾਰ ਕੇਂਦਰੀ ਇੰਚਾਰਜ ਬਸਪਾ ਪੰਜਾਬ ਅਤੇ ਡਾ. ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ ਨੇ ਆਏ ਹੋਏ ਵਰਕਰਾਂ



ਸਮਰਥਕਾਂ ਨੂੰ ਵੱਡੇ ਪੱਧਰ 'ਤੇ 26 ਨਵੰਬਰ ਨੂੰ ਫਿਰ ਫਿਲੌਰ ਪਹੁੰਚਣ ਦਾ ਸੱਦਾ ਦਿੱਤਾ।ਇਸ ਮੌਕੇ ਡਾ. ਕਰੀਮਪੁਰੀ ਨੇ ਉਚੇਚੇ ਤੌਰ 'ਤੇ ਸ਼ਿਰਕਤ ਕਰਦਿਆਂ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੂੰ 26 ਨਵੰਬਰ ਨੂੰ ਸੰਵਿਧਾਨ ਦਿਵਸ ਮੌਕੇ ਫਿਲੌਰ ਵਿਖੇ ਹੋਣ ਵਾਲੀ ਵਿਸ਼ਾਲ 'ਪੰਜਾਬ ਸੰਭਾਲੋ ਰੈਲੀ' ਵਿੱਚ ਵੱਡੇ ਕਾਫ਼ਲਿਆਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ।

ਡਾ. ਕਰੀਮਪੁਰੀ ਨੇ ਦੱਸਿਆ ਕਿ 26 ਨਵੰਬਰ ਦਾ ਦਿਨ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਜੀ ਵੱਲੋਂ ਦਿੱਤੇ ਗਏ ਸੰਵਿਧਾਨ ਨੂੰ ਸਮਰਪਿਤ ਹੈ। ਇਸ ਇਤਿਹਾਸਕ ਦਿਹਾੜੇ ਮੌਕੇ ਫਿਲੌਰ ਦੀ ਧਰਤੀ 'ਤੇ ਹੋਣ ਜਾ ਰਹੀ 'ਪੰਜਾਬ ਸੰਭਾਲੋ ਰੈਲੀ' ਵਿੱਚ ਬਸਪਾ ਦੇ ਨੈਸ਼ਨਲ ਕਨਵੀਨਰ ਆਕਾਸ਼ ਆਨੰਦ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਕਰੀਮਪੁਰੀ ਨੇ ਕਿਹਾ ਕਿ ਅੱਜ ਪੰਜਾਬ ਆਰਥਿਕ, ਸਮਾਜਿਕ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ।

ਮੌਜੂਦਾ ਅਤੇ ਪਿਛਲੀਆਂ ਸਰਕਾਰਾਂ ਦੀਆਂ ਲੋਕ-ਮਾਰੂ ਨੀਤੀਆਂ ਕਾਰਨ ਸੂਬੇ ਦਾ ਹਰ ਵਰਗ—ਕਿਸਾਨ, ਮਜ਼ਦੂਰ, ਮੁਲਾਜ਼ਮ, ਵਪਾਰੀ ਅਤੇ ਨੌਜਵਾਨ ਪਰੇਸ਼ਾਨ ਹੈ।

ਪੰਜਾਬ ਨੂੰ ਇਸ ਬਦਹਾਲੀ ਵਿੱਚੋਂ ਕੱਢਣ ਅਤੇ ਸੰਵਿਧਾਨਕ ਹੱਕਾਂ ਦੀ ਰਾਖੀ ਕਰਨ ਲਈ ਬਸਪਾ ਦੀ 'ਪੰਜਾਬ ਸੰਭਾਲੋ ਮੁਹਿੰਮ' ਲੋਕਾਂ ਦੀ ਆਵਾਜ਼ ਬਣ ਚੁੱਕੀ ਹੈ। ਡਾ. ਕਰੀਮਪੁਰੀ ਨੇ ਹਲਕਾ ਸ਼ਾਮ ਚੌਰਾਸੀ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਲੋਕਾਂ ਨੂੰ ਲਾਮਬੰਦ ਕਰਨ ਤਾਂ ਜੋ ਇਸ ਹਲਕੇ ਤੋਂ ਰਿਕਾਰਡ ਤੋੜ ਇਕੱਠ ਫਿਲੌਰ ਰੈਲੀ ਵਿੱਚ ਸ਼ਾਮਲ ਹੋ ਸਕੇ।

ਇਸ ਮੌਕੇ ਰਮਨ ਰੱਲ ਸਕੱਤਰ ਪੰਜਾਬ, ਜਿਲਾ ਪ੍ਰਧਾਨ ਦਲਜੀਤ ਰਾਏ ਨੇ ਵਿਸ਼ਵਾਸ ਦਿਵਾਇਆ ਕਿ ਹਲਕਾ ਸ਼ਾਮ ਚੌਰਾਸੀ ਅਤੇ ਹੁਸ਼ਿਆਰਪੁਰ ਦੇ ਵਰਕਰਾਂ ਵਿੱਚ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਹੈ ਅਤੇ ਇੱਥੋਂ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਵੱਡੇ ਕਾਫ਼ਲਿਆਂ ਦੇ ਰੂਪ ਵਿੱਚ ਫਿਲੌਰ ਪਹੁੰਚਣਗੇ।ਇਸ ਮੌਕੇ ਸਟੇਟ ਸੈਕਟਰੀ ਰਮਨ ਰੱਲ ਲੋਕ ਸਭਾ ਇੰਚਾਰਜ, ਗੁਰਨਾਮ ਚੌਧਰੀ ਜੋਨ ਇੰਨਚਾਰਜ, ਜਿਲਾ ਪ੍ਰਧਾਨ ਪ੍ਰਧਾਨ ਦਲਜੀਤ ਰਾਏ, ਸੁਖਦੇਵ ਬਿੱਟਾ ਸਕੱਤਰ ਪੰਜਾਬ, ਜਗਮੋਹਨ ਸੱਜਣਾਂ ਤੋਂ ਇਲਾਵਾ ਪਾਰਟੀ ਦੀ ਜਿੰਮੇਵਾਰੀ ਲੀਡਰਸ਼ਿਪ ਤੇ ਵਰਕਰ ਮੌਜੂਦ ਸਨ।

ਗੋਲਡੀ ਵੱਲੋਂ ਮੱਲਾਂਪਰ ਗਰੀਬ ਦਾਸ ਤੋਂ ਖਰੜ ਲਈ ਬੱਸ ਸੇਵਾ ਸ਼ੁਰ



ਚੰਡੀਗੜ੍ਹ (ਸੁਰਜੀਤ ਸੁਮਨ) ਇਲਾਕੇ ਦੇ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਦੀ ਸਹੂਲਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਵੱਲੋਂ ਮੁੱਲਾਂਪੁਰ ਗਰੀਬਦਾਸ ਤੋਂ ਖਰੜ ਅਤੇ ਆਸ-ਪਾਸ ਦੇ ਪਿੰਡਾਂ ਨੂੰ ਜੋੜਨ ਵਾਲੀ ਨਵੀਂ ਪੀਆਰਟੀਸੀ ਮਿੰਨੀ ਬੱਸ ਸੇਵਾ ਦੀ ਸ਼ੁਰੂਆਤ ਕੀਤੀ ਗਈ। ਇਸ ਬੱਸ ਸੇਵਾ ਨਾਲ ਕਈ ਪਿੰਡਾਂ ਦੇ ਵਸਨੀਕਾਂ, ਵਿਦਿਆਰਥੀਆਂ ਅਤੇ ਰੋਜ਼ਾਨਾ ਕੰਮਕਾਜ ਲਈ ਆਉਣ-ਜਾਣ ਵਾਲੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ।ਬੱਸ ਸੇਵਾ ਦੀ ਸ਼ੁਰੂਆਤ ਮੌਕੇ ਪਰਮਿੰਦਰ ਸਿੰਘ ਗੋਲਡੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਨੂੰ ਛੋਟੇ-ਛੋਟੇ ਬੱਸ ਰੂਟਾਂ ਰਾਹੀਂ ਜੋੜ ਕੇ ਪੇਂਡੂ ਪਰਿਵਾਰਾਂ ਨੂੰ ਆਵਾਜਾਈ ਦੀ ਸਹੂਲਤ ਪ੍ਰਦਾਨ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜੋ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ, ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜਨੇਜਾ, ਪੀਆਰਟੀਸੀ ਦੀ ਐਮਡੀ ਮੈਡਮ ਜਸ਼ਨਪ੍ਰੀਤ ਕੌਰ ਗਿੱਲ, ਜਨਰਲ ਮੈਨੇਜਰ ਅਮਨਵੀਰ ਸਿੰਘ ਟਵਾਣਾ ਅਤੇ ਵਿਭਾਗ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਨਾਲ ਇਸ ਰੂਟ ਦੀ ਯੋਜਨਾ ਤਿਆਰ ਕਰਕੇ ਬੱਸ ਸੇਵਾ ਸ਼ੁਰੂ ਕੀਤੀ ਗਈ।ਉਨ੍ਹਾਂ ਦੱਸਿਆ ਕਿ ਬੱਸ ਸਵੇਰੇ 7:30 ਵਜੇ ਮੁੱਲਾਂਪੁਰ ਗਰੀਬਦਾਸ ਤੋਂ ਰਵਾਨਾ ਹੋ ਕੇ ਲਗਭਗ 9 ਵਜੇ ਖਰੜ ਪਹੁੰਚੇਗੀ। ਇਹ ਬੱਸ ਰਤਵਾੜਾ ਸਾਹਿਬ, ਸੈਣੀ ਮਾਜਰਾ, ਰਾਣੀ ਮਾਜਰਾ, ਪਲਹੇੜੀ, ਰੁੜਕੀ, ਤਿਊੜ, ਜਕੜ ਮਾਜਰਾ, ਹਲਾਲਪੁਰ, ਸੈਂਡਪੁਰ, ਖਰੜ ਝੁੰਗੀਆਂ ਅਤੇ ਦਸ਼ਮੇਸ਼ ਨਗਰ ਸਮੇਤ ਵੱਖ-ਵੱਖ ਪਿੰਡਾਂ ਅਤੇ ਇਲਾਕਿਆਂ ਰਾਹੀਂ ਖਰੜ ਬੱਸ ਅੱਡੇ ਤੱਕ ਪਹੁੰਚੇਗੀ। ਇਸ ਰੂਟ 'ਤੇ ਦਿਨ ਭਰ ਤਿੰਨ ਆਉਣ-ਜਾਣ ਦੇ ਚੱਕਰ ਚਲਾਏ ਜਾਣਗੇ ਅਤੇ ਸ਼ਾਮ ਕਰੀਬ 5:30 ਵਜੇ ਬੱਸ ਸੇਵਾ ਸਮਾਪਤ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਹਲਕਾ ਖਰੜ ਵਿੱਚ ਆਉਣ ਵਾਲੇ ਸਮੇਂ ਦੌਰਾਨ ਹੋਰ ਬੱਸ ਸੇਵਾਵਾਂ ਸ਼ੁਰੂ ਕਰਨ ਦੀ ਯੋਜਨਾ ਹੈ, ਜਿਸ ਨਾਲ ਹੋਰ ਪਿੰਡਾਂ ਨੂੰ ਵੀ ਬੱਸ ਸਹੂਲਤ ਨਾਲ ਜੋੜਿਆ ਜਾਵੇਗਾ। ਇਸ ਮੌਕੇ ਹਾਜ਼ਰ ਪਤਵੰਤੇ ਸੱਜਣਾਂ ਵਿੱਚ ਜਸਵਿੰਦਰ ਸਿੰਘ ਜੱਸਾ, ਜਸਪਾਲ ਸਿੰਘ ਮੁੱਲਾਂਪੁਰ, ਸਤਵਿੰਦਰ ਸਿੰਘ ਸ਼ੂੰਕ, ਦਲਵਾਰਾ ਸਿੰਘ, ਤੇਜਵੀਰ ਸਿੰਘ ਸਰਪੰਚ ਫਤਿਹ ਰੁੜਕੀ, ਜਤਿੰਦਰ ਸਿੰਘ ਸਰਪੰਚ, ਬਲਜਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਜੁਝਾਰ ਸਿੰਘ ਸਰਪੰਚ, ਗੁਰਮੇਲ ਸਿੰਘ ਸਰਪੰਚ ਸੁੱਖੀ ਮਾਜਰੀ, ਗੁਰਸ਼ਰਨ ਸਿੰਘ ਅਤੇ ਹੋਰ ਕਈ ਆਗੂ ਤੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਪਲਾਸੀ ਵਿਖੇ ਲਾਲ ਲਕੀਰ ਦੇ ਕਥਿਤ ਗਲਤ ਮੁਲਾਂਕਣ ਨੂੰ ਲੈ ਕੇ ਪਿੰਡ ਵਾਸੀਆਂ 'ਚ ਰੋਸ

ਭਲਾਣ (ਹਰਭਜਨ ਸਿੰਘ ਢਿੱਲੋਂ) ਨੇੜਲੇ ਪਿੰਡ ਪਲਾਸੀ ਵਿਖੇ ਮਾਲ ਵਿਭਾਗ ਵੱਲੋਂ ਮੇਰਾ ਘਰ ਮੇਰੇ ਨਾਮ ਸਕੀਮ ਅਧੀਨ ਲਾਲ ਲਕੀਰ ਦੇ ਕੀਤੇ ਗਏ ਮੁਲਾਂਕਣ ਨੂੰ ਲੈ ਕੇ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸਰਪੰਚ ਪਰਮਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਵਾਸੀਆਂ ਦਾ ਇਲਜ਼ਾਮ ਹੈ ਕਿ ਲਾਲ ਲਕੀਰ



ਦੇ ਮੁਲਾਂਕਣ ਦੌਰਾਨ ਸਹੀ ਢੰਗ ਨਾਲ ਪੜਤਾਲ ਨਾ ਕੀਤੇ ਜਾਣ ਕਾਰਨ ਕਈ ਘਰਾਂ ਅਤੇ ਖਸਰਾ ਨੰਬਰਾਂ ਨੂੰ ਲੈ ਕੇ ਇਤਰਾਜ਼ ਪੈਦਾ ਹੋਏ ਹਨ।ਇਸ ਸਬੰਧੀ ਸ਼ਿਕਾਇਤ ਮਿਲਣ 'ਤੇ ਤਹਿਸੀਲਦਾਰ ਨੰਗਲ ਸੁਮਿਤ ਢਿੱਲੋਂ ਵਿਸ਼ੇਸ਼ ਤੌਰ 'ਤੇ ਪਿੰਡ ਪਲਾਸੀ ਵਿਖੇ ਇਜਲਾਸ ਵਿਚ ਪਹੁੰਚੇ ਜਿੱਥੇ ਪਿੰਡ ਵਾਸੀਆਂ ਨੇ ਉਨ੍ਹਾਂ ਦੇ ਸਾਹਮਣੇ ਆਪਣੀਆਂ ਸਮੱਸਿਆਵਾਂ ਰੱਖਦਿਆਂ ਮੰਗ ਕੀਤੀ ਕਿ ਜਿਨ੍ਹਾਂ ਘਰਾਂ ਅਤੇ ਖਸਰਾ ਨੰਬਰਾਂ ਨੂੰ ਲਾਲ ਲਕੀਰ ਵਿੱਚ ਸ਼ਾਮਲ ਕਰਨ ਜਾਂ ਇਸ ਦੇ ਮੁਲਾਂਕਣ ਨੂੰ ਲੈ ਕੇ ਇਤਰਾਜ਼ ਹਨ ਉਨ੍ਹਾਂ ਦੀ ਮੌਕੇ 'ਤੇ ਜਾ ਕੇ ਪੜਤਾਲ ਕੀਤੀ ਜਾਵੇ।ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਕੁਝ ਖਸਰਾ ਨੰਬਰਾਂ ਨੂੰ ਲਾਲ ਲਕੀਰ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ ਜਿਸ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉਨ੍ਹਾਂ ਮੰਗ ਕੀਤੀ ਕਿ ਸਬੰਧਤ ਵਿਭਾਗ ਵੱਲੋਂ ਰਿਕਾਰਡ ਅਤੇ ਜ਼ਮੀਨੀ ਸਥਿਤੀ ਦੀ ਬਾਰੀਕੀ ਨਾਲ ਜਾਂਚ ਕਰਕੇ ਸਹੀ ਮੁਲਾਂਕਣ ਕੀਤਾ ਜਾਵੇ ਤਾਂ ਜੋ ਕਿਸੇ ਵੀ ਪਿੰਡ ਵਾਸੀ ਨਾਲ ਬੇਇਨਸਾਫ਼ੀ ਨਾ ਹੋਵੇ।ਇਸ ਮੌਕੇ ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲਾਲ ਲਕੀਰ ਦੇ ਕਥਿਤ ਮੁਲਾਂਕਣ ਸਬੰਧੀ ਉਨ੍ਹਾਂ ਦੇ ਇਤਰਾਜ਼ਾਂ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਇਤਰਾਜ਼ ਵਾਲੇ ਘਰਾਂ ਤੇ ਖਸਰਾ ਨੰਬਰਾਂ ਦੀ ਸਹੀ ਜਾਂਚ ਕਰਵਾਈ ਜ

ਮਹਿਲਾ ਕਾਂਗਰਸ ਦੀ ਮੀਟਿੰਗ 'ਚ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਸੰਦੇਸ਼

ਜਲੰਧਰ (ਇਕਬਾਲ ਸਿੰਘ ਉੱਭੀ)- ਸਥਾਨਕ 66 ਫੁੱਟੀ ਰੋਡ ਵਿਖੇ ਮਹਿਲਾ ਕਾਂਗਰਸ ਵੱਲੋਂ ਕਰਵਾਏ ਗਏ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਆਗੂ ਬੀਬੀ ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਪਰਵੀਨਾ ਮਨੂੰ (ਸੀਨੀਅਰ ਵਾਈਸ ਪ੍ਰੈਜ਼ੀਡੈਂਟ) ਅਤੇ ਡੌਲੀ ਸੈਣੀ ਹਲਕਾ ਇੰਚਾਰਜ, ਸੈਂਟਰਲ ਵੱਲੋਂ ਮੁੱਖ ਮਹਿਮਾਨ ਪ੍ਰਧਾਨ ਪੰਜਾਬ ਮਹਿਲਾ ਕਾਂਗਰਸ ਬੀਬੀ ਬਲਜੀਤ ਕੌਰ ਦਾ ਨਿੱਘਾ ਸਵਾਗਤ ਕੀਤਾ ਗਿਆ।ਸਮਾਗਮ ਵਿੱਚ ਵਿਸ ਤੌਰ 'ਤੇ ਮੈਡਮ ਸਰਿਦਰ ਕੌਰ, ਉਮਾ ਬੇਰੀ ਮਿਸਿਜ਼ ਮਨਦੀਪ ਮਲਤਾਨੀ, ਬਿਮਲਾ ਰਾਣੀ, ਹਰਸ਼ਰਨ ਕੌਰ, ਹੈਪੀ, ਗੀਟਾ ਸ਼ਰਮਾ, ਗੁਰੂ ਨੂਰ ਮੰਗਾ, ਮਿਸਿਜ਼ ਮਨਦੀਪ ਜੱਸਲ, ਕੰਚਨ ਠਾਕੁਰ ਪ੍ਰੈਜ਼ੀਡੈਂਟ ਜਿਲ੍ਹਾ ਕਾਂਗਰਸ ਅਨੁਰਾਧਾ ਬੰਗਾ, ਪੱਲਵੀ, ਮੀਨੂ ਬੱਗਾ, ਜਸਲੀਨ ਸੇਠੀ, ਰਣਜੀਤ ਕੌਰ, ਮਧੂ, ਰਤਨਾ, ਰਚਨਾ, ਅੰਜਲੀ ਵਰਦੀ,ਕੌਂਸਲਰ ਪਵਨ ਕੁਮਾਰ ਅਤੇ ਉਨ੍ਹਾਂ ਦੀ ਧਰਮ ਪਤਨੀ ਆਸ਼ਾ ਰਾਣੀ ਸਮੇਤ ਹੋਰ ਕਈ ਪਤਵੰਤੇ ਸੱਜਣਾਂ ਅਤੇ ਪਾਰਟੀ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਮਹਿਲਾ ਕਾਂਗਰਸ ਦੀ ਏਕਤਾ, ਮਹਿਲਾ ਸ਼ਕਤੀਕਰਨ ਅਤੇ ਪਾਰਟੀ ਦੀ ਮਜ਼ਬੂਤੀ ਲਈ ਮਿਲ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਮੀਟਿੰਗ ਦੌਰਾਨ ਸ਼੍ਰੀਮਤੀ ਪ੍ਰਵੀਨਾ ਮਨੂੰ ਨੂੰ ਪੰਜਾਬ ਮਹਿਲਾ ਕਾਂਗਰਸ ਦਾ ਸੀਨੀਅਰ ਉਪ ਪ੍ਰਧਾਨ ਅਤੇ ਡੌਲੀ ਸੈਣੀ ਨੂੰ ਜਲੰਧਰ ਸੈਂਟਰਲ ਦਾ ਮਹਿਲਾ ਕਾਂਗਰਸ ਦਾ ਹਲਕਾ ਇੰਚਾਰਜ ਦਾ ਨਿਯੁਕਤੀ ਪੱਤਰ ਸੌਂਪਿਆ ਗਿਆ।ਇਸ ਨਿਯੁਕਤੀ ਲਈ ਪ੍ਰਵੀਨਾ ਮਨੂੰ ਅਤੇ ਡੌਲੀ ਸੈਣੀ ਵਲੋਂ ਪੰਜਾਬ ਮਹਿਲਾ ਪ੍ਰਧਾਨ ਸ਼੍ਰੀਮਤੀ ਬਲਜੀਤ ਕੌਰ ਤਾ ਧੰਨਵਾਦ ਕੀਤਾ ਗਿਆ । ਇਸ ਮੌਕੇ ਮੈਡਮ ਸਰਿਦਰ ਕੌਰ, ਉਮਾ ਬੇਰੀ ਮਿਸਿਜ਼ ਮਨਦੀਪ ਮਲਤਾਨੀ, ਬਿਮਲਾ ਰਾਣੀ, ਹਰਸ਼ਰਨ ਕੌਰ, ਹੈਪੀ, ਗੀਟਾ ਸ਼ਰਮਾ, ਗੁਰੂ ਨੂਰ ਮੰਗਾ, ਮਿਸਿਜ਼ ਮਨਦੀਪ ਜੱਸਲ, ਕੰਚਨ ਠਾਕੁਰ ਪ੍ਰੈਜ਼ੀਡੈਂਟ ਜਿਲ੍ਹਾ ਕਾਂਗਰਸ ਅਨੁਰਾਧਾ ਬੰਗਾ, ਪੱਲਵੀ, ਮੀਨੂ ਬੱਗਾ, ਜਸਲੀਨ ਸੇਠੀ, ਰਣਜੀਤ ਕੌਰ, ਮਧੂ, ਰਤਨਾ, ਰਚਨਾ, ਅੰਜਲੀ ਵਰਦੀ,ਕੌਂਸਲਰ ਪਵਨ ਕੁਮਾਰ ਅਤੇ ਉਨ੍ਹਾਂ ਦੀ ਧਰਮ ਪਤਨੀ ਆਸ਼ਾ ਰਾਣੀ ਸਮੇਤ ਹੋਰ ਕਈ ਪਤਵੰਤੇ ਸੱਜਣਾਂ ਅਤੇ ਪਾਰਟੀ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ।



ਗੰਨੇ ਦਾ ਬਕਾਇਆ ਨਾ ਮਿਲਿਆ ਤਾਂ 26 ਨੂੰ ਫਗਵਾੜਾ 'ਚ ਜਾਮ : ਮਨਜੀਤ ਸਿੰਘ ਰਾਏ



ਫਗਵਾੜਾ (ਜਸਵਿੰਦਰ ਢੱਡਾ) ਭਾਰਤੀ ਕਿਸਾਨ ਯੂਨੀਅਨ ਦੁਆਬਾ ਦੀ ਇੱਕ ਹੰਗਾਮੀ ਮੀਟਿੰਗ ਗੁਰਦੁਆਰਾ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਹੋਈ। ਜਿਸ ਵਿੱਚ ਜਿਲ੍ਹਾ, ਬਲਾਕ, ਸਰਕਲ ਪ੍ਰਧਾਨ ਅਤੇ ਯੂਨੀਅਨ ਦੇ ਆਗੂ ਤੇ ਮੈਂਬਰ ਵੱਡੀ ਗਿਣਤੀ 'ਚ ਸ਼ਾਮਲ ਹੋਏ।ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਰਾਏ ਨੇ ਦੱਸਿਆ ਕਿ ਮੀਟਿੰਗ ਵਿੱਚ ਗੰਨੇ ਦੇ ਮੌਜੂਦਾ ਸੀਜ਼ਨ ਦੇ ਭਾਅ, ਫਗਵਾੜਾ ਸ਼ੂਗਰ ਮਿੱਲ ਵੱਲ ਕਿਸਾਨਾਂ ਦਾ ਲੰਮੇ ਸਮੇਂ ਤੋਂ ਖੜ੍ਹਾ ਬਕਾਇਆ, ਝੋਨੇ ਦੀ ਸਰਕਾਰੀ ਖਰੀਦ ਵਿੱਚ ਆ ਰਹੀਆਂ ਸਮੱਸਿਆਵਾਂ ਅਤੇ ਮੁਕੇਰੀਆਂ ਸ਼ੂਗਰ ਮਿੱਲ ਵਿਖੇ ਚੱਲ ਰਹੇ ਕਿਸਾਨੀ ਸੰਘਰਸ਼ ਸਮੇਤ ਵੱਖ-ਵੱਖ ਮੁੱਦਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਮਨਜੀਤ ਸਿੰਘ ਰਾਏ ਨੇ ਦੱਸਿਆ ਕਿ ਫਗਵਾੜਾ ਸ਼ੂਗਰ ਮਿੱਲ ਵੱਲ ਕਿਸਾਨਾਂ ਦਾ ਕਰੀਬ 27 ਕਰੋੜ 84 ਲੱਖ ਰੁਪਏ ਬਕਾਇਆ ਹੈ, ਜਦਕਿ ਸਰਕਾਰ ਵੱਲੋਂ ਵੀ ਲਗਭਗ 18 ਕਰੋੜ 93 ਲੱਖ ਰੁਪਏ ਦੀ ਰਕਮ ਕਿਸਾਨਾਂ ਨੂੰ ਦਿੱਤੀ ਜਾਣੀ ਬਾਕੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਅਜੇ ਤੱਕ ਨਾ ਤਾਂ ਗੰਨੇ ਦਾ ਨਵਾਂ ਭਾਅ ਐਲਾਨਿਆ ਹੈ ਅਤੇ ਨਾ ਹੀ ਕਿਸਾਨਾਂ ਦਾ ਪਿਛਲਾ ਬਕਾਇਆ ਦੁਆਇਆ ਹੈ। ਇਸ ਦੇ ਉਲਟ ਫਗਵਾੜਾ ਸ਼ੂਗਰ ਮਿੱਲ ਨੂੰ ਤਾਲੇ ਲਗਾ ਦਿੱਤੇ ਗਏ ਹਨ, ਜਿਸ ਕਾਰਨ ਕਿਸਾਨਾਂ ਸਾਹਮਣੇ ਗੰਭੀਰ ਸੰਕਟ ਪੈਦਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਯੂਨੀਅਨ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਸਰਕਾਰ 25 ਨਵੰਬਰ ਤੱਕ ਕਿਸਾਨਾਂ ਨਾਲ ਮੀਟਿੰਗ ਕਰਕੇ ਬਕਾਇਆ ਰਕਮ ਅਤੇ ਮਿੱਲ ਚਲਾਉਣ ਦੇ ਮਸਲੇ ਦਾ ਹੱਲ ਨਹੀਂ ਕੀਤਾ ਗਿਆ ਤਾਂ 26 ਨਵੰਬਰ ਨੂੰ ਕਿਸਾਨ ਫਗਵਾੜਾ ਸ਼ੂਗਰ ਮਿੱਲ ਦੇ ਗੇਟ ਅੱਗੇ ਇਕੱਠੇ ਹੋਣਗੇ। ਸਵੇਰੇ 10 ਵਜੇ ਦਿੱਲੀ-ਅੰਮ੍ਰਿਤਸਰ ਕੌਮੀ ਮਾਰਗ ਨੂੰ ਪੂਰੀ ਤਰ੍ਹਾਂ ਜਾਮ ਕੀਤਾ ਜਾਵੇਗਾ। ਇਸ ਮੌਕੇ ਤਰਸੇਮ ਸਿੰਘ ਢਿੱਲੋਂ ਫਿਲੌਰ, ਰਾਣਾ ਸਿੰਘ, ਮੇਜਰ ਸਿੰਘ ਅਠੌਲੀ, ਮਨਜੀਤ ਸਿੰਘ ਲੱਲੀਆਂ, ਬਲਜਿੰਦਰ ਸਿੰਘ, ਬਲਜੀਤ ਸਿੰਘ, ਤਰਸੇਮ ਸਿੰਘ ਉੱਚਾ ਪਿੰਡ, ਚੂਹੜ ਸਿੰਘ ਗੰਢਮ, ਬਲਦੇਵ ਸਿੰਘ ਮਲਕਪੁਰ, ਹਰਦੀਪ ਸਿੰਘ ਨਸੀਰਾਬਾਦ, ਰਾਜਵਿੰਦਰ ਸਿੰਘ, ਗੁਰਨਾਮ ਸਿੰਘ, ਸ਼ਮਸ਼ੇਰ ਸਿੰਘ, ਦਲਜੀਤ ਸਿੰਘ, ਜ਼ਿਲਾ ਪੰਚ ਵਿਰਕਾਂ, ਪੰਕਜ ਆੜ੍ਹਤੀਆਂ, ਬਲਵਿੰਦਰ ਸਿੰਘ ਸਾਬੀ, ਜਸਵੰਤ ਸਿੰਘ ਕਾਹਲੋਂ, ਗੁਰਚੇਤਨ ਸਿੰਘ ਤੱਖਰ, ਜਸਵੀਰ ਸਿੰਘ ਪੰਨੂ, ਕਸ਼ਮੀਰ ਸਿੰਘ ਪੁਆਦੜਾ, ਜਸਬੀਰ ਸਿੰਘ ਬੜਾ ਪਿੰਡ, ਰਣਜੀਤ ਸਿੰਘ, ਹਰਮਿੰਦਰ ਸਿੰਘ, ਬੱਗਾ ਸਿੰਘ, ਬਲਰਾਜ ਸਿੰਘ ਵਿਰਕ, ਰਾਜਾ ਸਿੰਘ, ਕੁਲਦੀਪ ਸਿੰਘ, ਚਰਨਜੀਤ ਸਿੰਘ, ਸੁਭਾਸ਼ ਚੰਦ, ਹਰਜਿੰਦਰ ਸਿੰਘ ਚੀਮਾ, ਮਹਿੰਦਰ ਸਿੰਘ, ਸ਼ਿਵ ਕੁਮਾਰ, ਬਲਜਿੰਦਰ ਸਿੰਘ ਫਿਲੌਰ, ਗੁਰਪ੍ਰੀਤ ਸਿੰਘ ਗਰੇਵਾਲ ਤੇ ਇਕਬਾਲ ਸਿੰਘ ਆਦਿ ਹਾਜ਼ਰ ਸਨ।

ਐੱਲ ਪੀ ਯੂ ਵਿਖੇ ਅੰਤਰ-ਸਕੂਲ ਯੁਵਾ ਉਤਸਵ 'ਸਪੈਕਟਰਾ 2026'

ਜਲੰਧਰ (ਸ਼ੈਲੀ ਐਲਬਰਟ) ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਅੰਤਰ-ਸਕੂਲ ਯੁਵਾ ਉਤਸਵ, 'ਸਪੈਕਟਰਾ 2026' ਦੇ 19ਵੇਂ ਐਡੀਸ਼ਨ ਵਿੱਚ 27 ਸਕੂਲਾਂ ਦੇ 2,500 ਤੋਂ ਵੱਧ ਭਾਗੀਦਾਰਾਂ ਨੇ ਹਿੱਸਾ ਲਿਆ।ਤਿੰਨ ਦਿਨਾਂ ਦੇ ਇਸ ਸਮਾਗਮ ਵਿੱਚ ਪ੍ਰਤਿਭਾ, ਰਚਨਾਤਮਕਤਾ ਅਤੇ ਸੱਭਿਆਚਾਰ ਦਾ ਪ੍ਰਦਰਸ਼ਨ ਕੀਤਾ ਗਿਆ। 35 ਵੱਖ-ਵੱਖ ਸ਼੍ਰੇਣੀਆਂ ਵਿੱਚ ਆਯੋਜਿਤ, ਇਸ ਤਿਉਹਾਰ ਨੇ ਸਕੂਲੀ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਅਕਾਦਮਿਕ ਹੁਨਰ ਅਤੇ ਸੱਭਿਆਚਾਰ ਦਾ ਪ੍ਰਦਰਸ਼ਨ ਕਰਨ ਲਈ ਇੱਕ ਸ਼ਾਨਦਾਰ ਪਲੇਟਫਾਰਮ ਪ੍ਰਦਾਨ ਕੀਤਾ। ਇਸਨੇ ਵਿਦਿਆਰਥੀਆਂ ਨੂੰ ਦੂਜੇ ਸਕੂਲਾਂ ਨਾਲ ਮੁਕਾਬਲਾ ਕਰਨ ਦਾ ਮੌਕਾ ਵੀ ਪ੍ਰਦਾਨ ਕੀਤਾ। ਰੰਗੋਲੀ ਮੁਕਾਬਲੇ ਵਿੱਚ ਰਵਾਇਤੀ ਡਿਜ਼ਾਈਨਾਂ ਦੀਆਂ ਬਾਰੀਕੀਆਂ ਤੋਂ ਲੈ ਕੇ, ਬਹਿਸ ਮੁਕਾਬਲੇ ਵਿੱਚ ਵਿਚਾਰਾਂ ਦੇ ਤੀਬਰ ਆਦਾਨ-ਪ੍ਰਦਾਨ ਅਤੇ 'ਕੱਲ੍ਹ, ਅੱਜ ਅਤੇ ਕੱਲ੍ਹ' ਥੀਮ ਵਾਲੇ ਸਕਿੱਟ ਮੁਕਾਬਲੇ ਵਿੱਚ ਭੂਤਕਾਲ, ਵਰਤਮਾਨ ਅਤੇ ਭਵਿੱਖ ਦੀ ਪੇਸ਼ਕਾਰੀ ਤੱਕ, ਭਾਗੀਦਾਰਾਂ ਨੇ ਕਈ ਤਰ੍ਹਾਂ ਦੇ ਰਚਨਾਤਮਕ ਪ੍ਰਗਟਾਵੇ ਪ੍ਰਦਰਸ਼ਿਤ ਕੀਤੇ। ਕਲਾਸੀਕਲ ਵੋਕਲ ਸੋਲੋ ਮੁਕਾਬਲੇ ਨੇ ਭਾਰਤੀ ਸ਼ਾਸਤਰੀ ਸੰਗੀਤ ਦੀ ਅਮੀਰੀ ਨੂੰ ਪ੍ਰਦਰਸ਼ਿਤ ਕੀਤਾ, ਜਦੋਂ ਕਿ ਮਾਈਮ ਅਤੇ ਮਿਮਿਕਰੀ ਵਿੱਚ ਭਾਗੀਦਾਰਾਂ ਨੇ ਆਪਣੇ ਪ੍ਰਗਟਾਵੇ, ਹਾਸੇ-ਮਜ਼ਾਕ ਅਤੇ ਕਹਾਣੀ ਸੁਣਾਉਣ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ। ਫੈਸ਼ਨ ਸ਼ੋਅ ਨੇ ਪ੍ਰੋਗਰਾਮ ਵਿੱਚ ਗਲੈਮਰ ਅਤੇ ਰਚਨਾਤਮਕਤਾ ਦਾ ਇੱਕ ਛੋਹ ਜੋੜਿਆ, ਜਿਸ ਨਾਲ ਭਾਗੀਦਾਰਾਂ ਨੂੰ ਆਪਣੀ ਸ਼ੈਲੀ ਦੀ ਭਾਵਨਾ, ਵਿਸ਼ਵਾਸ, ਪੇਸ਼ਕਾਰੀ ਅਤੇ ਕਲਾਤਮਕ ਕਲਪਨਾ ਦਾ ਪ੍ਰਦਰਸ਼ਨ ਕਰਨ ਦੀ ਆਗਿਆ ਮਿਲੀ।

ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਨੌਜਵਾਨ ਭਾਗੀਦਾਰਾਂ ਨੂੰ ਆਪਣੀ ਸਮਰੱਥਾ ਨੂੰ ਸਾਕਾਰ ਕਰਨ, ਆਪਣੇ ਜਨੂੰਨ ਨੂੰ ਅੱਗੇ ਵਧਾਉਣ ਅਤੇ ਆਪਣੇ ਆਪ ਦੇ ਨਵੇਂ ਪਹਿਲੂਆਂ ਦੀ ਖੋਜ ਕਰਨ ਲਈ ਹਰ ਮੌਕੇ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। 2027 ਲਈ ਦਾਖਲਾ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ, ਇਸ ਲਈ ਦਿਲਚਸਪੀ ਰੱਖਣ ਵਾਲੇ ਵਿਦਿਆਰਥੀ ਐਲਪੀਯੂ ਐਨਈਐਸਟੀ 2027 ਰਾਹੀਂ ਅਰਜ਼ੀ ਦੇ ਸਕਦੇ ਹਨ ਅਤੇ ਵੱਧ ਤੋਂ ਵੱਧ ਸਕਾਲਰਸ਼ਿਪ ਪ੍ਰਾਪਤ ਕਰ ਸਕਦੇ ਹਨ। ਐਲਪੀਯੂ ਦੀ 25 ਸਾਲ ਪੁਰਾਣੀ ਵਿਰਾਸਤ ਦਾ ਹਿੱਸਾ ਬਣੋ ਅਤੇ ਇੱਕ ਅਜਿਹੀ ਸਿੱਖਿਆ ਦਾ ਅਨੁਭਵ ਕਰੋ ਜਿੱਥੇ ਮੌਕੇ ਕਲਾਸਰੂਮ ਤੋਂ ਪਰੇ ਹਨ, ਪ੍ਰਤਿਭਾਵਾਂ ਨੂੰ ਇੱਕ ਪਲੇਟਫਾਰਮ ਮਿਲਦਾ ਹੈ, ਅਤੇ ਹਰ ਵਿਦਿਆਰਥੀ ਆਪਣੀ ਸਮਰੱਥਾ ਨੂੰ ਪੂਰੀ ਤਰ੍ਹਾਂ ਮਹਿਸੂਸ ਕਰ ਸਕਦਾ ਹੈ।

ਪ੍ਰਕਾਸ਼ ਪੁਰਬ ਨੂੰ ਸਮਰਪਿਤ 20 ਨੂੰ ਚਿੱਤਰ ਪ੍ਰਦਰਸ਼ਨੀ

ਆਦਮਪੁਰ (ਪਰਮਜੀਤ ਜਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਖੇ ਪੰਜਾਬੀ ਵਿਭਾਗ ਅਤੇ ਸੰਤ ਬਾਬਾ ਮਲਕੀਤ ਸਿੰਘ ਯਾਦਗਾਰੀ ਚੇਅਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਗੁਰੁ ਨਾਨਕੁ ਜਿਨ ਸੁਣਿਆ ਪੇਖਿਆ... ' ਵਿਸ਼ੇ 'ਤੇ ਇੱਕ ਵਿਸ਼ੇਸ਼ ਚਿੱਤਰ ਪ੍ਰਦਰਸ਼ਨੀ 20 ਨਵੰਬਰ, ਨੂੰ ਆਯੋਜਿਤ ਕੀਤੀ ਜਾ ਰਹੀ ਹੈ। ਇਸ ਪ੍ਰਦਰਸ਼ਨੀ ਦਾ ਮੁੱਖ ਉਦੇਸ਼ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਨ੍ਹਾਂ ਦੀਆਂ ਉਦਾਸੀਆਂ, ਵਿਚਾਰਧਾਰਾ, ਸਰਬ-ਸਾਂਝੀਵਾਲਤਾ, ਮਾਨਵਤਾ, ਸਮਾਨਤਾ ਅਤੇ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦੇ ਸਿਧਾਂਤਾਂ ਨੂੰ ਚਿੱਤਰਾਂ ਰਾਹੀਂ ਲੋਕਾਈ ਤੱਕ ਪਹੁੰਚਾਉਣਾ ਹੈ। ਪ੍ਰਦਰਸ਼ਨੀ ਵਿੱਚ ਗੁਰੂ ਸਾਹਿਬ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਇਤਿਹਾਸਕ ਅਤੇ ਅਧਿਆਤਮਿਕ ਪ੍ਰਸੰਗਾਂ ਨੂੰ ਦਰਸਾਉਂਦੇ ਚਿੱਤਰ ਪ੍ਰਦਰਸ਼ਿਤ ਕੀਤੇ ਜਾਣਗੇ, ਜੋ ਗੁਰੂ ਸਾਹਿਬ ਦੀ ਮਹਾਨ ਸ਼ਖ਼ਸੀਅਤ ਅਤੇ ਉਨ੍ਹਾਂ ਦੀ ਸਰਬਵਿਆਪੀ ਵਿਚਾਰਧਾਰਾ ਨਾਲ ਜੋੜਨ ਦਾ ਉਪਰਾਲਾ ਕਰਨਗੇ।ਪ੍ਰੋ. (ਡਾ.) ਪਲਵਿੰਦਰ ਸਿੰਘ (ਉਪ ਕੁਲਪਤੀ) ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਸਮੁੱਚੀ ਲੋਕਾਈ ਲਈ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਕੇ ਗਿਆਨ ਅਤੇ ਸੱਚ ਦਾ ਪ੍ਰਕਾਸ਼ ਫੈਲਾਉਣ ਵਾਲਾ ਇੱਕ ਇਤਿਹਾਸਕ ਪਲ ਸੀ। ਉਨ੍ਹਾਂ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਚਿੱਤਰ ਪ੍ਰਦਰਸ਼ਨੀ ਸਿਰਫ਼ ਰੰਗਾਂ ਅਤੇ ਲਕੀਰਾਂ ਦਾ ਸੁਮੇਲ ਹੀ ਨਹੀਂ, ਸਗੋਂ ਗੁਰੂ ਸਾਹਿਬ ਦੇ ਮਹਾਨ ਫ਼ਲਸਫ਼ੇ ਨੂੰ ਅਨੁਭਵ ਕਰਨ ਦਾ ਇੱਕ ਰੂਹਾਨੀ ਜ਼ਰੀਆ ਹੋਵੇਗੀ।ਇਸ ਮੌਕੇ ਵਿਦਿਆਰਥੀਆਂ, ਖੋਜਾਰਥੀਆਂ, ਅਧਿਆਪਕਾਂ, ਕਲਾ ਤੇ ਸਾਹਿਤ ਪ੍ਰੇਮੀਆਂ ਨੂੰ ਪ੍ਰਦਰਸ਼ਨੀ ਦਾ ਦੌਰਾ ਕਰਨ ਲਈ ਸੱਦਾ ਦਿੱਤਾ ਜਾਂਦਾ ਹੈ। ਇਹ ਉਪਰਾਲਾ ਨਵੀਂ ਪੀੜ੍ਹੀ ਨੂੰ ਸਿੱਖ ਇਤਿਹਾਸ, ਗੁਰੂ ਸਾਹਿਬ ਦੀ ਬਾਣੀ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨਾਲ ਜੋੜਨ ਦੇ ਨਾਲ-ਨਾਲ ਕਲਾ ਰਾਹੀਂ ਗੁਰੂ ਨਾਨਕ ਦੇਵ ਜੀ ਦੇ ਸਰਬ-ਸਾਂਝੇ ਸੰਦੇਸ਼ ਨੂੰ ਪ੍ਰਸਾਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

8ਵਾਂ ਸਾਲਾਨਾ 'ਭੰਗੜਾ ਉਤਸਵ' 22 ਨੂੰ

ਮੋਹਾਲੀ (ਗੁਰਜੀਤ ਬਿੱਲਾ) ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਵਿਰਾਸਤੀ ਲੋਕ ਨਾਚਾਂ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ਨਿਊ ਥੀਏਟਰ ਵੱਲੋਂ ਚੰਡੀਗੜ੍ਹ ਸੰਗੀਤ ਨਾਟਕ ਅਕਾਦਮੀ ਦੇ ਸਹਿਯੋਗ ਨਾਲ 8ਵਾਂ ਸਾਲਾਨਾ 'ਭੰਗੜਾ ਉਤਸਵ' 22 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ।ਇਹ ਸਮਾਗਮ ਸੈਕਟਰ-68 ਸਥਿਤ ਸਿਟੀ ਪਾਰਕ ਦੇ ਓਪਨ ਆਡੀਟੋਰੀਅਮ ਵਿਖੇ ਦੁਪਹਿਰ 3 ਤੋਂ ਸ਼ਾਮ 6 ਵਜੇ ਤੱਕ ਹੋਵੇਗਾ।ਇਸ ਮੌਕੇ ਫੈਸ਼ਨ ਸ਼ੋਅ ਵੀ ਕਰਵਾਇਆ ਜਾਵੇਗਾ।ਮੋਹਾਲੀ ਪ੍ਰੈਸ ਕਲੱਬ ਵਿਚ ਇਕ ਪ੍ਰੈਸ ਕਾਨਫਰੰਸ ਦੌਰਾਨ ਪ੍ਰਿਤਪਾਲ ਸਿੰਘ (ਪੀਟਰ ਸੋਢੀ) ਨੇ ਦੱਸਿਆ ਕਿ ਇਸ ਸਮਾਗਮ ਵਿੱਚ ਬੱਚਿਆਂ, ਨੌਜਵਾਨਾਂ, ਕੰਮਕਾਜੀ ਪੇਸ਼ੇਵਰਾਂ ਅਤੇ ਸੀਨੀਅਰ ਸਿਟੀਜ਼ਨਾਂ ਸਮੇਤ ਹਰ ਉਮਰ ਵਰਗ ਦੇ ਕਲਾਕਾਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਪੁਰਾਤਨ ਭੰਗੜਾ, ਗਿੱਧਾ, ਝੂਮਰ ਅਤੇ ਲੁੱਡੀ ਵਰਗੇ ਪੰਜਾਬ ਦੇ ਰਵਾਇਤੀ ਲੋਕ ਨਾਚ ਦਰਸ਼ਕਾਂ ਲਈ ਖ਼ਾਸ ਖਿੱਚ ਦਾ ਕੇਂਦਰ ਹੋਣਗੇ। ਸ੍ਰੀ ਸੋਢੀ ਨੇ ਦੱਸਿਆ ਕਿ ਸਮਾਗਮ ਵਿਚ ਬੌਧਿਕ ਅਸਮਰੱਥਾ ਵਾਲੇ ਵਿਦਿਆਰਥੀ, ਸੁਣਨ ਅਤੇ ਬੋਲਣ ਤੋਂ ਅਸਮਰੱਥ ਬੱਚੇ, ਹੋਰ ਵਿਸ਼ੇਸ਼ ਲੋੜਾਂ ਵਾਲੇ ਬੱਚੇ ਅਤੇ ਝੁੱਗੀਆਂ ਵਿੱਚ ਰਹਿਣ ਵਾਲੇ ਬੱਚੇ ਆਪਣੀਆਂ ਪੇਸ਼ਕਾਰੀਆਂ ਦੇਣਗੇ।ਖਾਲਸਾ ਕਾਲਜ ਆਫ਼ ਟੈਕਨਾਲੋਜੀ ਐਂਡ ਬਿਜ਼ਨਸ ਸਟੱਡੀਜ਼ ਦੇ ਵਿਦਿਆਰਥੀ ਵੀ ਹਿੱਸਾ ਲੈਣਗੇ। ਉਹਨਾਂ ਅੱਗੇ ਦੱਸਿਆ ਕਿ ਇਸ ਮੌਕੇ ਡਾ. ਸੁਖਮਿੰਦਰ ਕੌਰ ਬਰਾੜ, ਚੇਅਰਪਰਸਨ ਸੰਗੀਤ ਨਾਟਕ ਅਕਾਦਮੀ ਚੰਡੀਗੜ੍ਹ, ਸਮਾਜ ਸੇਵੀ ਫੂਲ ਰਾਜ ਸਿੰਘ, ਬਾਲੀਵੁੱਡ ਅਤੇ ਪਾਲੀਵੁੱਡ ਦੇ ਅਦਾਕਾਰ, ਨਿਰਦੇਸ਼ਕ ਤੇ ਗਾਇਕ ਦਰਸ਼ਨ ਔਲਖ ਅਤੇ ਅਮਰੀਕਾ ਤੋਂ ਲੋਕ ਕਲਾ ਪ੍ਰਮੋਟਰ ਅਸ਼ਵਨੀ ਟੈਨੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਹਨਾਂ ਦੱਸਿਆ ਕਿ ਇਸ ਸਮਾਗਮ ਵਿੱਚ ਪ

ਸਰਕਾਰੀ ਕਾਲਜ ਰੋਸ਼ਨਵਾਲਾ ਵਿਖੇ ਜਾਗਰੂਕਤਾ ਮੁਕਾਬਲੇ ਕਰਵਾਏ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਨੇੜਲੇ ਪਿੰਡ ਰੋਸ਼ਨਵਾਲਾ ਸਥਿਤ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਸਰਕਾਰੀ ਕਾਲਜ ਵਿਖੇ ਕਾਲਜ ਦੇ ਪ੍ਰਿੰਸੀਪਲ ਪ੍ਰੋ. ਰੋਮੀ ਗਰਗ ਦੀ ਯੋਗ ਅਗਵਾਈ ਹੇਠ ਰੈੱਡ ਰਿਬਨ ਕਲੱਬ ਵੱਲੋਂ ਵਿਦਿਆਰਥੀਆਂ ਵਿੱਚ ਸਿਹਤ ਅਤੇ ਸਮਾਜਿਕ ਜਾਗਰੂਕਤਾ ਪੈਦਾ ਕਰਨ ਦੇ ਮੰਤਵ ਨਾਲ ਵਿਸ਼ੇਸ਼ ਮੁਕਾਬਲੇ ਕਰਵਾਏ ਗਏ।ਇਹ ਮੁਕਾਬਲੇ ਕਲੱਬ ਦੇ ਨੋਡਲ ਅਫ਼ਸਰ ਅਤੇ ਸਹਾਇਕ ਪ੍ਰੋਫੈਸਰ ਅਸ਼ਵਨੀ ਕੁਮਾਰ ਦੀ ਦੇਖ-ਰੇਖ ਹੇਠ ਕਰਵਾਏ ਗਏ।ਇਸ ਮੌਕੇ ਵਿਦਿਆਰਥੀਆਂ ਦੇ ਲੇਖ ਲਿਖਣ, ਭਾਸ਼ਣ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਜਿਨ੍ਹਾਂ ਦੇ ਵਿਸ਼ੇ ਐੱਚ.ਆਈ.ਵੀ./ਏਡਜ਼ ਸਬੰਧੀ ਜਾਗਰੂਕਤਾ, ਖ਼ੂਨਦਾਨ ਦੀ ਮਹੱਤਤਾ ਅਤੇ ਅੱਖਾਂ ਦੀ ਸੰਭਾਲ ਤੇ ਮਹੱਤਤਾ ਨਾਲ ਸਬੰਧਤ ਸਨ।ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੇ ਵਿਚਾਰਾਂ ਅਤੇ ਕਲਾ ਦਾ ਪ੍ਰਗਟਾਵਾ ਕੀਤਾ।ਮੁਕਾਬਲਿਆਂ ਦੌਰਾਨ ਜੱਜਾਂ ਦੀ ਭੂਮਿਕਾ ਸਹਾਇਕ ਪ੍ਰੋਫੈਸਰ ਅਵਤਾਰ ਸਿੰਘ, ਸਹਾਇਕ ਪ੍ਰੋਫੈਸਰ ਸ਼ਵੇਤਾ ਚੰਦਵਾਨੀ ਅਤੇ ਸਹਾਇਕ ਪ੍ਰੋਫੈਸਰ ਹਰਜਿੰਦਰ ਕੌਰ ਵੱਲੋਂ ਨਿਭਾਈ ਗਈ। ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਦੇ ਨਾਲ ਹੀ ਸਮੂਹ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ।ਪ੍ਰੋਗਰਾਮ ਦੇ ਅੰਤ ਵਿੱਚ ਡਾ. ਮੇਵਾ ਰਾਮ ਨੇ ਇਸ ਜਾਗਰੂਕਤਾ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਮੂਹ ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਸਹਾਇਕ ਪ੍ਰੋਫੈਸਰ ਚਰਨਜੀਤ ਸਿੰਘ ਅਤੇ ਸਹਾਇਕ ਪ੍ਰੋਫੈਸਰ ਵਿਸ਼ਾਲ ਨਾਗਰ ਸਮੇਤ ਕਾਲਜ ਦਾ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਸਿੱਧੂ ਦੇ ਹਲਕਾ ਇੰਚਾਰਜ ਨਿਯੁਕਤ ਹੋਣ 'ਤੇ ਸਮਰਥਕਾਂ 'ਚ ਖੁਸ਼ੀ



ਕੋਟ ਈਸੇ ਖਾਂ (ਅਰੋੜਾ)-ਅਕਾਲੀ ਦਲ ਵਾਰਸ ਪੰਜਾਬ ਵੱਲੋਂ ਹਲਕਾ ਧਰਮਕੋਟ ਤੋਂ ਜਸਵਿੰਦਰ ਸਿੰਘ ਸਿੱਧੂ ਨੂੰ ਹਲਕਾ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਹਲਕੇ ਅੰਦਰ ਖੁਸ਼ੀ ਦੀ ਲਹਿਰ ਲਗਾਤਾਰ ਦੇਖਣ ਨੂੰ ਮਿਲ ਰਹੀ ਹੈ। ਨਿਯੁਕਤੀ ਦੇ ਦੂਜੇ ਦਿਨ ਵੀ ਜਸਵਿੰਦਰ ਸਿੰਘ ਸਿੱਧੂ ਦੇ ਨਿਵਾਸ ਸਥਾਨ ਵਿਖੇ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਰਿਹਾ। ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਪਾਰਟੀ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਉਨ੍ਹਾਂ ਨੂੰ ਵਧਾਈ ਦੇਣ ਲਈ ਪਹੁੰਚੇ, ਜਦ ਕਿ ਫੋਨ ਕਾਲਾਂ ਰਾਹੀਂ ਵੀ ਵਧਾਈ ਸੰਦੇਸ਼ਾਂ ਦਾ ਸਿਲਸਿਲਾ ਜਾਰੀ ਰਿਹਾ। ਇਸ ਦੌਰਾਨ ਰਾਤ ਨੂੰ ਉਹ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਅਤੇ ਆਸ਼ੀਰਵਾਦ ਲੈਣ ਪਹੁੰਚੇ। ਸਵੇਰੇ ਤੜਕਸਾਰ ਚਾਰ ਵਜੇ ਘਰ ਪਰਤਣ ਤੋਂ ਬਾਅਦ ਅੱਠ ਵਜੇ ਤੋਂ ਹੀ ਉਨ੍ਹਾਂ ਦੇ ਨਿਵਾਸ ਸਥਾਨ ਕੋਟ ਈਸੇ ਖਾਂ ਵਿਖੇ ਵਧਾਈ ਦੇਣ ਵਾਲਿਆਂ ਦਾ ਆਉਣਾ ਸ਼ੁਰੂ ਹੋ ਗਿਆ, ਜੋ ਦੇਰ ਸ਼ਾਮ ਤੱਕ ਜਾਰੀ ਰਿਹਾ।

ਪੰਜੋਲਾ ਵਿਖੇ ਆਧੁਨਿਕ ਖੇਡ ਮੈਦਾਨ ਦਾ ਉਦਘਾਟਨ



ਸਨੌਰ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡਾਂ ਦੀ ਨੁਹਾਰ ਬਦਲਣ ਲਈ ਵਿੱਢੀ ਗਈ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਪੰਜੋਲਾ ਵਿਖੇ 28 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਆਧੁਨਿਕ ਖੇਡ ਗਰਾਊਂਡ ਦਾ ਉਦਘਾਟਨ ਕਰਕੇ ਇਲਾਕਾ ਨਿਵਾਸੀਆਂ ਨੂੰ ਸਮਰਪਿਤ ਕੀਤਾ ਗਿਆ। ਪਿੰਡ ਵਾਸੀਆਂ ਅਤੇ ਨੌਜਵਾਨਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਟੀਚਾ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣਾ ਅਤੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣਾ ਹੈ। ਉਨ੍ਹਾਂ ਕਿਹਾ ਕਿ ਪਿੰਡ ਪੰਜੋਲਾ ਵਾਸੀਆਂ ਦੀ ਇਹ ਚਿਰੋਕਣੀ ਮੰਗ ਸੀ, ਜਿਸ ਨੂੰ ਪੂਰਾ ਕਰ ਦਿੱਤਾ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਖੇਡ ਗਰਾਊਂਡ ਇਲਾਕੇ ਦੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਦਿਆਂ ਖੇਡਾਂ ਦੇ ਖੇਤਰ ਵਿੱਚ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕਰੇਗਾ। ਪਿੰਡ ਪੰਜੋਲਾ ਦੀ ਪੰਚਾਇਤ ਅਤੇ ਨੌਜਵਾਨਾਂ ਵੱਲੋਂ ਇਸ ਵੱਡੇ ਤੋਹਫ਼ੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਚੇਅਰਮੈਨ ਹੈਪੀ ਪਹਾੜੀਪੁਰ, ਚੇਅਰਮੈਨ ਮਦਨ ਲਾਲ, ਸੀਨੀਅਰ ਮੀਤ ਪ੍ਰਧਾਨ ਯੁਵਰਾਜ ਸਿੰਘ, ਬਲਾਕ ਪ੍ਰਧਾਨ ਗੁਰਸ਼ੇਰ ਸਿੰਘ, ਸਰਪੰਚ ਬਾਬਾ ਜਰਨੈਲ ਸਿੰਘ, ਮਲਕੀਤ ਸਰਪੰਚ ਡੰਡੋਆ, ਗੁਰਮੀਤ ਸਿੰਘ ਆਗੂ ਨਸ਼ਾ ਮੁਕਤੀ ਮੋਰਚਾ, ਕੌਂਸਲਰ ਮੁੰਨਾ, ਲਾਲ ਸਿੰਘ ਲੰਬੜਦਾਰ, ਮੈਂਬਰ ਸ਼ਿੰਗਾਰਾ ਸਿੰਘ, ਸ਼ਾਮ ਲਾਲ ਪੰਜੋਲਾ, ਦੀਪਾ ਡੰਡੋਆ, ਵਲੈਤੀ ਰਾਮ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਖਿਡਾਰੀ ਅਤੇ ਪਾਰਟੀ ਵਰਕਰ ਹਾਜ਼ਰ ਸਨ।

ਮਹਾਂ ਰੈਲੀ 'ਚ ਵੱਡੇ ਕਾਫਲੇ ਲੈ ਕੇ ਸ਼ਮੂਲੀਅਤ ਕਰਨਗੇ ਬਸਪਾ ਆਗੂ : ਗੁਰਪ੍ਰੀਤ ਸਹੋਤਾ



ਮੋਗਾ (ਇਕਬਾਲ ਸਿੰਘ ਖਹਿਰਾ)-ਬਹੁਜਨ ਸਮਾਜ ਪਾਰਟੀ ਜਿਲਾ ਮੋਗਾ ਦੇ ਸੀਨੀਅਰ ਆਗੂਆਂ ਦੀ ਇਕੱਤਰਤਾ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ 26 ਨਵੰਬਰ ਨੂੰ ਸੰਵਿਧਾਨ ਦਿਵਸ ਦੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਮਹਾਂਰੈਲੀ ਕੀਤੀ ਜਾ ਰਹੀ ਜਿਸ ਜਿਲਾ ਮੋਗਾ ਵਿੱਚੋਂ ਵੱਡੇ ਕਾਫਲੇ ਨਾਲ ਸ਼ਮੂਲੀਅਤ ਕੀਤੀ ਜਾਵੇਗੀ।ਜਿਲ੍ਹਾ ਜਨਰਲ ਸੱਕਤਰ ਗੁਰਪ੍ਰੀਤ ਸਿੰਘ ਸਹੋਤਾ ਨੇ ਦੱਸਿਆ ਕਿ ਇਸ ਮਹਾਂਰੈਲੀ ਵਿੱਚ ਰਾਸ਼ਟਰੀ ਕੋਆਡੀਨੇਟਰ ਅਕਾਸ਼ ਆਨੰਦ ਵਿਸ਼ੇਸ਼ ਤੌਰ 'ਤੇ ਪਹੁੰਚਣਗੇ ਤੇ ਵਰਕਰਾਂ ਨੂੰ ਸਮਰਥਕਾਂ ਨੂੰ ਸੰਬੋਧਨ ਕਰਨਗੇ।ਉਹਨਾਂ ਕਿਹਾ ਕਿ ਇਹ ਮਹਾਂਰੈਲੀ ਸਿਰਫ ਰਾਜਨੀਤਕ ਇਕੱਠ ਹੀ ਨਹੀਂ ਸਗੋਂ ਪੰਜਾਬ ਦੇ ਲੋਕਾਂ ਦੀਆਂ ਸੱਮਿਸਆਵਾਂ, ਸੰਵਿਧਾਨਕ ਅਧਿਕਾਰਾਂ, ਸਮਾਜਿਕ ਬਰਾਬਰਤਾ ਤੇ ਰਾਜਨਿਤਕ ਹਿੱਸੇਦਾਰੀ ਦੀ ਅਵਾਜ ਬਣੇਗੀ।ਇਸ ਮੌਕੇ ਜ਼ਿਲ੍ਹਾ ਸੱਕਤਰ ਮੰਦਰ ਸਿੰਘ ਮਾਝੀ, ਜ਼ਿਲ੍ਹਾ ਕੈਸ਼ੀਅਰ ਜਰਨੈਲ ਸਿੰਘ ਕਪੂਰੇ, ਜ਼ਿਲ੍ਹਾ ਲੈਡੀਜ ਵਿੰਗ ਕਨਵੀਨਰ ਸੁਨੀਤਾ ਰਾਣੀ, ਜ਼ਿਲ੍ਹਾ ਲੇਡੀਜ ਵਿੰਗ ਕਨਵੀਨਰ ਕੁਲਵਿੰਦਰ ਕੌਰ ਚੀਮਾ, ਹਲਕਾ ਪ੍ਰਧਾਨ ਬਾਘਾ ਪੁਰਾਣਾ ਬਲਵਿੰਦਰ ਸਿੰਘ ਅਟਵਾਲ, ਹਲਕਾ ਪ੍ਰਧਾਨ ਮੋਗਾ ਦੇਵ ਸਿੰਘ ਘਾਲੀ, ਹਲਕਾ ਇੰਚਾਰਜ ਧਰਮਕੋਟ ਜਗਤਾਰ ਸਿੰਘ ਲੋਗੀਵਿੰਡ, ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ ਕੇਵਲ ਸਿੰਘ ਸੈਦੋਕੇ, ਹਲਕਾ ਇੰਚਾਰਜ ਮੋਗਾ ਬਲਵਿੰਦਰ ਸਿੰਘ ਬੱਬੂ, ਹਲਕਾ ਮੋਗਾ ਕੈਸ਼ੀਅਰ ਗੁਰਜੰਟ ਸਿੰਘ ਝੰਡੇਆਣਾ, ਪ੍ਰੇਮ ਪਾਲ ਬਾਘਾ ਪੁਰਾਣਾ, ਕਮਲ ਕੌਰ ਸਮਾਧ ਭਾਈ, ਸੀਤਲ ਸਿੰਘ ਫਤਿਹਗ ?ੜ੍ਹ ਕੋਰੋਟਾਨਾ, ਬਲਵਿੰਦਰ ਸਿੰਘ ਗਿੱਲ, ਸੁਰਜੀਤ ਸਿੰਘ ਸਮਾਧ ਭਾਈ ਤੇ ਹੋਰ ਸਾਥੀ ਹਾਜਰ ਸਨ।

ਦਰਜਨਾਂ ਆਗੂ ਕਾਂਗਰਸ ਛੱਡ ਆਪ 'ਚ ਹੋਏ ਸ਼ਾਮਲ, ਕੋਹਲੀ ਨੇ ਕੀਤਾ ਭਰਵਾਂ ਸਵਾਗਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਹਲਕਾ ਪਟਿਆਲਾ ਦੀ ਸਿਆਸਤ 'ਚ ਅੱਜ ਵੱਡਾ ਭੂਚਾਲ ਆ ਗਿਆ। ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਦਿੰਦਿਆਂ ਦਰਜਨਾਂ ਆਗੂ ਤੇ ਵਰਕਰ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ।ਕਾਂਗਰਸ ਦੇ ਆਗੂ ਗੋਪੀ ਰੰਗੀਲਾ ਅਤੇ ਰਾਕੇਸ਼ ਸ਼ਾਮਲ ਹੋਣ ਵਾਲੇ ਆਗੂਆਂ 'ਚ ਸ਼ਾਮਲ ਹਨ।ਸ਼ਮੂਲੀਅਤ ਸਮਾਰੋਹ ਪਟਿਆਲਾ ਵਿਖੇ ਵਿਧਾਇਕ ਅਜੀਤ ਪਾਲ ਕੋਹਲੀ ਦੀ ਅਗਵਾਈ ਹੇਠ ਕਰਵਾਇਆ ਗਿਆ। ਸਮਾਰੋਹ 'ਚ ਸੈਂਕੜੇ ਵਰਕਰਾਂ ਨੇ ਹਿੱਸਾ ਲਿਆ। ਢੋਲ-ਨਗਾਰਿਆਂ ਨਾਲ ਨਵੇਂ ਸ਼ਾਮਲ ਹੋਏ ਆਗੂਆਂ ਦਾ ਸਵਾਗਤ ਕੀਤਾ ਗਿਆ। ਵਿਧਾਇਕ ਕੋਹਲੀ ਨੇ ਨਵੇਂ ਸ਼ਾਮਲ ਹੋਏ ਸਾਰੇ ਆਗੂਆਂ ਨੂੰ ਪਾਰਟੀ ਦਾ ਸਿਰੋਪਾਓ ਤੇ ਪੀਲਾ ਪਟਕਾ ਪਹਿਨਾ ਕੇ ਪਾਰਟੀ 'ਚ ਸ਼ਾਮਲ ਕੀਤਾ। ਉਨ੍ਹਾਂ ਕਿਹਾ ਕਿ ਅੱਜ ਆਮ ਆਦਮੀ ਪਾਰਟੀ ਲਈ ਬਹੁਤ ਖੁਸ਼ੀ ਦਾ ਦਿਨ ਹੈ। ਜਿਹੜੇ ਲੋਕ ਅੱਜ ਪਾਰਟੀ 'ਚ ਸ਼ਾਮਲ ਹੋਏ ਹਨ, ਉਹ ਸਾਰੇ ਆਪਣੇ ਇਲਾਕੇ ਦੇ ਮਜ਼ਬੂਤ ਤੇ ਇਮਾਨਦਾਰ ਆਗੂ ਹਨ। ਉਨ੍ਹਾਂ ਦੇ ਆਉਣ ਨਾਲ ਪਾਰਟੀ ਨੂੰ ਹੋਰ ਤਾਕਤ ਮਿਲੇਗੀ।ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਕਾਂਗਰਸ ਦੀ ਗੁੱਟਬਾਜ਼ੀ ਤੋਂ ਅੱਕ ਚੁੱਕੇ ਸਨ। ਕਾਂਗਰਸ 'ਚ ਵਰਕਰਾਂ ਦੀ ਕੋਈ ਸੁਣਵਾਈ ਨਹੀਂ ਹੁੰਦੀ ਸੀ। ਅੰਤ 'ਚ ਕੋਹਲੀ ਨੇ ਕਿਹਾ ਕਿ ਇਹ ਤਾਂ ਅਜੇ ਸ਼ੁਰੂਆਤ ਹੈ। ਆਉਣ ਵਾਲੇ ਦਿਨਾਂ 'ਚ ਹੋਰ ਵੀ ਕਈ ਵੱਡੇ ਆਗੂ ਆਪ 'ਚ ਸ਼ਾਮਲ ਹੋਣਗੇ। ਇਸ ਮੌਕੇ ਉਨ੍ਹਾਂ ਨਾਲ ਆਪ ਦੇ ਬਲਾਕ ਪ੍ਰਧਾਨ, ਸਰਕਲ ਇੰਚਾਰਜ, ਸਰਪੰਚ, ਪੰਚ, ਮਹਿਲਾ ਵਿੰਗ ਤੇ ਯੂਥ ਵਿੰਗ ਦੇ ਵਰਕਰ ਵੱਡੀ ਗਿਣਤੀ 'ਚ ਹਾਜ਼ਰ ਸਨ।

ਪੁਲਸ ਵੱਲੋਂ ਵਿਸ਼ੇਸ਼ ਸਰਚ ਅਭਿਆਨ, ਸ਼ੱਕੀ ਵਿਅਕਤੀਆਂ ਤੇ ਨਸ਼ਾ ਤਸਕਰੀ ਨਾਲ ਜੁੜੇ ਟਿਕਾਣਿਆਂ ਦੀ ਕੀਤੀ ਜਾਂਚ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)



ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਅਭਿਮਨਿਊ ਰਾਣਾ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ ਗਿੱਦੜਬਾਹਾ ਇਲਾਕੇ ਵਿੱਚ ਜ਼ਤਿੰਦਰ ਸਿੰਘ, ਡੀ.ਐਸ.ਪੀ. ਗਿੱਦੜਬਾਹਾ ਦੀ ਅਗਵਾਈ ਹੇਠ ਮੁੱਖ ਅਫ਼ਸਰ ਥਾਣਾ ਗਿੱਦੜਬਾਹਾ ਸਮੇਤ ਵੱਖ-ਵੱਖ ਪੁਲਸ ਟੀਮਾਂ ਵੱਲੋਂ ਵਿਸ਼ੇਸ਼ ਕਾਸੋ ਸਰਚ ਅਭਿਆਨ ਚਲਾਇਆ ਗਿਆ। ਇਸ ਦੌਰਾਨ ਪੁਲਿਸ ਦੀਆਂ ਵੱਖ-ਵੱਖ ਟੁਕੜੀਆਂ ਦਾ ਗਠਨ ਕਰਕੇ ਇਲਾਕੇ ਵਿੱਚ ਸ਼ੱਕੀ ਵਿਅਕਤੀਆਂ ਅਤੇ ਸ਼ੱਕੀ ਟਿਕਾਣਿਆਂ ਦੀ ਵਿਸ਼ੇਸ਼ ਤੌਰ 'ਤੇ ਚੈਕਿੰਗ ਕੀਤੀ ਗਈ। ਇਹ ਸਰਚ ਅਭਿਆਨ ਸਵੇਰ ਸਮੇਂ ਸ਼ੁਰੂ ਕੀਤਾ ਗਿਆ, ਜੋ ਲਗਾਤਾਰ ਜਾਰੀ ਹੈ।ਇਸ ਕਾਰਵਾਈ ਦੌਰਾਨ ਵੀ.ਡੀ.ਸੀ. ਮੈਂਬਰਾਂ ਅਤੇ ਆਮ ਲੋਕਾਂ ਵੱਲੋਂ ਦਿੱਤੀ ਗਈ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਸ਼ੱਕੀ ਟਿਕਾਣਿਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਇਸ ਤੋਂ ਇਲਾਵਾ ਜਿਨ੍ਹਾਂ ਵਿਅਕਤੀਆਂ ਖ਼ਿਲਾਫ਼ ਪਹਿਲਾਂ ਨਸ਼ਿਆਂ ਨਾਲ ਸਬੰਧਤ ਮੁਕੱਦਮੇ ਦਰਜ ਹਨ ਜਾਂ ਜਿਨ੍ਹਾਂ ਦੇ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਸਬੰਧੀ ਜਾਣਕਾਰੀ ਪ੍ਰਾਪਤ ਹੋਈ ਸੀ, ਉਨ੍ਹਾਂ ਦੇ ਘਰਾਂ ਅਤੇ ਹੋਰ ਸ਼ੱਕੀ ਟਿਕਾਣਿਆਂ ਦੀ ਵੀ ਵਿਸ਼ੇਸ਼ ਤੌਰ 'ਤੇ ਜਾਂਚ ਕੀਤੀ ਗਈ। ਪੁਲਿਸ ਟੀਮਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਪਹੁੰਚ ਕੇ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ ਅਤੇ ਇਲਾਕੇ ਵਿੱਚ ਚੈਕਿੰਗ ਕਰਕੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਗਿਆ।ਇਸ ਸਰਚ ਅਭਿਆਨ ਦਾ ਮੁੱਖ ਉਦੇਸ਼ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ 'ਤੇ ਨਕੇਲ ਕੱਸਣਾ, ਨਸ਼ਾ ਤਸਕਰਾਂ ਅਤੇ ਸ਼ਰਾਰਤੀ ਅਨਸਰਾਂ 'ਤੇ ਪ੍ਰਭਾਵਸ਼ਾਲੀ ਕੰਟਰੋਲ ਕਾਇਮ ਕਰਨਾ ਅਤੇ ਆਮ ਲੋਕਾਂ ਨੂੰ ਸੁਰੱਖਿਅਤ ਤੇ ਨਸ਼ਾ-ਮੁਕਤ ਮਾਹੌਲ ਮੁਹੱਈਆ ਕਰਵਾਉਣਾ ਹੈ।ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਕੋਈ ਵਿਅਕਤੀ ਨਸ਼ੇ ਦਾ ਸੇਵਨ ਕਰਦਾ ਹੈ ਅਤੇ ਨਸ਼ਾ ਛੱਡ ਕੇ ਆਪਣੀ ਜ਼ਿੰਦਗੀ ਨੂੰ ਮੁੜ ਬਿਹਤਰ ਬਣਾਉਣਾ ਚਾਹੁੰਦਾ ਹੈ ਤਾਂ ਉਹ ਬਿਨਾਂ ਕਿਸੇ ਝਿਜਕ ਦੇ ਪੁਲਸ ਨਾਲ ਸੰਪਰਕ ਕਰ ਸਕਦਾ ਹੈ।

ਮੰਡੀਆਂ ਦੀ ਬਦ-ਇੰਤਜ਼ਾਮੀ ਲਈ ਸਰਕਾਰ ਜ਼ਿੰਮੇਵਾਰ : ਡਾ ਅਮਰ ਸਿੰਘ



ਰਾਏਕੋਟ (ਸੰਤੋਖ ਗਿੱਲ)-ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੇ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਲੈ ਕੇ ਲੋਕ ਸਭਾ ਹਲਕਾ ਫ਼ਤਿਹਗੜ੍ਹ ਸਾਹਿਬ ਤੋਂ ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਤੋਂ ਨੈਤਿਕ ਆਧਾਰ 'ਤੇ ਅਸਤੀਫ਼ੇ ਦੀ ਮੰਗ ਕੀਤੀ ਹੈ। ਡਾ. ਅਮਰ ਸਿੰਘ ਨੇ ਕਿਹਾ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਕਿਸਾਨਾਂ ਦੇ ਨਾਲ-ਨਾਲ ਆੜ੍ਹਤੀਏ ਅਤੇ ਮਜ਼ਦੂਰ ਵਰਗ ਵੀ ਬੇਹੱਦ ਪ੍ਰੇਸ਼ਾਨ ਹੈ। ਝੋਨੇ ਦੀ ਖ਼ਰੀਦ, ਫ਼ਸਲ ਦੀ ਲਿਫ਼ਟਿੰਗ ਅਤੇ ਹੋਰ ਪ੍ਰਬੰਧਾਂ ਵਿੱਚ ਖ਼ਾਮੀਆਂ ਕਾਰਨ ਮੰਡੀਆਂ ਨਾਲ ਜੁੜੇ

ਇਲੈਕਟੋਰਲ ਲਿਟਰੇਸੀ ਕਲੱਬ ਵੱਲੋਂ ਲੇਖ ਤੇ ਕੁਇੱਜ਼ ਮੁਕਾਬਲੇ ਕਰਵਾਏ

ਮੋਰਿੰਡਾ (ਨਿਹਾਲ ਸਿੰਘ ਕਲਸੀ) ਭਾਰਤੀ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾ ਅਨੁਸਾਰ, ਦਫ਼ਤਰ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਜਾਰੀ ਪੱਤਰ ਦੇ ਸੰਦਰਭ ਵਿੱਚ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.), ਰੂਪਨਗਰ-ਕਮ-ਸਵੀਪ ਨੋਡਲ ਅਫ਼ਸਰ ਵੱਲੋਂ ਵਿਧਾਨ ਸਭਾ ਹਲਕਾ ਚਮਕੌਰ ਸਾਹਿਬ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਕੜੌਨਾ ਕਲਾਂ ਵਿਖੇ ਇਲੈਕਟੋਰਲ ਲਿਟਰੇਸੀ ਕਲੱਬ ਰਾਹੀਂ ਲੇਖ ਅਤੇ ਕੁਇੱਜ਼ ਮੁਕਾਬਲੇ ਕਰਵਾਏ ਗਏ।ਇਸ ਸੰਬੰਧੀ ਬਲਾਕ ਰਿਸੋਰਸ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਅਤੇ ਲੈਕ. ਰਾਜਿੰਦਰ ਸਿੰਘ ਰੱਬੀ ਨੇ ਦੱਸਿਆ ਕਿ ਇਹ ਮੁਕਾਬਲੇ ਬਲਾਕ ਨੋਡਲ ਅਫ਼ਸਰ ਬਲਵੰਤ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ।ਇਹਨਾਂ ਮੁਕਾਬਲਿਆਂ ਦਾ ਮੁੱਖ ਮੰਤਵ ਵਿਦਿਆਰਥੀਆਂ ਵਿੱਚ ਵੋਟ ਦੀ ਮਹੱਤਤਾ ਅਤੇ ਸ਼ੁੱਧ ਵੋਟਰ ਸੂਚੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਲੇਖ ਮੁਕਾਬਲਾ ਵੋਟ ਪਾਉਣ ਦੀ ਮਹੱਤਤਾ ਅਤੇ ਸ਼ੁੱਧ ਵੋਟਰ ਸੂਚੀ ਦੀ ਮਹੱਤਤਾ ਵਿਸ਼ਿਆਂ 'ਤੇ ਕਰਵਾਇਆ ਗਿਆ।

ਇਸ ਮੌਕੇ ਜੱਜਮੈਂਟ ਦੀ ਭੂਮਿਕਾ ਲੈਕ. ਸਰੋਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੇੜੀ ਸਲਾਬਤਪੁਰ, ਲੈਕ. ਕਰਮਜੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ, ਲੈਕ. ਸਰਬਜੀਤ ਪੁਰਖਾਲੀ ਤੇ ਲੈਕ. ਰੋਮੀ ਸ਼ਰਮਾ ਮੋਰਿੰਡਾ ਨੇ ਨਿਭਾਈ। ਲੇਖ ਮੁਕਾਬਲੇ ਦਾ ਨਤੀਜਾ ਇਸ ਪ੍ਰਕਾਰ ਰਿਹਾ ਪਹਿਲਾ ਸਥਾਨ ਮੁਹੰਮਦ ਆਸਿਫ (ਸਕੂਲ ਆਫ਼ ਐਮੀਨੈਂਸ ਮੋਰਿੰਡਾ), ਨਵਪ੍ਰੀਤ ਕੌਰ (ਸਰਕਾਰੀ ਹਾਈ ਸਕੂਲ ਝੱਲੀਆਂ ਖੁਰਦ) ਦੂਜਾ ਸਥਾਨ, ਸਰਬਜੀਤ ਸਿੰਘ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ ਅਤੇ ਤਰਨਜੀਤ ਕੌਰ) ਸਰਕਾਰੀ ਹਾਈ ਸਕੂਲ ਦੁਮਣਾ ਤੀਜਾ ਸਥਾਨ, ਸੁਮਨ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੇੜੀ ਸਲਾਬਤਪੁਰ) ਚੌਥਾ ਸਥਾਨ ਨਵਨੀਤ ਕੌਰ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲੇਮਪੁਰ) ਪੰਜਵਾਂ ਸਥਾਨ, ਪਵਨਜੋਤ ਸਿੰਘ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੇੜੀ ਸਲਾਬਤਪੁਰ) ਛੇਵਾਂ ਸਥਾਨ, ਕੋਮਲਪ੍ਰੀਤ ਕੌਰ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲੇਮਪੁਰ), ਸੱਤਵਾਂ ਸਥਾਨ, ਹਰਸ਼ਪ੍ਰੀਤ ਕੌਰ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਕੜੌਨਾ ਕਲਾਂ)



ਅੱਠਵਾਂ ਸਥਾਨ, ਖੁਸ਼ਬੂ (ਸਕੂਲ ਆਫ਼ ਐਮੀਨੈਂਸ ਚਮਕੌਰ ਸਾਹਿਬ) ਨੌਵਾਂ ਸਥਾਨ ਰਿਹਾ ਕੁਇਜ਼ ਮੁਕਾਬਲੇ ਦਾ ਨਤੀਜਾ ਇਸ ਪ੍ਰਕਾਰ ਰਿਹਾ ਸਕੂਲ ਆਫ਼ ਐਮੀਨੈਂਸ ਮੋਰਿੰਡਾ ਪਹਿਲਾ ਸਥਾਨ, ਸਰਕਾਰੀ ਹਾਈ ਸਕੂਲ ਬਜੀਦਪੁਰ ਦੂਜਾ ਸਥਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੱਲੀਆਂ ਕਲਾਂ ਤੀਜਾ ਸਥਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ ਚੌਥਾ ਸਥਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਕੜੌਨਾ ਕਲਾਂ ਪੰਜਵਾਂ ਸਥਾਨ। ਮੁਕਾਬਲਿਆਂ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਪ੍ਰਬੰਧਕ ਲੈਕ ਗੁਰਦੀਪ ਕੌਰ ਨੇ ਇਸ ਪ੍ਰੋਗਰਾਮ ਦੀ ਰੂਪ ਰੇਖਾ ਤਿਆਰ ਕੀਤੀ ਅਤੇ ਰਜਿਸਟਰੇਸ਼ਨ ਦੀ ਭੂਮਿਕਾ ਸਤਵੀਰ ਕੌਰ ਮੋਹਣ ਮਾਜਰਾ ਤੇ ਬਲਵਿੰਦਰ ਸਿੰਘ ਗੱਗੋਂ ਵੱਲੋਂ ਨਿਭਾਈ ਗਈ। ਮੈਡਮ ਮਨਪ੍ਰੀਤ ਕੌਰ ਨੇ ਪ੍ਰਬੰਧ ਤੇ ਸਕੋਰ ਬੋਰਡ ਸੰਭਾਲਿਆ।ਇਸ ਮੌਕੇ ਲੈਕ ਸੁਰਜੀਤ ਕੌਰ, ਲੈਕ ਦਵਿੰਦਰ ਸਿੰਘ, ਮੈਡਮ ਰਾਜਵੰਤ ਕੌਰ, ਮੈਡਮ ਸੁਖਜੀਤ ਕੌਰ, ਕਰਮਜੀਤ ਸਿੰਘ ਬੇਲਾ, ਰਣਧੀਰ ਸਿੰਘ, ਰੁਪਿੰਦਰ ਸਿੰਘ, ਕੇਸਰ ਸਿੰਘ, ਹਰਪ੍ਰੀਤ ਸਿੰਘ, ਕੈਪਟਨ ਗੁਰਦੀਪ ਸਿੰਘ ਅਤੇ ਵੱਖ-ਵੱਖ ਬਲਾਕਾਂ ਤੋਂ ਆਏ ਅਧਿਆਪਕ ਤੇ ਬੱਚੇ ਹਾਜ਼ਰ ਸਨ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਰੈਲੀ ਅੱਜ



ਬਟਾਲਾ, (ਤਰਲੋਕ ਬੱਗਾ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ ਅਗੇਂਸਟ ਡਰੱਗਜ਼ ਬਾਈਕ ਰੈਲੀ ਅੱਜ 19 ਨਵੰਬਰ ਨੂੰ ਕੱਢੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਹਿਲੇ ਪੜਾਅ ਵਿੱਚ ਬਾਈਕ ਰੈਲੀ ਕੱਢੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ 19 ਨਵੰਬਰ ਨੂੰ ਪਹਿਲੇ ਫੇਜ਼ ਦੌਰਾਨ ਜ਼ਿਲ੍ਹਾ ਦੇ ਸਮੂਹ 7 ਵਿਧਾਨ ਸਭਾ ਹਲਕਿਆਂ ਵਿੱਚ ਅਵੈਰਨੈੱਸ ਪ੍ਰੋਗਰਾਮ ਕਰਵਾਇਆ ਜਾਵੇਗਾ ਅਤੇ ਉਸ ਤੋਂ ਬਾਅਦ ਬਾਈਕ ਰੈਲੀ ਕੱਢੀ ਜਾਵੇਗੀ।

ਉਨ੍ਹਾਂ ਨੇ ਰੂਟ ਮੈਪ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਵੇਰੇ ਕਰੀਬ 11 ਵਜੇ ਉਸਮਾਨਪੁਰ ਸਿਟੀ ਬਟਾਲਾ ਰਿਹਾਇਸ਼ ਵਿਧਾਇਕ ਬਟਾਲਾ ਦੇ ਤੋਂ ਸ਼ੁਰੂ ਹੋਵੇਗੀ, ਉਸ ਤੋਂ ਬਾਅਦ ਜੀ.ਟੀ.ਰੋਡ ਤੋਂ ਗਾਂਧੀ ਕੈਂਪ, ਗਾਂਧੀ ਕੈਂਪ ਤੋਂ ਵਾਇਆ ਪੁਲਿਸ ਲਾਈਨ ਰੋਡ ਪੁਲਿਸ ਪੋਸਟ ਸਿੰਬਲ ਚੌਕ, ਵਿਸ਼ਾਲ ਮੈਗਾ ਮਾਰਟ ਤੋਂ ਆਰ.ਆਰ. ਬਾਵਾ ਕਾਲਜ, ਜੱਸਾ ਸਿੰਘ ਰਾਮਗੜ੍ਹੀਆਂ ਹਾਲ ਤੋਂ ਲਵ-ਕੁਸ਼ ਚੌਕ, ਖਜੂਰੀ ਗੇਟ ਤੋਂ ਡੀ.ਏ.ਵੀ. ਕਾਲਜ, ਡੀ.ਏ.ਵੀ. ਕਾਲਜ ਤੋਂ ਬੈਰਿਗ ਕਾਲਜ, ਬੈਰਿਗ ਕਾਲਜ ਤੋਂ ਵਿਸ਼ਾਲ ਮੈਗਾ ਮਾਰਟ, ਸ਼ੁੱਧਾ ਸਿੰਘ ਮਹਿਤਾਬ ਸਿੰਘ ਚੌਕ, ਕਾਹਨੂੰਵਾਨ ਚੁੰਗੀ ਤੋਂ ਪੋਲੀਟੈਕਨਿਕ ਕਾਲਜ, ਕਾਹਨੂੰਵਾਨ ਰੋਡ ਅਤੇ ਸਮਾਪਤੀ ਉਸਮਾਨਪੁਰ ਸਿਟੀ ਵਿਖੇ ਹੋਵੇਗੀ।

ਸਿੱਖਿਆ ਨਾਲ ਹੀ ਦੂਰ ਹੋਵੇਗੀ ਗਰੀਬੀ : ਅੌਜਲਾ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ) ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅਜਨਾਲਾ ਵਿੱਚ ਕਿਹਾ ਕਿ ਸਿੱਖਿਆ ਹੀ ਗਰੀਬੀ ਨੂੰ ਦੂਰ ਕਰਨ ਦਾ ਸਭ ਤੋਂ ਵੱਡਾ ਸਾਧਨ ਹੈ।ਕਿਸੇ ਪਰਵਾਰ ਨੂੰ ਗਰੀਬੀ ਵਿੱਚੋਂ ਬਾਹਰ ਕੱਢਣ ਦੀ ਤਾਕਤ ਸਿਰਫ਼ ਚੰਗੀ ਸਿੱਖਿਆ ਵਿੱਚ ਹੈ।ਇਸ ਲਈ ਉਨ੍ਹਾਂ ਦਾ ਹਮੇਸ਼ਾ ਯਤਨ ਰਿਹਾ ਹੈ ਕਿ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੇ ਬੱਚਿਆਂ ਨੂੰ ਵੀ ਪ੍ਰਾਈਵੇਟ ਸਕੂਲਾਂ ਵਰਗਾ ਮਾਹੌਲ ਅਤੇ ਚੰਗੀ ਸਿੱਖਿਆ ਮਿਲ ਸਕੇ। ਇੱਕ ਸਰਕਾਰੀ ਸਕੂਲ ਦੀ ਨਵੀਂ ਇਮਾਰਤ ਅਤੇ ਹੋਰ ਸਹੂਲਤਾਂ ਦੇ ਉਦਘਾਟਨ ਮੌਕੇ ਸੰਬੋਧਨ ਕਰਦਿਆਂ ਅੌਜਲਾ ਨੇ ਦੱਸਿਆ ਕਿ ਜਦੋਂ ਉਹ ਪਹਿਲੀ ਵਾਰ ਇੱਥੇ ਆਏ ਸਨ ਤਾਂ ਸਕੂਲ ਦੀ ਇਮਾਰਤ ਅਸੁਰੱਖਿਅਤ ਸੀ ਅਤੇ ਬੱਚਿਆਂ ਲਈ ਉੱਥੇ ਬੈਠ ਕੇ ਪੜ੍ਹਨਾ ਵੀ ਮੁਸ਼ਕਲ ਸੀ।ਸਕੂਲ ਦੇ ਅਧਿਆਪਕ ਰਮਨ ਨੇ ਉਨ੍ਹਾਂ ਨੂੰ ਸਕੂਲ ਦੀ ਮਾੜੀ ਹਾਲਤ ਬਾਰੇ ਜਾਣੂ ਕਰਵਾਇਆ ਸੀ।ਇਸ ਤੋਂ ਬਾਅਦ ਕਰੀਬ 32 ਲੱਖ ਰੁਪਏ ਦੀ ਲਾਗਤ ਨਾਲ ਸਕੂਲ ਦੀ ਨਵੀਂ ਇਮਾਰਤ ਅਤੇ ਬਾਥਰੂਮਾਂ ਦਾ ਨਿਰਮਾਣ ਕਰਵਾਇਆ ਗਿਆ।ਹੁਣ ਗਰਮੀਆਂ ਵਿੱਚ ਬਿਜਲੀ ਜਾਣ ਕਾਰਨ ਬੱਚਿਆਂ ਨੂੰ ਹੋਣ ਵਾਲੀ ਪਰੇਸ਼ਾਨੀ ਦੂਰ ਕਰਨ ਲਈ ਰਵਿੰਦਰਾ ਫਾਊਂਡੇਸ਼ਨ ਰਾਹੀਂ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਸੋਲਰ ਸਿਸਟਮ ਵੀ ਲਗਵਾਇਆ ਗਿਆ ਹੈ। ਅੌਜਲਾ ਨੇ ਕਿਹਾ ਕਿ ਸਿਰਫ਼ ਸਕੂਲ ਦੀ ਇਮਾਰਤ ਬਣਾ ਦੇਣਾ ਹੀ ਕਾਫ਼ੀ ਨਹੀਂ ਹੈ, ਸਗੋਂ ਉੱਥੇ ਅਜਿਹਾ ਮਾਹੌਲ ਤਿਆਰ ਕਰਨਾ ਵੀ ਜ਼ਰੂਰੀ ਹੈ, ਜਿੱਥੇ ਬੱਚੇ ਖੁਸ਼ੀ ਨਾਲ ਪੜ੍ਹਨ ਆਉਣ। ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਵਾਲੇ ਅਧਿਆਪਕ ਐੱਮ.ਏ., ਐੱਮ.ਐੱਡ. ਅਤੇ ਬੀ.ਐੱਡ. ਵਰਗੀਆਂ ਯੋਗਤਾਵਾਂ ਰੱਖਦੇ ਹਨ। ਅਜਿਹੇ ਵਿੱਚ ਲੋੜ ਸਿਰਫ਼ ਬਿਹਤਰ ਸਹੂਲਤਾਂ ਅਤੇ ਚੰਗੇ ਮਾਹੌਲ ਦੀ ਹੈ। ਉਨ੍ਹਾਂ ਦਾ ਸੁਪਨਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਇੰਨੀ



ਵਧੀਆ ਸਿੱਖਿਆ ਮਿਲੇ ਕਿ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਭੇਜਣ ਦੀ ਲੋੜ ਮਹਿਸੂਸ ਨਾ ਹੋਵੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਸਿੱਖਿਆ ਤੋਂ ਦੂਰ ਰੱਖ ਕੇ ਗਰੀਬੀ ਦੂਰ ਨਹੀਂ ਕੀਤੀ ਜਾ ਸਕਦੀ। ਜੇਕਰ ਕਿਸੇ ਪਰਿਵਾਰ ਨੂੰ ਆਰਥਿਕ ਤੰਗੀ ਵਿੱਚੋਂ ਬਾਹਰ ਕੱਢਣ ਦੀ ਸਮਰੱਥਾ ਕਿਸੇ ਚੀਜ਼ ਵਿੱਚ ਹੈ ਤਾਂ ਉਹ ਸਿੱਖਿਆ ਹੈ। ਇਸ ਲਈ ਉਨ੍ਹਾਂ ਦਾ ਵਿਸ਼ੇਸ਼ ਧਿਆਨ ਸਕੂਲਾਂ ਨੂੰ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਰਹਿੰਦਾ ਹੈ। ਉਨ੍ਹਾਂ ਆਪਣੇ ਕਾਰਜਕਾਲ ਦੌਰਾਨ ਕਰੀਬ 700 ਕਰੋੜ ਰੁਪਏ ਦੀ ਲਾਗਤ ਨਾਲ ਅੰਮ੍ਰਿਤਸਰ ਤੋਂ ਰਾਮਦਾਸ ਤੱਕ ਹਾਈਵੇਅ ਦੇ ਨਿਰਮਾਣ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਵਿਕਾਸ ਦੇ ਕੰਮ ਜ਼ਮੀਨੀ ਪੱਧਰ 'ਤੇ ਦਿਖਾਈ ਦੇਣੇ ਚਾਹੀਦੇ ਹਨ, ਸਿਰਫ਼ ਮੰਚਾਂ ਤੋਂ ਦਾਅਵੇ ਕਰਨ ਨਾਲ ਕੁਝ ਨਹੀਂ ਹੁੰਦਾ। ਉਨ੍ਹਾਂ ਭਰੋਸਾ ਦਿਵਾਇਆ ਕਿ ਇਲਾਕੇ ਦੇ ਲੋਕਾਂ ਨੂੰ ਆਪਣੀ ਗੱਲ ਰੱਖਣ ਅਤੇ ਕਿਸੇ ਵੀ ਆਗੂ ਨੂੰ ਮਿਲਣ ਦੀ ਪੂਰੀ ਆਜ਼ਾਦੀ ਹੋਵੇਗੀ। ਪ੍ਰੋਗਰਾਮ ਦੇ ਅੰਤ ਵਿੱਚ ਅੌਜਲਾ ਨੇ ਸਕੂਲ ਦੀ ਇਮਾਰਤ ਦਾ ਨਿਰੀਖਣ ਕਰਦਿਆਂ ਸਟਾਫ਼ ਨੂੰ ਕੁਝ ਜ਼ਰੂਰੀ ਸੁਝਾਅ ਵੀ ਦਿੱਤੇ।

21 ਨੂੰ ਸਰਕਾਰੀ ਤੇ ਗੈਰ-ਸਰਕਾਰੀ ਸਕੂਲਾਂ 'ਚ ਅੱਧੇ ਦਿਨ ਦੀ ਛੁੱਟੀ ਘੋਸ਼ਿਤ

ਜਲੰਧਰ (ਸੁਰਿੰਦਰ ਕੁਮਾਰ) ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਮਿਤੀ 21 ਨਵੰਬਰ ਨੂੰ ਜਲੰਧਰ ਸ਼ਹਿਰ ਵਿੱਚ ਵਿਸ਼ਾਲ ਨਗਰ ਕੀਰਤਨ ਕੱਢਿਆ ਜਾ ਰਿਹਾ ਹੈ ਤੇ ਸ਼ਹਿਰ ਦੇ ਟਰੈਫਿਕ ਦੇ ਕਈ ਰੂਟ ਬਦਲੇ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਇਸ ਦਿਨ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਨਗਰ ਨਿਗਮ ਦੀ ਹੱਦ ਅੰਦਰ ਆਉਂਦੇ ਸਾਰੇ ਸਰਕਾਰੀ ਅਤੇ ਗੈਰ ਸਰਕਾਰੀ ਸਕੂਲਾਂ, ਕਾਲਜਾਂ(ਸਮੇਤ ਸਟਾਫ਼) ਵਿੱਚ 21 ਨਵੰਬਰ 2026 ਨੂੰ ਦੁਪਹਿਰ 12 ਵਜੇ ਤੋਂ ਬਾਅਦ ਅੱਧੇ ਦਿਨ ਦੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।

ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ 24 ਨੂੰ ਪਹਿਲੇ ਪੱਧਰ ਦੀ ਜਾਂਚ ਤੋਂ ਇੱਕ ਦਿਨ ਦੀ ਛੋਟ ਹੋਵੇਗੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ-2027 ਨੂੰ ਸੁਤੰਤਰ, ਨਿਰਪੱਖ, ਪਾਰਦਰਸ਼ੀ ਅਤੇ ਭਰੋਸੇਯੋਗ ਢੰਗ ਨਾਲ ਨੇਪਰੇ ਚਾੜ੍ਹਨ ਲਈ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟੇਲ ਦੀ ਪਹਿਲੀ ਪੱਧਰੀ ਜਾਂਚ ਦੀ ਪ੍ਰਕਿਰਿਆ 12 ਨਵੰਬਰ ਤੋਂ ਸ਼ੁਰੂ ਹੋ ਚੁੱਕੀ ਹੈ, ਜੋ ਲਗਾਤਾਰ ਜਾਰੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟੇਲ ਦੀ ਪਹਿਲੀ ਪੱਧਰੀ ਜਾਂਚ ਦੀ ਪ੍ਰਕਿਰਿਆ ਚੱਲ ਰਹੀ ਹੈ।ਦਫਤਰ, ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ 24 ਨਵੰਬਰ ਨੂੰ ਪਹਿਲੇ ਪੱਧਰ ਦੀ ਜਾਂਚ ਤੋਂ ਇੱਕ ਦਿਨ ਦੀ ਛੋਟ ਦਿੱਤੀ ਗਈ ਹੈ।ਦੱਸਣਯੋਗ ਹੈ ਕਿ ਜ਼ਿਲ੍ਹੇ ਵਿੱਚ ਐਫ ਐਲ ਸੀ ਹਾਲ, ਈ ਵੀ ਐਮ ਵੇਅਰਹਾਊਸ, ਘੁੱਲਾ, ਜ਼ੇਲ੍ਹ ਰੋਡ, ਗੁਰਦਾਸਪੁਰ ਵਿਖੇ ਇਹ ਪਹਿਲੀ ਪੱਧਰੀ ਜਾਂਚ ਪ੍ਰਕਿਰਿਆ ਰੋਜ਼ਾਨਾ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਜਾਰੀ ਰਹਿੰਦੀ ਹੈ। ਇਸ ਸਮੁੱਚੀ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਆਪਣੀ ਮੌਜੂਦਗੀ ਵਿੱਚ ਮਸ਼ੀਨਾਂ ਦੀ ਜਾਂਚ ਦੀ ਸਮੁੱਚੀ ਪ੍ਰਕਿਰਿਆ ਨੂੰ ਦੇਖ ਸਕਦੇ ਹਨ।

ਭਗਤ ਨਾਮਦੇਵ ਦੇ ਜਨਮ ਦਿਨ ਸੰਬੰਧੀ ਸੂਬਾ ਪੱਧਰੀ ਸਮਾਗਮ 22 ਨੂੰ

ਜਲੰਧਰ (ਸ਼ੈਲੀ ਐਲਬਰਟ) ਸ਼੍ਰੋਮਣੀ ਭਗਤ ਨਾਮਦੇਵ ਜੀ ਦਾ ਸੂਬਾ ਪੱਧਰੀ 756ਵਾਂ ਜਨਮ ਦਿਨ ਏਥੇ ਮਾਡਲ ਹਾਊਸ ਸਥਿਤ ਸੰਤ ਨਾਮਦੇਵ ਭਵਨ ਵਿਖੇ 22 ਨਵੰਬਰ ਦਿਨ ਐਤਵਾਰ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਟਾਂਕ ਕਸ਼ੱਤਰੀ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਮਨੋਹਰ ਲਾਲ ਨੇ ਸਮਾਗਮ ਬਾਰੇ ਦੱਸਿਆ ਕਿ ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਹੇਠ ਭਾਈ ਅਮਰਜੀਤ ਸਿੰਘ ਮਹਿਤਾਬ ਦਿੱਲੀ ਵਾਲੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ਜਦਕਿ ਮਹਾਂ ਮੰਡਲੇਸ਼ਵਰ ਸ਼ਵਾਮੀ ਸ਼ਾਂਤਾ ਨੰਦ ਜੀ ਕਥਾ ਰਾਹੀਂ ਭਗਤ ਨਾਮਦੇਵ ਜੀ ਦੇ ਉਪਦੇਸ਼ਾਂ ਤੋਂ ਸੰਗਤ ਨੂੰ ਜਾਣੂੰ ਕਰਵਾਉਣਗੇ।ਡਾ. ਮਿਹਰਬਾਨ ਸਿੰਘ ਭਗਤ ਦੇ ਜੀਵਨ ਅਤੇ ਉਨ੍ਹਾਂ ਦੀ ਬਾਣੀ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ।ਉਨ੍ਹਾਂ ਦਸਿਆ ਕਿ ਇਸ ਮੌਕੇ ਲੋੜਵੰਦ ਔਰਤਾਂ ਨੂੰ ਮਸ਼ੀਨਾਂ ਵੀ ਦਿੱਤੀਆਂ ਜਾਂਦੀਆਂ ਹਨ ਅਤੇ ਪੜ੍ਹਨ 'ਚ ਲਾਇਕ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ । ਉਮਰ ਦੇ ਅੱਠ ਦਹਾਕੇ ਪਾਰ ਕ

ਤਿੰਨ ਕਾਰ ਸਵਾਰ ਨਸ਼ੀਲੇ ਪਦਾਰਥਾਂ ਸਮੇਤ ਕਾਬੂ



ਢਿੱਲਵਾਂ /ਸੁਭਾਨਪੁਰ (ਪਲਵਿੰਦਰ ਸਿੰਘ ਜੈ ਰਾਮ ਪੁਰ) : ਢਿਲਵਾਂ ਪੁਲਸ ਨੇ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਮੁਹਿੰਮ ਤਹਿਤ ਤਿੰਨ ਕਾਰ ਸਵਾਰਾਂ ਨੂੰ ਨਸ਼ੀਲੇ ਪਦਾਰਥਾਂ (ਆਈਸ) ਸਮੇਤ ਗ੍ਰਿਫ਼ਤਾਰ ਕੀਤਾ ਹੈ।ਥਾਣਾ ਮੁਖੀ ਢਿਲਵਾਂ ਜਸਦੀਪ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਰਛਪਾਲ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ 'ਤੇ ਹਾਈ-ਟੈਕ ਨਾਕਾ ਢਿਲਵਾਂ ਵਿਖੇ ਮੌਜੂਦ ਸੀ।

ਵਾਹਨਾਂ ਦੀ ਜਾਂਚ ਦੌਰਾਨ ਅੰਮ੍ਰਿਤਸਰ ਤੋਂ ਆ ਰਹੀ ਇੱਕ ਕਾਰ ਵਿੱਚ ਜਾ ਰਹੇ ਤਿੰਨ ਨੌਜਵਾਨਾਂ ਨੂੰ ਚੈਕਿੰਗ ਲਈ ਰੋਕਿਆ ਗਿਆ।ਗੱਡੀ ਦੀ ਤਲਾਸ਼ੀ ਦੌਰਾਨ ਐਨਕਾਂ ਵਾਲੇ ਡੱਬੇ ਵਿੱਚੋਂ ਇੱਕ ਭਾਰੀ ਲਿਫਾਫਾ ਮਿਲਿਆ। ਪੁੱਛਗਿੱਛ ਕਰਨ 'ਤੇ ਸਵਾਰਾਂ ਨੇ ਮੰਨਿਆ ਕਿ ਲਿਫਾਫੇ ਵਿੱਚ ਨਸ਼ੀਲਾ ਪਦਾਰਥ ਸੀ।ਜਾਂਚ ਦੌਰਾਨ ਲਿਫਾਫੇ ਵਿੱਚੋਂ 50 ਗ੍ਰਾਮ ਨਸ਼ੀਲਾ ਪਦਾਰਥ (ਆਈਸ) ਬਰਾਮਦ ਕੀਤਾ ਗਿਆ।

ਦੋਸ਼ੀਆਂ ਦੀ ਪਛਾਣ ਬੋਨੀ ਕੁਮਾਰ ਮਹੇ ਪੁੱਤਰ ਸੁਨੀਲ ਕੁਮਾਰ, ਵਾਸੀ ਪੁਤਲੀਘਰ, ਥਾਣਾ ਸਦਰ, ਅੰਮ੍ਰਿਤਸਰ; ਜੋਬਨਪ੍ਰੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ, ਵਾਸੀ ਇਬਰਾਹਿਮਪੁਰਾ, ਥਾਣਾ ਅਜਨਾਲਾ, ਅੰਮ੍ਰਿਤਸਰ ਅਤੇ ਸਹਿਜਪਾਲ ਸਿੰਘ ਪੁੱਤਰ ਸੁਰਿੰਦਰ ਪਾਲ ਸਿੰਘ, ਵਾਸੀ ਨੰਗਲੀ ਭੱਠਾ, ਥਾਣਾ ਮਜੀਠਾ ਰੋਡ, ਅੰਮ੍ਰਿਤਸਰ ਵਜੋਂ ਹੋਈ ਹੈ। ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਵਿਰੁੱਧ ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਢਿਲਵਾਂ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਜਾਰੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਕਰਾਉਣ ਸੰਬੰਧੀ 20 ਨੂੰ ਪਾਰਲੀਮੈਂਟ ਵੱਲ ਮਾਰਚ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ) ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਖੋਲਣ ਵਾਸਤੇ ਸਾਰਾ ਸਿੱਖ



ਜਗਤ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਕਾਫੀ ਲੰਬੇ ਸਮੇਂ ਤੋਂ ਇਸ ਦੀ ਮੰਗ ਕਰ ਰਹੀ ਹੈ। ਜਦੋਂ ਗੁਰਦੁਆਰਾ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲਿਆ ਸੀ ਤੇ ਉਸ ਸਮੇਂ 2019 ਦੇ ਵਿੱਚ ਇੱਕ ਇਤਿਹਾਸਿਕ ਫੈਸਲਾ ਆਪਣੀ ਸਰਕਾਰ ਅਤੇ ਪਾਕਿਸਤਾਨੀ ਸਰਕਾਰ ਵੱਲੋਂ ਲਿਆ ਗਿਆ ਸੀ। ਲਾਂਘੇ ਦੇ ਖੁੱਲਣ ਦੇ ਨਾਲ ਦੋਵੇਂ ਦੇਸ਼ਾਂ ਦੇ ਦਰਮਿਆਨ ਸਦਭਾਵਨਾ ਅਤੇ ਸਾਂਝ ਦੇ ਨਾਲ ਲੋਕਾਂ ਦਾ ਆਪਸੀ ਮਿਲ ਵਰਤਣ ਬਹੁਤ ਮਜਬੂਤ ਹੋਇਆ ਸੀ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਅਤੇ ਵਡਾਲਾ ਸਾਹਿਬ ਦੀ ਸੰਸਥਾ ਦੇ ਸਾਥੀਆਂ ਵੱਲੋਂ ਬੜੇ ਲੰਬੇ ਸਮੇਂ ਤੋਂ ਇਹ ਮੰਗ ਕਰਦੇ ਆ ਰਹੇ ਹਾਂ ਕਿ ਗੁਰਦੁਆਰਾ ਕਰਤਾਰਪੁਰ ਸਾਹਿਬ ਦਾ ਲਾਂਘਾ ਬਿਨਾਂ ਦੇਰੀ ਤੋਂ ਖੋਲਣਾ ਚਾਹੀਦਾ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ 20 ਨਵੰਬਰ 2026 ਨੂੰ ਦਿੱਲੀ ਵਿੱਚ ਜਾ ਕੇ ਗੁਰਦੁਆਰਾ ਰਕਾਬਗੰਜ ਸਾਹਿਬ ਤੋਂ ਦੇਸ਼ ਦੀ ਪਾਰਲੀਮੈਂਟ ਤੱਕ ਮਾਰਚ ਕੱਢਿਆ ਜਾਣਾ ਹੈ ਜਿਸ ਵਿੱਚ ਬੜੇ ਲੰਬੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਹੀਂ ਹੋਈਆਂ ਉਹ ਸੰਬੰਧ ਵਿੱਚ ਕੇਂਦਰ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਜਾਣੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦਾ ਐਲਾਨ ਫੌਰੀ ਤੌਰ 'ਤੇ ਕੀਤਾ ਜਾਵੇ। ਇਸ ਦੇ ਨਾਲ ਅਸੀਂ ਪੰਥਕ ਮਸਲਿਆਂ ਨੂੰ ਲੈ ਕੇ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਖੋਲ੍ਹਣ ਦੀ ਵੀ ਮੰਗ ਕਰਾਂਗੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਵੀ ਕੇਂਦਰ ਸਰਕਾਰ 'ਤੇ ਜ਼ੋਰ ਪਾਇਆ ਜਾਵੇਗਾ।

ਇਸ ਮੌਕੇ ਸਰਵਣ ਸਿੰਘ ਫਿਲੌਰ, ਬੀਬੀ ਹਰਜੀਤ ਕੌਰ, ਜਰਨੈਲ ਸਿੰਘ ਗੜਦੀਵਾਲ, ਸੁਖਵੰਤ ਸਿੰਘ ਰੌਲੀ, ਅਮਰਜੀਤ ਸਿੰਘ ਕਿਸ਼ਨਪੁਰਾ, ਭਗਵੰਤ ਸਿੰਘ ਫਤਿਹ ਜਲਾਲ, ਸੁਰਤੇਜ ਸਿੰਘ ਬਾਸੀ ਤੋਂ ਇਲਾਵਾ ਅਹੁਦੇਦਾਰ ਸਾਹਿਬਾਨ ਅਤੇ ਵਰਕਰ ਹਾਜ਼ਰ ਸਨ।

ਡੇਢ ਕਰੋੜ ਰੁਪਏ ਨਾਲ ਉਸਾਰਿਆ ਕਮਿਊਨਿਟੀ ਹਾਲ, ਪਖਾਨੇ ਬਣਾਉਣੇ ਭੁੱਲਿਆ ਪ੍ਰਸ਼ਾਸਨ

ਡੇਰਾਬੱਸੀ, (ਵਿਨੈ ਕੁਮਾਰ ਜੈਨ) ਡੇਰਾਬੱਸੀ ਦੇ ਪਿੰਡ ਈਸਾਪੁਰ ਵਿਖੇ ਕਰੀਬ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਸ਼ਾਨਦਾਰ ਕਮਿਊਨਿਟੀ ਹਾਲ ਵਿੱਚ ਪਖਾਨਿਆਂ ਅਤੇ ਇਸ਼ਨਾਨਘਰਾਂ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਪ੍ਰਬੰਧ ਨਾ ਹੋਣਾ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕਰ ਰਿਹਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਮਾਰਤ ਦਾ ਉਦਘਾਟਨ ਵੀ ਕਰ ਦਿੱਤਾ ਗਿਆ ਅਤੇ ਇੱਥੇ ਵਿਆਹ ਸਮਾਗਮ ਵੀ ਹੋਣੇ ਸ਼ੁਰੂ ਹੋ ਗਏ ਹਨ, ਪਰ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਵੱਲ ਧਿਆਨ ਨਹੀਂ ਦਿੱਤਾ ਗਿਆ।ਵਿਆਹਾਂ ਦੇ ਚੱਲ ਰਹੇ ਸੀਜ਼ਨ ਦੌਰਾਨ ਪਖਾਨਿਆਂ ਦੀ ਘਾਟ ਕਾਰਨ ਸਮਾਗਮਾਂ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ।

ਸਭ ਤੋਂ ਵੱਧ ਮੁਸ਼ਕਿਲ ਔਰਤਾਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਪੇਸ਼ ਆ ਰਹੀ ਹੈ। ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਐਨੀ ਵੱਡੀ ਰਕਮ ਖ਼ਰਚ ਕਰਕੇ ਪਿੰਡ ਨੂੰ ਕਮਿਊਨਿਟੀ ਹਾਲ ਦੀ ਸੌਗਾਤ ਦੇਣਾ ਬੇਸ਼ੱਕ ਸ਼ਲਾਘਾਯੋਗ ਉਪਰਾਲਾ ਹੈ, ਪਰ ਬੁਨਿਆਦੀ ਸਹੂਲਤਾਂ ਤੋਂ ਸੱਖਣੀ ਇਮਾਰਤ ਲੋਕਾਂ ਲਈ ਪੂਰੀ ਤਰ੍ਹਾਂ ਲਾਹੇਵੰਦ ਕਿਵੇਂ ਸਾਬਤ ਹੋ ਸਕਦੀ ਹੈ? ਇਮਾਰਤ ਵਿੱਚ ਪਖਾਨਿਆਂ ਤੋਂ ਇਲਾਵਾ ਰਸੋਈ ਅਤੇ ਸਾਮਾਨ ਰੱਖਣ ਲਈ ਸਟੋਰ ਦੀ ਵੀ ਘਾਟ ਹੈ। ਵੱਡਾ ਸਵਾਲ ਇਹ ਹੈ ਕਿ ਜੇਕਰ ਇਹ ਸਹੂਲਤਾਂ ਪਹਿਲਾਂ ਹੀ ਪ੍ਰਾਜੈਕਟ ਦਾ ਹਿੱਸਾ ਸਨ ਤਾਂ ਇਨ੍ਹਾਂ ਦਾ ਨਿਰਮਾਣ ਮੁਕੰਮਲ ਹੋਣ ਤੋਂ ਪਹਿਲਾਂ ਉਦਘਾਟਨ ਕਰਨ ਦੀ ਕੀ ਕਾਹਲ ਸੀ? ਪਿੰਡ ਵਾਸੀਆਂ ਨੇ ਨਗਰ ਕੌਂਸਲ ਅਤੇ ਹਲਕਾ ਵਿਧਾਇਕ ਤੋਂ ਮੰਗ ਕੀਤੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਧਿਆਨ ਵਿੱਚ ਰੱਖਦਿਆਂ ਬਾਕੀ ਰਹਿੰਦੇ ਨਿਰਮਾਣ ਕਾਰਜ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਵਾਏ ਜਾਣ।



ਇਸ ਸਬੰਧੀ ਨਗਰ ਕੌਂਸਲ ਦੀ ਪ੍ਰਧਾਨ ਆਸ਼ੂ ਉਪਨੇਜਾ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਦੱਸਿਆ ਕਿ ਪਖਾਨਿਆਂ ਅਤੇ ਰਸੋਈ ਦੀ ਉਸਾਰੀ ਪਹਿਲਾਂ ਹੀ ਪ੍ਰਾਜੈਕਟ ਵਿੱਚ ਸ਼ਾਮਲ ਹੈ। ਉਨ੍ਹਾਂ ਇਸ ਸਬੰਧੀ ਠੇਕੇਦਾਰ ਨਾਲ ਗੱਲਬਾਤ ਕੀਤੀ ਹੈ ਅਤੇ ਭਰੋਸਾ ਦਿੱਤਾ ਕਿ ਆਉਂਦੇ ਇਕ-ਦੋ ਦਿਨਾਂ ਅੰਦਰ ਬਾਕੀ ਰਹਿੰਦਾ ਨਿਰਮਾਣ ਕਾਰਜ ਸ਼ੁਰੂ ਕਰਵਾ ਦਿੱਤਾ ਜਾਵੇਗਾ।

ਜਨਮ ਦਿਨ ਮੁਬਾਰਕ



ਦੇਵਾਂਸ਼ੀ ਜਿੰਦਲ
ਸੁਨਾਮ ਊਧਮ ਸਿੰਘ ਵਾਲਾ

ਵਰ੍ਹੇਗੰਢ ਮੁਬਾਰਕ



ਤਰੁਣ ਕਪੂਰ ਅਤੇ ਪਲਕ ਕਪੂਰ ਵਾਸੀ ਪੱਟੀ ਨੇ ਵਿਆਹ ਦੀ 14ਵੀਂ ਵਰ੍ਹੇਗੰਢ ਮਨਾਈ।

16ਵਾਂ ਸੰਤ ਸੰਮੇਲਨ 21 ਨੂੰ



ਆਦਮਪੁਰ (ਪਰਮਜੀਤ ਸਿੰਘ) ਰਵਿਦਾਸੀਆ ਧਰਮ ਪ੍ਰਚਾਰ ਕਮੇਟੀ (ਰਜਿ) ਪੰਜਾਬ ਬਲਾਕ ਆਦਮਪੁਰ ਦੋਆਬਾ ਅਤੇ ਸਮੂਹ ਇਲਾਕਾ ਨਿਵਾਸੀ ਸੰਗਤ ਵਲੋਂ ਰਵਿਦਾਸੀਆ ਕੌਮ ਨੂੰ ਸਮਰਪਿਤ 16ਵਾਂ ਮਹਾਨ ਸੰਤ ਸੰਮੇਲਨ 21 ਨਵੰਬਰ ਦਿਨ ਸ਼ਨੀਵਾਰ ਨੂੰ ਦਾਣਾ ਮੰਡੀ, ਆਦਮਪੁਰ ਦੋਆਬਾ ਵਿਖੇ ਬਲਾਕ ਪੱਧਰ ਤੇ ਮਨਾਇਆ ਜਾ ਰਿਹਾ ਹੈ।ਇਹ ਸਮਾਗਮ ਸ਼੍ਰੀ 108 ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਦੇ ਗੁਰੂ ਗੱਦੀ ਤੇ ਬਿਰਾਜਮਾਨ ਪਦਮਸ਼੍ਰੀ ਸ਼੍ਰੀ 108 ਸੰਤ ਨਿਰੰਜਣ ਜੀ ਮਹਾਰਾਜ ਡੇਰਾ ਸੱਚਖੰਡ ਬੱਲਾਂ ਦੀ ਅਗਵਾਈ ਹੇਠ ਕਰਵਾਇਆ ਜਾਂ ਰਿਹਾ ਹੈ।ਜਿਸ ਵਿੱਚ ਸੰਤ ਮਹਾਂਰਪੁਰਸ਼, ਸਾਧੂ ਸਮਾਜ ਮਿਸ਼ਨਰੀ ਗਾਇਕ ਰਾਗੀ ਜਥੇ ਅਤੇ ਉੱਘੇ ਪ੍ਰਚਾਰਕ ਅਨਮੋਲ ਪ੍ਰਵਚਨ ਕਰਨਗੇ।ਇਸ ਸਮਾਗਮ ਸਬੰਧੀ ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਵਾਸਤੇ ਤਿਆਰੀਆਂ ਮੁਕੰਮਲ ਕਰ ਦਿੱਤੀਆਂ ਗਈਆਂ ਹਨ ਅਤੇ ਸਮਾਗਮ ਨੂੰ ਸਹੀ ਢੰਗ ਨਾਲ ਨੇਪੜੇ ਚਾੜਨ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ।ਇਸ ਮੌਕੇ ਸੁਰਿੰਦਰ ਕੁਮਾਰ ਖੁਰਦਪੁਰ, ਸੁਰਿੰਦਰ ਬੱਧਣ, ਹੰਸਰਾਜ ਐਮ ਈ ਐਸ, ਲੱਛਮਣ ਦਾਸ, ਮਨਜੀਤ ਸਿੰਘ ਨੈਸ਼ਨਲ, ਪਰਮਜੀਤ ਕਠਾਰ, ਸੁਰੇਸ਼ ਭਾਟੀਆ, ਪੰਪਾ ਆਦਮਪੁਰ, ਸੋਹਣਜੀਤ ਹਰੀਪੁਰ ਤੇ ਹੋਰ ਸੇਵਾਦਾਰ ਹਾਜਰ ਸਨ।

ਖੰਡ ਮਿੱਲ ਨਵਾਂਸ਼ਹਿਰ ਚਲਾਉਣ ਦੀ ਮੰਗ ਨੂੰ ਲੈ ਕੇ 27 ਨੂੰ ਸੜਕ ਜਾਮ ਕਰਨਗੀਆਂ ਜਥੇਬੰਦੀਆਂ

ਬੰਗਾ (ਅਵਤਾਰ ਕਲੇਰ) ਸਰਕਾਰ ਅਤੇ ਪ੍ਰਸ਼ਾਸਨ ਦੇ ਝੂਠੇ ਲਾਰਿਆਂ ਤੋਂ ਅੱਕੇ ਗੰਨਾਂ ਉਤਪਾਦਕ ਮਿੱਲ ਨੂੰ ਬਿਜਲੀ ਕੁਨੈਕਸ਼ਨ ਦੇਣ ਦੀ ਮੰਗ ਨੂੰ ਲੈਕੇ 27 ਨਵੰਬਰ ਨੂੰ ਕਿਸਾਨ ਜਥੇਬੰਦੀਆਂ ਦੀ ਅਗਵਾਈ ਵਿਚ ਲੰਗੜੋਆ ਬਾਈਪਾਸ 'ਤੇ ਅਣਮਿੱਥੇ ਸਮੇਂ ਲਈ ਧਰਨਾ ਲਾਉਣਗੇ।ਇਸ ਸੰਬੰਧੀ ਸਹਿਕਾਰੀ ਖੰਡ ਮਿੱਲ ਵਿਚ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਹੋਈ ਜਿਸ ਵਿੱਚ ਕਿਸਾਨ, ਮਜਦੂਰ ਅਤੇ ਖੰਡ ਮਿੱਲ ਦੀਆਂ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ, ਸੂਬਾ ਵਿੱਤ ਸਕੱਤਰ ਹਰਮੇਸ਼ ਸਿੰਘ ਢੇਸੀ, ਸੰਤੋਖ ਸਿੰਘ ਜ਼ਿਲ੍ਹਾ ਪ੍ਰਧਾਨ ਬੀ ਕੇ ਯੂ (ਰਾਜੇਵਾਲ), ਨਿਰਮਲ ਸਿੰਘ ਔਜਲਾ ਜ਼ਿਲ੍ਹਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਗੁਰਿੰਦਰ ਲਾਲ, ਜਸਵਿੰਦਰ ਲਾਲ, ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਦੋਣਕਾ, ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਪੇਂਡੂ ਮਜਦੂਰ ਯੂਨੀਅਨ ਦੇ ਸੂਬਾ ਆਗੂ ਕਮਲਜੀਤ ਸਨਾਵਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਮਿੱਲ ਵਿਚ ਇੱਕ ਨਿੱਜੀ ਕੰਪਨੀ ਦਾ ਪਾਵਰ ਪਲਾਂਟ ਲੱਗਾ ਸੀ ਜਿਸ ਦਾ ਮਿੱਲ ਦੇ ਨਾਲ ਸਾਲ 2025 ਵਿਚ ਕਰਾਰ ਖ਼ਤਮ ਹੋ ਗਿਆ।ਪਹਿਲਾਂ ਇਹ ਪਾਵਰ ਪਲਾਂਟ ਬਿਜਲੀ ਪੈਦਾ ਕਰਕੇ ਮਿੱਲ ਨੂੰ ਦਿੰਦਾ ਸੀ ਜਿਸ ਦੇ ਨਾਲ ਇਹ ਮਿੱਲ ਗੰਨਾਂ ਸੀਜ਼ਨ ਵਿਚ ਕਰੀਬ 32 ਲੱਖ ਕੁਇੰਟਲ ਗੰਨੇ ਦੀ ਪਿੜਾਈ ਕਰ ਦਿੰਦੀ ਸੀ ਪਰ ਪਿਛਲੇ ਸੀਜ਼ਨ ਵਿਚ ਇਸ ਮਿੱਲ ਨੇ ਪਾਵਰ ਕੱਮ ਤੋਂ ਬਿਜਲੀ ਲਈ ਪਰ ਇਹ



ਬਿਜਲੀ ਲੋੜੀਂਦੀ ਪਾਵਰ ਤੋਂ ਘਾਟ ਸੀ ਜਿਸ ਕਾਰਨ ਪਿਛਲੇ ਸੀਜ਼ਨ ਵਿਚ ਇਹ ਮਿੱਲ ਸਿਰਫ 22 ਲੱਖ ਕੁਇੰਟਲ ਗੰਨਾ ਹੀ ਪੀੜ ਸਕੀ ਜਿਸ ਨਾਲ ਮਿਲ ਨੂੰ ਵੀ ਅਤੇ ਕਿਸਾਨਾਂ ਨੂੰ ਵੀ ਵੱਡਾ ਘਾਟਾ ਸਹਿਣ ਪਿਆ।

ਉਹਨਾਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਕਰੀਬ ਪਿਛਲੇ ਡੇਢ ਮਹੀਨੇ ਤੋਂ ਗੰਨਾਂ ਉਤਪਾਦਕਾਂ ਨੂੰ ਕੋਈ ਨਿਆਂ ਨਹੀਂ ਦੇ ਰਿਹਾ ਜਿਸ ਤੋਂ ਅੱਕ ਕੇ ਕਿਸਾਨ ਜਥੇਬੰਦੀਆਂ 27 ਨਵੰਬਰ ਨੂੰ ਅਣਮਿੱਥੇ ਸਮੇਂ ਲਈ ਸੜਕ ਜਾਮ ਕਰ ਰਹੀਆਂ ਹਨ। ਮਿੱਲ ਮੁਲਾਜ਼ਮ ਯੂਨੀਅਨ ਦੇ ਆਗੂ ਅਮਰਜੀਤ ਕਰਨਾਣਾ ਨੇ ਕਿਹਾ ਕਿ ਉਹਨਾਂ ਦੀ ਯੂਨੀਅਨ ਇਸ ਜਾਮ ਨੂੰ ਸਫਲ ਕਰਨ ਲਈ ਦਿਨ ਰਾਤ ਇੱਕ ਕਰ ਦੇਵੇਗੀ।

ਕੋਕਾ-ਕੋਲਾ ਖ਼ਿਲਾਫ਼ ਪ੍ਰਦਰਸ਼ਨ ਕਰਨਗੇ ਠਾਕੁਰ ਵੀਰ ਪ੍ਰਤਾਪ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)- ਪੰਜਾਬ ਦੇ ਲਗਾਤਾਰ ਡਿੱਗ ਰਹੇ ਧਰਤੀ ਹੇਠਲੇ ਪਾਣੀ ਦੇ ਪੱਧਰ ਅਤੇ ਕੁਦਰਤੀ ਜਲ ਸਰੋਤਾਂ ਦੀ ਸੰਭਾਲ ਲਈ ਆਵਾਜ਼ ਉਠਾ ਰਹੇ ਸਮਾਜਿਕ ਅਤੇ ਵਾਤਾਵਰਣ ਪ੍ਰੇਮੀ ਪੀ ਕੇ ਰਾਣਾ ਉਰਫ਼ ਠਾਕੁਰ ਵੀਰ ਪ੍ਰਤਾਪ ਨੇ ਕੋਕਾ-ਕੋਲਾ ਖ਼ਿਲਾਫ਼ ਅੰਦੋਲਨ ਨੂੰ ਕੌਮੀ ਪੱਧਰ 'ਤੇ ਲਿਜਾਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਅਤੇ ਉਦਯੋਗਾਂ ਵੱਲੋਂ ਪਾਣੀ ਦੀ ਵਰਤੋਂ ਦਾ ਮੁੱਦਾ ਦੇਸ਼ ਭਰ ਵਿੱਚ ਉਠਾਉਣ ਲਈ ਮੁੰਬਈ ਸਥਿਤ ਬੰਬੇ ਸਟਾਕ ਐਕਸਚੇਂਜ ਦੇ ਬਾਹਰ ਕੋਕਾ-ਕੋਲਾ ਖ਼ਿਲਾਫ਼ ਪ੍ਰਦਰਸ਼ਨ ਕੀਤਾ ਜਾਵੇਗਾ। ਠਾਕੁਰ ਵੀਰ ਪ੍ਰਤਾਪ ਨੇ ਕਿਹਾ ਕਿ ਪੰਜਾਬ ਦਾ ਧਰਤੀ ਹੇਠਲਾ ਪਾਣੀ ਸਿਰਫ਼ ਮੌਜੂਦਾ ਪੀੜ੍ਹੀ ਦੀ ਸੰਪਤੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੀ ਅਨਮੋਲ ਵਿਰਾਸਤ ਹੈ। ਲਗਾਤਾਰ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਦੇਖਦਿਆਂ ਇਸ ਗੰਭੀਰ ਮਸਲੇ 'ਤੇ ਲੋਕ ਜਾਗਰੂਕਤਾ ਅਤੇ ਸਾਂਝੇ ਸੰਘਰਸ਼ ਦੀ ਲੋੜ ਹੈ। ਪਾਣੀ ਦੀ ਸੰਭਾਲ ਦੀ ਜ਼ਿੰਮੇਵਾਰੀ ਸਿਰਫ਼ ਕਿਸਾਨਾਂ 'ਤੇ ਨਹੀਂ ਪਾਈ ਜਾ ਸਕਦੀ, ਸਗੋਂ ਉਦਯੋਗਾਂ ਅਤੇ ਵੱਡੇ ਪੱਧਰ 'ਤੇ ਪਾਣੀ ਦੀ ਵਰਤੋਂ ਕਰਨ ਵਾਲਿਆਂ ਦੀ ਜਵਾਬਦੇਹੀ ਵੀ ਤੈਅ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਮੁੰਬਈ ਵਿੱਚ ਹੋਣ ਵਾਲੇ ਇਸ ਪ੍ਰਸਤਾਵਿਤ ਪ੍ਰਦਰਸ਼ਨ ਦੀ ਤਾਰੀਖ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਅਤੇ ਵਾਤਾਵਰਣ ਪ੍ਰੇਮੀਆਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਜਲਦੀ ਹੀ ਤੈਅ ਕੀਤੀ ਜਾਵੇਗੀ। ਇਸ ਅੰਦੋਲਨ ਵਿੱਚ ਵੱਧ ਤੋਂ ਵੱਧ ਕਿਸਾਨ ਜਥੇਬੰਦੀਆਂ, ਸਮਾਜਿਕ ਸੰਸਥਾਵਾਂ ਅਤੇ ਵਾਤਾਵਰਣ ਦੀ ਸੰਭਾਲ ਨਾਲ ਜੁੜੇ ਲੋਕਾਂ ਨੂੰ ਸ਼ਾਮਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾਂ ਮੰਗ ਕੀਤੀ ਕਿ ਕੋਕਾ-ਕੋਲਾ ਵਰਗੀਆਂ ਕੰਪਨੀਆਂ ਵੱਲੋਂ ਧਰਤੀ